ਖ਼ੂਨਦਾਨ ਮਹਾਂਦਾਨ
ਸ਼੍ਰੀ ਹਰਿਕ੍ਰਿਸ਼ਨ ਚੈਰੀਟੇਬਲ ਸੁਸਾਇਟੀ
SHKCSP
ਮਨੁੱਖਤਾ ਦੀ ਸੇਵਾ ਲਈ
ਹਰ ਪਲ, ਹਰ ਘੜੀ, ਹਰ ਕਦਮ
ਆਪ ਜੀ ਦੀ ਸੇਵਾ ਵਿੱਚ
ਲੋੜਵੰਦ ਪਰਿਵਾਰਾਂ ਲਈ ਮਹੀਨਾਵਾਰ ਰਾਸ਼ਨ
Email : shkcsp@gmail.com www.shkcsp.com
M. : 98761-36031, 98552-21430, 98143-28141, 98557-32101


# ਦੇਸੀ ਪੰਜਾਬ

ਪੰਜਾਬੀਅਤ ਦਾ ਪਹਿਰੇਦਾਰ

Desi Punjab Patiala Approved By : DAVP / D.E.PAPER ਪਟਿਆਲਾ ਤੋਂ ਪ੍ਰਕਾਸ਼ਿਤ

RNI : PUNPUN/2021/80887 www.desipunjab.in DESI PUNJAB APRIL Email : desipunjabchannel@gmail.com

ਮੁੱਖ ਸੰਪਾਦਕ : ਨਵਤੇਜ ਸਿੰਘ ਮੋ. : 97800-66060 ਸੰਪਾਦਕ : ਹਰਪ੍ਰੀਤ ਸਿੰਘ ਮਾਹੀ 9876297268 ਫੋਨ : 0175-7962519





## ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਖ਼ਾਲਸਾ ਸਾਜਣਾ ਦਿਵਸ ਦੀ ਦਿੱਤੀ ਵਧਾਈ

Desi Punjab www.desipunjab.in

ਨਵੀਂ ਦਿੱਲੀ, 13 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਖ਼ਾਲਸਾ ਸਾਜਣਾ ਦਿਵਸ ਦੇ ਇਤਿਹਾਸਕ ਮੌਕੇ ’ਤੇ ਸੰਗਤ ਨੂੰ ਵਧਾਈ ਦਿੰਦਿਆਂ ਬਾਣੀ ਅਤੇ ਬਾਣੇ ਨਾਲ ਜੁੜਨ ਦੀ ਪ੍ਰੇਰਣਾ ਕੀਤੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸੰਨ 1699 ਦੀ ਵਿਸਾਖੀ ਵਾਲੇ ਦਿਨ ਸ੍ਰੀ ਅਨੰਦਪੁਰ ਸਾਹਿਬ ਵਿਖੇ ਖ਼ਾਲਸੇ ਦੀ ਸਿਰਜਣਾ ਕਰਕੇ ਸਿੱਖ ਕੌਮ ਨੂੰ ਨਵੀਂ ਪਛਾਣ ਦਿੱਤੀ ਅਤੇ ਸਵੈਮਾਣ ਨਾਲ ਜੀਣ ਦਾ ਰਾਹ ਦਿਖਾਇਆ। ਦੁਨੀਆਂ ਅੰਦਰ ਵੱਡੀ ਮਹੱਤਤਾ ਰੱਖਦਾ ਸਿੱਖ ਇਤਿਹਾਸ ਦਾ ਇਹ ਪੰਨਾ ਕੌਮ ਨੂੰ ਹਮੇਸ਼ਾ ਹੱਕ ਸੱਚ ਦੀ ਅਵਾਜ਼ ਬਣਨ ਅਤੇ ਅਸੂਲਾਂ ’ਤੇ ਡਟੇ ਰਹਿਣ ਦੀ ਪ੍ਰੇਰਣਾ ਦਿੱਤਾ ਹੈ। ਐਡਵੋਕੇਟ ਧਾਮੀ ਨੇ ਸਿੱਖ ਕੌਮ ਨੂੰ ਆਪਣੇ ਇਸ ਇਤਿਹਾਸਕ ਦਿਹਾੜੇ ’ਤੇ ਗੁਰੂ ਸਾਹਿਬ ਵੱਲੋਂ ਦਰਸਾਈ ਜੀਵਨ ਜਾਚ ਨਾਲ ਜੁੜ ਕੇ ਕੌਮੀ ਹਿੱਤਾਂ ਦੀ ਪਹਿਰੇਦਾਰੀ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪੂਰੇ ਵਿਸ਼ਵ ਅੰਦਰ ਵਸਦੀ ਸਿੱਖ ਸੰਗਤ ਇਸ ਦਿਹਾੜੇ ਨੂੰ ਉਤਸ਼ਾਹ ਨਾਲ ਮਨਾਉਂਦਿਆਂ ਆਪਣੇ ਬੱਚਿਆਂ ਨੂੰ ਇਤਿਹਾਸ ਦੇ ਇਸ ਸੁਨਹਿਰੀ ਪੰਨੇ ਤੋਂ ਜ਼ਰੂਰ ਜਾਣੂ ਕਰਵਾਏ, ਤਾਂ ਜੋ ਭਵਿੱਖ ਦੀਆਂ ਪੀੜ੍ਹੀਆਂ ਅੰਦਰ ਸਿੱਖੀ ਸਰੋਕਾਰ ਦ੍ਰਿੜ੍ਹ ਹੋ ਸਕਣ। ਉਨ੍ਹਾਂ



ਸੰਗਤ ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਵਿਖੇ ਖਾਲਸਾ ਸਾਜਣਾ ਦਿਵਸ ਮੌਕੇ ਹੋਣ ਵਾਲੇ ਸਮਾਗਮਾਂ ਵਿਚ ਭਰਵੀਂ ਸ਼ਮੂਲੀਅਤ ਕਰਨ ਦੀ ਵੀ ਅਪੀਲ ਕੀਤੀ।









## ਪੰਜਾਬ ਸਰਕਾਰ ਦਾ ਨਵਾਂ ਬਿੱਲ "ਪੰਥ ਨੂੰ ਪਿਛਲੇ ਦਰਵਾਜ਼ੇ 'ਤੋਂ ਕੰਟਰੋਲ" ਕਰਨ ਦਾ ਯਤਨ: ਸਰਨਾ ਪੇਸ਼ ਕੀਤਾ ਗਿਆ

### ਬਿੱਲ ਮਾਨਸਿਕ ਵਿਗਾੜਾਂ ਦੀ ਆੜ ਹੇਠ ਕੀਤੇ ਗਏ ਬੇਅਦਬੀ ਦੇ ਅਪਰਾਧਾਂ ਬਾਰੇ ਅਸਪਸ਼ਟ

Desi Punjab www.desipunjab.in

ਨਵੀਂ ਦਿੱਲੀ, 13 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪਰਮਜੀਤ ਸਿੰਘ ਸਰਨਾ ਨੇ ਭਗਵੰਤ ਮਾਨ ਸਰਕਾਰ ਦੇ ਜਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ, 2026 ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਕਮਜ਼ੋਰ ਕਰਨ ਦੇ ਉਦੇਸ਼ ਨਾਲ ਇੱਕ ਗਿਣਿਆ-ਮਿਥਿਆ ਸਿਆਸੀ ਹਥਿਆਰ ਦੱਸਿਆ। ਰਾਜ ਵਿਧਾਨ ਸਭਾ ਦੇ ਇੱਕ ਵਿਸ਼ੇਸ਼ ਸੈਸ਼ਨ ਵਿੱਚ ਪੇਸ਼ ਕੀਤੇ ਗਏ ਪ੍ਰਸਤਾਵਿਤ ਕਾਨੂੰਨ 'ਤੇ ਪ੍ਰਤੀਕਿਰਿਆ ਦਿੰਦੇ ਹੋਏ, ਸਰਨਾ ਨੇ ਦਲੀਲ ਦਿੱਤੀ ਕਿ ਇਹ ਸ਼ਰਧਾ ਅਤੇ ਸੁਰੱਖਿਆ ਦੀ ਭਾਸ਼ਾ ਦੇ ਹੇਠਾਂ ਸਿੱਖ ਧਾਰਮਿਕ ਸੰਸਥਾਵਾਂ ਦਾ ਕੰਟਰੋਲ ਰਾਜ ਸਰਕਾਰ ਦੇ ਹੱਥਾਂ ਵਿੱਚ ਤਬਦੀਲ ਕਰਨ ਦੀ ਕੋਸ਼ਿਸ਼ ਹੈ। ਬਿੱਲ ਆਪਣੇ ਆਪ ਨੂੰ 'ਸਤਕਾਰ' ਦੀ ਭਾਸ਼ਾ ਵਿੱਚ ਪੇਸ਼ ਕਰਦਾ ਹੈ, ਪਰ ਇਸਦਾ ਢਾਂਚਾ ਪੂਰੀ ਤਰ੍ਹਾਂ ਕੁਝ ਹੋਰ ਪ੍ਰਗਟ ਕਰਦਾ ਹੈ । ਉਹਨਾਂ ਕਿਹਾ ਕਿ ਇਹ ਸ਼੍ਰੋਮਣੀ ਕਮੇਟੀ ਰਾਹੀਂ ਪੰਥ ਦੁਆਰਾ ਇਤਿਹਾਸਕ ਤੌਰ 'ਤੇ ਨਿਯੰਤਰਿਤ ਖੇਤਰਾਂ ਵਿੱਚ ਪ੍ਰਸ਼ਾਸਕੀ ਅਤੇ ਕਾਨੂੰਨੀ ਘੁਸਪੈਠ ਲਈ ਰਾਹ ਬਣਾਉਂਦਾ ਹੈ। ਪੰਥਕ ਆਗੂ ਨੇ ਕਿਹਾ ਕਿ ਬਿੱਲ ਆਪਣੇ ਮੌਜੂਦਾ ਰੂਪ ਵਿੱਚ ਕੁਝ ਵੀ ਨਹੀਂ ਹੈ ਪਰ ਵੱਡੇ ਪੱਧਰ 'ਤੇ ਇੱਕ ਪੁਰਾਣੇ ਕਾਨੂੰਨ ਦਾ ਇੱਕ ਨਵੀਨੀਕਰਨ ਕੀਤਾ ਗਿਆ ਸੰਸਕਰਣ ਹੈ ਜੋ ਰਾਸ਼ਟਰਪਤੀ ਦੀ ਸਹਿਮਤੀ ਪ੍ਰਾਪਤ ਕਰਨ ਵਿੱਚ ਅਸਫਲ ਰਿਹਾ। ਹਾਲਾਂਕਿ, ਇਸ ਬਿੱਲ ਵਿੱਚ, ਖਾਸ ਤੌਰ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਰੂਪਾਂ ਨਾਲ ਸਬੰਧਤ ਜਾਣਕਾਰੀ ਨੂੰ ਇੱਕ ਨਿਸ਼ਚਿਤ ਸਮਾਂ ਸੀਮਾ ਦੇ ਅੰਦਰ ਵਿਸਤ੍ਰਿਤ ਰਿਕਾਰਡ- ਰੱਖਣ ਅਤੇ ਡਿਜੀਟਲ ਅਪਲੋਡ ਕਰਨ ਦੇ ਉਪਬੰਧਾਂ ਅਤੇ ਉਸਤੋਂ ਤੋਂ ਬਾਅਦ ਅਧਿਕਾਰਤ ਅਧਿਕਾਰੀਆਂ ਦੁਆਰਾ ਪ੍ਰਮਾਣਿਤ ਮਾਸਿਕ ਅਪਡੇਟਸ ਕੀਤੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਇਹ ਪ੍ਰਭਾਵਸ਼ਾਲੀ ਢੰਗ ਨਾਲ ਧਾਰਮਿਕ ਅਭਿਆਸ ਨੂੰ ਨੌਕਰਸ਼ਾਹੀ ਨਿਗਰਾਨੀ ਹੇਠ ਰੱਖਣ ਲਈ ਹੈ । ਸ਼੍ਰੋਮਣੀ ਕਮੇਟੀ ਦੁਆਰਾ ਅਧਿਕਾਰਤ ਅਧਿਕਾਰੀਆਂ ਦੁਆਰਾ ਪ੍ਰਮਾਣਿਤ ਕੀਤੇ ਜਾਣ ਦੀ ਜ਼ਰੂਰਤ, ਰਾਜ ਸਤਾ 'ਤੇ, ਸੰਸਥਾ ਨੂੰ ਸ਼ਾਮਲ ਕਰਨ ਲਈ ਜਾਪਦੀ ਹੈ, ਉਨ੍ਹਾਂ ਕਿਹਾ ਕਿ ਅਸਲ ਵਿੱਚ, ਇਹ ਇੱਕ ਪ੍ਰਣਾਲੀ ਬਣਾਉਂਦਾ ਹੈ ਜਿੱਥੇ ਪਾਲਣਾ ਦੀ ਨਿਗਰਾਨੀ ਕੀਤੀ ਜਾ ਸਕਦੀ ਹੈ, ਸਵਾਲ ਕੀਤੇ ਜਾ ਸਕਦੇ ਹਨ ਅਤੇ ਅੰਤ ਵਿੱਚ ਰਾਜ ਮਸ਼ੀਨਰੀ ਦੁਆਰਾ ਨਿਰਧਾਰਤ ਕੀਤਾ ਜਾ ਸਕਦਾ ਹੈ। ਉਨ੍ਹਾਂ ਨੇ ਨਿਗਰਾਨਾਂ ਦੇ ਫਰਜ਼ਾਂ ਨੂੰ ਦਰਸਾਉਣ ਵਾਲੀਆਂ ਧਾਰਾਵਾਂ ਦੀ ਹੋਰ ਆਲੋਚਨਾ ਕੀਤੀ, ਜਿਸ ਵਿੱਚ ਪ੍ਰਬੰਧਨ ਸੰਸਥਾਵਾਂ ਦੇ ਨਾਲ-ਨਾਲ ਪੁਲਿਸ ਅਧਿਕਾਰੀਆਂ ਨੂੰ ਸ਼ੱਕੀ ਬੇਅਦਬੀ ਸਮੇਤ ਕਿਸੇ ਵੀ ਘਟਨਾ ਦੀ ਲਾਜ਼ਮੀ ਰਿਪੋਰਟਿੰਗ ਸ਼ਾਮਲ ਹੈ। ਸਰਨਾ ਨੇ ਕਿਹਾ ਕਿ ਇਹ ਧਾਰਮਿਕ ਜ਼ਿੰਮੇਵਾਰੀ ਅਤੇ ਰਾਜ ਪੁਲਿਸਿੰਗ ਵਿਚਕਾਰ ਫਰਕ ਨੂੰ ਧੁੰਦਲਾ ਕਰਦਾ ਹੈ। ਉਹਨਾਂ ਕਿਹਾ ਅਜਿਹੇ ਵਿੱਚ ਹਰ ਗ੍ਰੰਥੀ, ਹਰ ਸੇਵਾਦਾਰ, ਇੱਕ ਕਾਨੂੰਨੀ ਢਾਂਚੇ ਪ੍ਰਤੀ ਜਵਾਬਦੇਹ ਬਣ ਜਾਂਦਾ ਹੈ ਜੋ ਨਿਗਰਾਨੀ ਦੀ ਬਜਾਏ ਸੰਵੇਦਨਸ਼ੀਲਤਾ ਦੀ ਮੰਗ ਕਰਨ ਵਾਲੇ ਮਾਮਲਿਆਂ ਵਿੱਚ ਪੁਲਿਸ ਦਖਲਅੰਦਾਜ਼ੀ ਨੂੰ ਸੱਦਾ ਦਿੰਦਾ ਹੈ। ਸਰਨਾ ਨੇ ਕਿਹਾ ਕਿ ਸਖ਼ਤ ਸਜ਼ਾਵਾਂ ਦੇ ਢਾਂਚੇ, ਅਪਰਾਧਾਂ ਨੂੰ ਸਮਝ ਤੋਂ ਬਾਹਰ, ਗੈਰ-ਜ਼ਮਾਨਤੀ ਅਤੇ ਗੈਰ-ਸੁਧਾਰਨਯੋਗ ਵਜੋਂ ਵਰਗੀਕ੍ਰਿਤ ਕਰਨ ਦੇ ਨਾਲ, ਇਸ ਬਿੱਲ ਦੀ ਦੁਰਵਰਤੋਂ ਵੀ ਹੋ ਸਕਦੀ ਹੈ। ਉਨ੍ਹਾਂ ਕਿਹਾ ਜਦੋਂ ਤੁਸੀਂ ਵਿਸ਼ਾਲ ਸ਼ਕਤੀਆਂ, ਅਸਪਸ਼ਟ ਸੀਮਾਵਾਂ ਅਤੇ ਸਖ਼ਤ ਸਜ਼ਾਵਾਂ ਵਾਲੇ ਕਾਨੂੰਨ ਬਣਾਉਂਦੇ ਹੋ, ਤਾਂ ਤੁਸੀਂ ਚੋਣਵੇਂ ਰੂਪ ਲਾਗੂ ਕਰਨ ਦਾ ਦਰਵਾਜ਼ਾ ਖੋਲ੍ਹਦੇ ਹੋ। ਇਰਾਦਾ ਕੌਣ ਤੈਅ ਕਰਦਾ ਹੈ? ਸਦਭਾਵਨਾ ਦੇ ਵਿਘਨ ਨੂੰ ਕੌਣ ਪਰਿਭਾਸ਼ਿਤ ਕਰਦਾ ਹੈ? ਇਹ ਰਾਜਨੀਤਿਕ ਸਵਾਲ ਹਨ ਜੋ ਕਾਨੂੰਨੀ ਸਵਾਲਾਂ ਦੇ ਰੂਪ ਵਿੱਚ ਪਹਿਨੇ ਹੋਏ ਹਨ। ਉਹਨਾਂ ਸੀਨੀਅਰ ਪੁਲਿਸ ਅਧਿਕਾਰੀਆਂ ਦੁਆਰਾ ਜਾਂਚ ਕਰਵਾਉਣ ਅਤੇ ਤੇਜ਼ ਸਮਾਂ-ਸੀਮਾਵਾਂ ਨੂੰ ਲਾਜ਼ਮੀ ਬਣਾਉਣ ਦੀਆਂ ਵਿਵਸਥਾਵਾਂ ਨੂੰ ਵੀ ਉਜਾਗਰ ਕੀਤਾ, ਇਹ ਦਲੀਲ ਦਿੱਤੀ ਕਿ ਇਹ ਰਵਾਇਤੀ ਸਿੱਖ ਸੰਸਥਾਗਤ ਪ੍ਰਕਿਰਿਆਵਾਂ ਨੂੰ ਪਾਸੇ ਕਰਦੇ ਹੋਏ ਰਾਜ ਦੇ ਉਪਕਰਣ ਵਿੱਚ ਅਧਿਕਾਰ ਨੂੰ ਕੇਂਦਰਿਤ ਕਰਦਾ ਹੈ। ਅਤੇ ਬਿੱਲ ਮਾਨਸਿਕ ਵਿਗਾੜਾਂ ਦੀ ਆੜ ਹੇਠ ਕੀਤੇ ਗਏ ਬੇਅਦਬੀ ਦੇ ਅਪਰਾਧਾਂ ਬਾਰੇ ਅਸਪਸ਼ਟ ਹੈ । ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਸਰਨਾ ਨੇ ਮੁੱਖ ਮੰਤਰੀ ਮਾਨ ਨੂੰ ਪੰਜਾਬ ਵਿੱਚ 'ਆਪ' ਸਰਕਾਰ ਦੇ ਪੰਜ ਸਾਲਾਂ ਦੌਰਾਨ ਹੋਏ ਬੇਅਦਬੀ ਨਾਲ ਸਬੰਧਤ ਅਪਰਾਧਾਂ, ਮੁਕੱਦਮਿਆਂ ਅਤੇ ਸਜ਼ਾਵਾਂ ਦੀ ਗਿਣਤੀ ਬਾਰੇ ਇੱਕ ਵ੍ਹਾਈਟ ਪੇਪਰ ਜਾਰੀ ਕਰਨ ਦੀ ਚੁਣੌਤੀ ਵੀ ਦਿੱਤੀ।



ਸਰਨਾ ਨੇ ਕਿਹਾ ਕਿ ਇਹ ਬਿੱਲ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਪਵਿੱਤਰਤਾ ਦੀ ਰੱਖਿਆ ਬਾਰੇ ਨਹੀਂ ਹੈ। ਕਿਉਂਕਿ ਪੰਥ ਨੇ ਸਦੀਆਂ ਤੋਂ ਰਾਜ ਦੀ ਨਿਗਰਾਨੀ ਤੋਂ ਬਿਨਾਂ ਇਸ ਪਵਿੱਤਰਤਾ ਨੂੰ ਬਰਕਰਾਰ ਰੱਖਿਆ ਹੈ, ਇਹ ਸ਼੍ਰੋਮਣੀ ਕਮੇਟੀ ਦੀ ਭੂਮਿਕਾ ਨੂੰ ਘਟਾਉਣ ਅਤੇ ਇਸਨੂੰ ਕਦਮ-ਦਰ-ਕਦਮ, ਸਰਕਾਰ-ਨਿਯੰਤਰਿਤ ਵਿਧੀਆਂ ਨਾਲ ਬਦਲਣ ਬਾਰੇ ਹੈ। ਇਹ ਬਿੱਲ ਰਾਜ ਸਰਕਾਰ ਨੂੰ ਅਧਿਕਾਰਤ ਸੂਚਨਾਵਾਂ ਰਾਹੀਂ ਨਿਯਮ ਬਣਾਉਣ ਦਾ ਅਧਿਕਾਰ ਵੀ ਦਿੰਦਾ ਹੈ, ਇੱਕ ਧਾਰਾ ਕਾਰਜਕਾਰੀ ਨੂੰ ਸਮੇਂ ਦੇ ਨਾਲ ਆਪਣੀ ਪਹੁੰਚ ਵਧਾਉਣ ਲਈ ਵਿਆਪਕ ਵਿਵੇਕ ਦਿੰਦਾ ਹੈ। ਉਨ੍ਹਾਂ ਕਿਹਾ ਇੱਕ ਵਾਰ ਜਦੋਂ ਤੁਸੀਂ ਨਿਯਮ ਬਣਾਉਣ ਦੀਆਂ ਸ਼ਕਤੀਆਂ ਸੌਂਪ ਦਿੰਦੇ ਹੋ, ਤਾਂ ਵਿਧਾਨ ਸਭਾ ਵਿੱਚ ਵਾਪਸ ਆਉਣ ਤੋਂ ਬਿਨਾਂ ਢਾਂਚੇ ਨੂੰ ਮੁੜ ਆਕਾਰ ਦਿੱਤਾ ਜਾ ਸਕਦਾ ਹੈ। ਇਹੀ ਉਹ ਥਾਂ ਹੈ ਜਿੱਥੇ ਅਸਲ ਨਿਯੰਤਰਣ ਹੈ । ਸਰਨਾ ਨੇ ਦੇਸ਼ ਭਰ ਦੇ ਸਿੱਖ ਸੰਗਠਨਾਂ ਅਤੇ ਨੇਤਾਵਾਂ ਨੂੰ ਕਾਨੂੰਨ ਦੀ ਬਾਰੀਕੀ ਨਾਲ ਜਾਂਚ ਕਰਨ ਅਤੇ ਸੰਸਥਾਗਤ ਖੁਦਮੁਖਤਿਆਰੀ ਨੂੰ ਖਤਮ ਕਰਨ ਦੀ ਕਿਸੇ ਵੀ ਕੋਸ਼ਿਸ਼ ਦਾ ਵਿਰੋਧ ਕਰਨ ਦੀ ਅਪੀਲ ਕੀਤੀ। ਉਹਨਾਂ ਜ਼ੋਰ ਦੇ ਕੇ ਕਿਹਾ ਕਿ ਇਹ ਬਿੱਲ ਇੱਕ ਰਾਜਨੀਤਿਕ ਸਟੰਟ ਹੈ। ਇਹ 'ਆਪ' ਦੀ ਚੋਣ ਮੁਹਿੰਮ ਦਾ ਹਿੱਸਾ ਹੈ। ਸਾਨੂੰ ਯਕੀਨ ਨਹੀਂ ਹੈ ਕਿ ਇਹ ਆਧੁਨਿਕ ਨਿਆਂ-ਸ਼ਾਸਤਰ ਦੀ ਜਾਂਚ ਪਾਸ ਕਰੇਗਾ। ਇਸਨੂੰ ਕਾਨੂੰਨ ਵਿੱਚ ਬਦਲਣ ਲਈ ਸਹਿਮਤੀ ਪ੍ਰਾਪਤ ਕਰਨਾ ਵੀ ਬਹੁਤ ਦੂਰ ਦੀ ਗੱਲ ਹੈ।

## ਸਰਕਾਰ ਨੇ ਨਹੀਂ ਫੜੀ ਬਾਂਹ, ਸਨੋਰ ਦੇ ਸੰਤ ਹਜ਼ਾਰਾ ਸਿੰਘ ਨਗਰ ਦੇ ਲੋਕਾਂ ਅੱਕ ਖੁਦ ਪੈਸੇ ਇਕੱਠੇ ਕਰਕੇ ਬਣਾਈ ਸੜ੍ਹਕ-ਲੋਕਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਇਥੇ ਵੋਟਾਂ ਨਾ ਮੰਗਣ ਆਉਣ

ਪਟਿਆਲਾ, 12 ਅਪ੍ਰੈਲ ਸਨੌਰ ਦੇ ਸੰਤ ਹਜ਼ਾਰਾ ਸਿੰਘ ਨਗਰ ਦੇ ਲੋਕਾਂ ਦੀ ਜਦੋਂ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਬਾਂਹ ਨਹੀਂ ਫੜੀ ਤਾਂ ਲੋਕਾਂ ਨੇ ਅੱਕ ਖੁਦ ਪੈਸੇ ਇਕੱਠੇ ਕੀਤੇ ਅਤੇ ਸੜ੍ਹਕ ਬਣਾਈ। ਹਰਸ਼ਦੀਪ ਸਿੰਘ ਦੀ ਅਗਵਾਈ ਹੇਠ ਇਥੇ ਅਮਨ ਸ਼ਰਮਾ, ਰਾਜਵੀਰ ਸਿੰਘ, ਇੰਦਰਜੀਤ ਸਿੰਘ, ਰਣਜੋਧ ਸਿੰਘ, ਰਿੰਕੂ ਸ਼ਰਮਾ, ਜਸ਼ਨ ਜੋਸ਼ੀ, ਨਰੇਸ਼ ਆਨੰਦ, ਕੁਲਜੀਤ ਕੌਰ,ਅਮਰਿੰਦਰ ਸਿੰਘ, ਬੇਬੀ ਕੌਰ, ਬਲਜੀਤ ਕੌਰ, ਰਾਜ ਕੌਰ, ਭੁਪਿੰਦਰ ਕੌਰ, ਅਮਰੀਕ ਸਿੰਘ, ਗੁਰਮਨਜੀਤ ਸਿੰਘ ਅਤੇ ਮਹਿੰਦਰ ਸਿੰਘ ਆਦਿ ਨੇ ਇਸ ਗੱਲ ਦਾ ਰੋਸ਼ ਵੀ ਜਾਹਿਰ ਕੀਤਾ ਅਤੇ ਕਿਹਾ ਕਿ ਉਹ ਨਗਰ ਕੌਂਸਲ ਦੇ ਕੋਲ ਵੀ ਗਏ ਸਨ ਪਰ ਉਹ ਕਹਿੰਦੇ ਕਿ ਅਗਲੇ ਛੇ ਮਹੀਨੇ ਕੋਈ ਫੰਡ ਨਹੀਂ ਹੈ ਅਤੇ ਛੇ ਮਹੀਨੇ ਹੀ ਸਰਕਾਰ ਦੇ ਰਹਿੰਦੇ ਹਨ। ਇਸ ਦਾ ਅਰਥ ਇਹ ਸੀ ਕਿ ਇਹ ਸਰਕਾਰ ਉਨ੍ਹਾਂ ਦੀ ਸੜ੍ਹਕ ਨਹੀਂ ਸੀ ਬਣਾਉਣਾ ਚਾਹੁੰਦੀ। ਉਨ੍ਹਾਂ ਕਿਹਾ ਕਿ ਕੱਚਾ ਰਾਸਤਾ ਹੋਣ ਦੇ ਕਾਰਨ ਲੋਕਾਂ ਨੂੰ ਕਾਫੀ ਜਿਆਦਾ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ ਅਤੇ ਜਦੋਂ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਬਾਂਹ ਨਹੀਂ ਫੜਾਈ ਤਾਂ ਇਥੇ ਦੇ ਲੋਕਾਂ ਦੇ ਫੈਸਲਾ ਕੀਤਾ ਕਿ ਖੁਦ ਪੈਸੇ ਇਕੱਠੇ ਕਰਕੇ ਹੀ ਸੜ੍ਹਕ ਬਣਾ ਲਈ ਜਾਵੇ ਤਾਂ ਸਾਰਿਆਂ ਨੇ ਪੈਸੇ ਇਕੱਠੇ ਕੀਤੇ ਅਤੇ ਇੰਟਰਲਾਕਕਿੰਗ ਸੜ੍ਹਕ ਬਣਾ ਲਈ। ਲੋਕਾਂ ਨੇ ਕਿਹਾ ਕਿ ਜਿਹੜੀ ਆਮ ਆਦਮੀ ਪਾਰਟੀ ਨੂੰ ਇਸ ਇਲਾਕੇ ਦੇ ਲੋਕਾਂ ਦੀ ਪਰਵਾਹ ਨਹੀਂ ਤਾਂ ਉਸ ਪਾਰਟੀ ਅਰਥਾਤ ਆਮ ਆਦਮੀ ਪਾਰਟੀ ਨੂੰ ਇਥੇ ਵੋਟ ਮੰਗਣ ਦਾ ਵੀ ਕੋਈ ਹੱਕ ਨਹੀਂ ਹੈ। ਇਸ ਲਈ ਆਮ ਆਦਮੀ ਪਾਰਟੀ ਇਥੇ ਵੋਟਾਂ ਨਾ ਮੰਗਣ ਆਵੇ। ਪ੍ਰਦਰਸ਼ਨ ਕਰਨ ਵਾਲਿਆਂ ਨੇ ਕਿਹਾ ਕਿ ਇਥੇ 55 ਦੇ ਕਰੀਬ ਘਰ ਹਨ ਅਤੇ ਸਾਰਿਆਂ ਵੱਲੋਂ ਹੀ ਸੜ੍ਹਕ ਬਣਾਉਣ ਵਿਚ ਸਹਿਯੋਗ ਦਿੱਤਾ ਗਿਆ ਹੈ।



## ਇਲਾਕੇ ਦੀਆਂ ਮੰਡੀਆਂ 'ਚ ਕਣਕ ਦੀ ਫਸਲ ਦੇ ਲੱਗੇ ਅੰਬਾਰ,ਖਰੀਦ ਨਾ ਹੋਣ ਕਾਰਨ ਕਿਸਾਨਾਂ ਦੇ ਸਾਹ ਸੂੱਤੇ



Desi Punjab www.desipunjab.in

ਤਪਾ ਮੰਡੀ, 13 ਅਪ੍ਰੈਲ ( ਧੀਮਾਨ) ਇਲਾਕੇ ਦੀਆਂ ਦਾਣਾ ਮੰਡੀਆਂ ਕਣਕ ਦੀ ਫਸਲ ਦਾ ਨੱਕੋ ਨੱਕ ਭਰ ਗਈਆਂ ਹਨ, ਜਿਸ ਕਾਰਨ ਅੰਨਦਾਤਾ ਕਿਸਾਨ ਜਿੱਥੇ ਆਪਣੀ ਮਿਹਨਤ ਨਾਲ ਪੁੱਤਾਂ ਵਾਂਗ ਪਾਲੀ ਫ਼ਸਲ ਨੂੰ ਵੇਚਣ ਲਈ ਮੰਡੀਆਂ 'ਚ ਰਾਤਾਂ ਦੇ ਫਾਕੇ ਕੱਟਣ ਲਈ ਮਜ਼ਬੂਰ ਹੋ ਚੁੱਕਾ ਹੈ, ਉੱਥੇ ਹੀ ਆੜ੍ਹਤੀਆਂ ਤੇ ਮੰਡੀ ਮਜ਼ਦੂਰਾਂ ਨੂੰ ਵੀ ਕਾਫ਼ੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਜ਼ਿਕਰਯੋਗ ਹੈ ਕਿ ਮੌਸਮ ਵਿਚ ਆਏ ਬਦਲਾਅ ਕਾਰਨ ਇਕਦਮ ਤਾਪਮਾਨ ਵਿਚ ਵਾਧਾ ਹੋਣ ਨਾਲ ਨਾਲ ਕਣਕ ਦੀ ਫ਼ਸਲ ਉੱਪਰ ਕੁਦਰਤੀ ਰੂਪ ਵਿਚ ਮਾਰ ਪੈ ਗਈ ਅਤੇ ਕਣਕ ਦੇ ਦਾਣੇ ਸੁੰਗੜਨ ਦੀ ਸਮੱਸਿਆ ਸਾਹਮਣੇ ਆ ਰਹੀ ਹੈ । ਹੁਣ ਇਸ ਗੰਭੀਰ ਮਾਮਲੇ 'ਤੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਵੱਲੋਂ ਕਣਕ ਖਰੀਦ ਨਾ ਕਰਨ ਨਾਲ ਮੰਡੀਆਂ ਵਿਚ ਮਾਹੌਲ ਡਰ ਵਾਲਾ ਬਣ ਚੁੱਕਾ ਹੈ ਅਤੇ ਕਿਸਾਨਾਂ ਵੱਲੋਂ ਆਵਾਜ਼ ਉਠਾਈ ਜਾ ਰਹੀ ਹੈ ਕਿ ਉਨ੍ਹਾਂ ਦੀ ਫ਼ਸਲ ਦੀ ਫੌਰੀ ਤੌਰ 'ਤੇ ਖਰੀਦ ਕੀਤੀ ਜਾਵੇ ਤਾਂ ਜੋ ਉਨ੍ਹਾਂ ਨੂੰ ਆਪਣੀ ਫ਼ਸਲ ਤੇ ਮਿਹਨਤ ਦਾ ਸਹੀ ਮੁੱਲ ਮਿਲ ਸਕੇ।ਇੱਥੇ ਇਹ ਵੀ ਦੱਸਣਾ ਬਣਦਾ ਹੈ ਕਿ ਦਾਣਾ ਮੰਡੀਆਂ ਨੱਕੋ-ਨੱਕ ਭਰ ਗਈਆਂ ਹਨ, ਪਿਛਲੇ ਦਿਨਾਂ ਤੋਂ ਮੌਸਮ ਵਿਚ ਚੱਲ ਰਹੀ ਖਰਾਬੀ ਕਾਰਨ ਵੀ ਕਿਸਾਨਾਂ ਦੀਆਂ ਚਿੰਤਾਵਾਂ ਵੱਧ ਚੁੱਕੀਆਂ ਹਨ।ਜੇਕਰ ਇਕ-ਦੋ ਦਿਨਾਂ ਵਿਚ ਖਰੀਦ ਸ਼ੁਰੂ ਨਾ ਹੋਈ ਤਾਂ ਕਣਕ ਦੀ ਵਾਢੀ ਉੱਪਰ ਬੁਰਾ ਪ੍ਰਭਾਵ ਪਵੇਗਾ। ਉੱਥੇ ਹੀ ਮੰਡੀਆਂ ਵਿਚ ਹੋਰ ਕਣਕ ਢੇਰੀ ਕਰਨ ਲਈ ਜਗ੍ਹਾ ਦੀ ਵੱਡੀ ਘਾਟ ਰੜਕੇਗੀ। ਉਧਰ ਦੂਜੇ ਪਾਸੇ ਖਰੀਦ ਏਜੰਸੀਆਂ ਦੇ ਇੰਸਪੈਕਟਰਾਂ ਦਾ ਕਹਿਣਾ ਹੈ ਕਿ ਕੇਂਦਰੀ ਟੀਮਾਂ ਵੱਲੋਂ ਭੇਜੀ ਰਿਪੋਰਟ ਕੇਂਦਰ ਸਰਕਾਰ ਕੋਲ ਪਹੁੰਚਣ ਤੋਂ ਬਾਅਦ ਕਣਕ ਦੀ ਖਰੀਦ ਸਬੰਧੀ ਜੋ ਵੀ ਮਾਪਦੰਡ ਜਾਰੀ ਕੀਤੇ ਜਾਣਗੇ, ਉਸਦੇ ਅਧਾਰ ਤੇ ਖਰੀਦ ਸ਼ੁਰੂ ਕਰ ਦਿੱਤੀ ਜਾਵੇਗੀ।ਜਦ ਇਸ ਸਬੰਧੀ ਮਾਰਕੀਟ ਕਮੇਟੀ ਤਪਾ ਦੇ ਸਕੱਤਰ ਹਰਦੀਪ ਸਿੰਘ ਗਿੱਲ ਨਾਲ ਗੱਲ ਕੀਤੀ ਤਾਂ ਉਹਨਾਂ ਕਿਹਾ ਕਿ ਕਣਕ ਵਿਚ ਨਮੀ ਦੀ ਮਾਤਰਾ ਜ਼ਿਆਦਾ ਹੋਣ ਕਾਰਨ ਅਜੇ ਤੱਕ ਬੋਲੀ ਨਹੀਂ ਹੋ ਸਕੀ ਜਿਉਂ ਹੀ ਕਣਕ ਵਿਚ ਨਮੀ ਦੀ ਮਾਤਰਾ ਸਰਕਾਰ ਦੇ ਮਾਪਦੰਡਾਂ ਅਨੁਸਾਰ ਸਹੀ ਉੱਤਰਦੀ ਹੈ ਤੁਰੰਤ ਹੀ ਬੋਲੀ ਸ਼ੁਰੂ ਕਰਵਾ ਦਿੱਤੀ ਜਾਵੇਗੀ।

## ਅੰਮ੍ਰਿਤਸਰ, ਤਰਨ ਤਾਰਨ ਰੋਡ ਫਲਾਈਓਵਰ ਦੇ ਹੇਠਾਂ ਵਾਲੀ ਸੜਕ ਦੀ ਹਾਲਤ ਖਸਤਾ, ਜਨਤਾ ਬੇਹਾਲ

### ਭਲਾਈ ਕੇਂਦਰ ਤੋਂ ਅੱਗੇ ਨਹਿਰ ਦੇ ਪੁੱਲ ਤੱਕ ਅਤੇ ਨਹਿਰ ਦੇ ਪੁੱਲ ਤੋਂ ਲੈ ਕੇ ਮੁੜ ਭਲਾਈ ਕੇਂਦਰ ਤੱਕ

### ਦੋਨੋਂ ਪਾਸੇ ਪੁੱਲ ਦੇ ਹੇਠਲੀ ਸੜਕ ਲੰਮੇ ਸਮੇਂ ਤੋਂ ਟੁੱਟੀ ਹੋਣ ਕਰਕੇ ਜਨ-ਜੀਵਨ ਬੁਰੀ ਤਰ੍ਹਾ ਪ੍ਰਭਾਵਿਤ

Desi Punjab www.desipunjab.in

ਅੰਮ੍ਰਿਤਸਰ, 13 ਅਪ੍ਰੈਲ (ਰਣਜੀਤ ਸਿੰਘ ਮਸੌਣ/ ਸੁਰਿੰਦਰ/ ਅਮਿਤਾ)- ਆਪ ਸਰਕਾਰਾਂ ਵੱਲੋਂ ਆਮ ਲੋਕਾਂ ਨੂੰ ਸਹੂਲਤਾਂ ਦੇਣ ਦੇ ਵੱਡੇ-ਵੱਡੇ ਦਾਅਵੇ ਦਿਨ-ਬ-ਦਿਨ ਕੀਤੇ ਜਾ ਰਹੇ ਹਨ, ਨਵੇਂ ਕਾਨੂੰਨ ਬਣਾਏ ਜਾ ਰਹੇ ਹਨ, ਨਵੀਆਂ ਸਕੀਮਾਂ ਦੇ ਕੇ ਲੋਕਾਂ ਨੂੰ ਭਰਮਾਉਣ ਦੀ ਕੋਸ਼ਿਸ਼ਾਂ ਲਗਾਤਾਰ ਜਾਰੀ ਹਨ ਕਿ ਕਿਸੇ ਨਾ ਕਿਸੇ ਤਰ੍ਹਾਂ ਨਾਲ 2027 ਵਿੱਚ ਦੁਬਾਰਾ ਸਰਕਾਰ ਬਣ ਜਾਵੇ। ਪਰ ਅਫਸੋਸ਼ ਇਹ ਐਲਾਨ ਅਤੇ ਸਕੀਮਾਂ ਕੇਵਲ ਲੋਕਾਂ ਦਾ ਧਿਆਨ ਮੁੱਦਿਆਂ ਤੋਂ ਹਟਾਉਣ ਦੇ ਇਲਾਵਾ ਹੋਰ ਕੁੱਝ ਨਹੀਂ। ਵਿਕਾਸ ਦੀਆਂ ਦੁਹਾਈਆਂ ਦੇਣ ਵਾਲੇ ਦਾਅਵਿਆਂ ਦੀ ਫੂਕ ਨਿਕਲਦੀ ਦੇਖਣੀ ਹੋਵੇ ਤਾਂ ਅੰਮ੍ਰਿਤਸਰ ਦੇ ਹਲਕਾ ਦੱਖਣੀ ਅਧੀਨ ਤਰਨ ਤਾਰਨ ਰੋਡ ਦਾ ਚੱਕਰ ਲਗਾਉਣਾ ਲਾਜ਼ਮੀ ਹੈ। ਤਰਨ ਤਾਰਨ ਰੋਡ ਸਾਰੀ ਦੀ ਸਾਰੀ ਗੁਰਦੁਆਰਾ ਸ਼ਹੀਦਾਂ ਸਾਹਿਬ ਤੋਂ ਲੈ ਕੇ ਫਲਾਈਓਵਰ ਤੱਕ ਕੁੱਝ ਹਾਲਤ ਵਿੱਚ ਠੀਕ ਸੀ, ਪਰ ਫਿਰ ਵੀ ਕੁੱਝ ਸਮਾਂ ਪਹਿਲਾਂ ਇਸ ਨੂੰ ਸਾਰੀ ਤੋੜਕੇ ਨਵਾਂ ਬਣਾਉਣ ਦਾ ਕੰਮ ਅਰੰਭਿਆ ਗਿਆ ਸੀ, ਜੋ ਕਿ ਅੱਜ ਤਕਰੀਬਨ 2 ਮਹੀਨੇ ਤੋਂ ਪੂਰਾਂ ਨਹੀਂ ਹੋ ਸਕਿਆ। ਲੁੱਕ ਅਤੇ ਮਟੀਰੀਅਲ ਦੀ ਇੱਕ ਪਰਤ ਵਿਛਾ ਕੇ ਬਾਅਦ ਵਿੱਚ ਕੰਮ ਮੁਕੰਮਲ ਨਹੀਂ ਕੀਤਾ ਜਾ ਰਿਹਾ। ਪਤਾ ਨਹੀਂ ਇਸ ਪਾਸੇ ਸਰਕਾਰ ਦੀ ਕੀ ਮਜ਼ਬੂਰੀ ਹੈ ਇਸਦੇ ਨਾਲ ਹੀ ਖਾਸਕਰ ਭਲਾਈ ਕੇਂਦਰ ਤੋਂ ਅੱਗੇ ਸ਼ੁਰੂ ਹੋਣ ਵਾਲੇ ਫਲਾਈ ਓਵਰ ਦੇ ਨਾਲ-ਨਾਲ ਹੇਠਲੇ ਸੱਜੇ-ਖੱਬੇ ਪਾਸੇ ਦੀ ਸੜਕ ਜੋ ਕਿ ਇਲਾਕਿਆਂ ਨੂੰ ਆਪਸ ਵਿੱਚ ਜੋੜਦੀ ਹੈ, ਦੀ ਹਾਲਤ ਬਹੁਤ ਹੀ ਖ਼ਰਾਬ ਹੋ ਚੁੱਕੀ ਹੈ। ਪਿਛਲੇ ਲੰਮੇ ਸਮੇਂ ਤੋਂ ਇਸ ਪੁੱਲ ਦੇ ਹੇਠਾਂ ਭਲਾਈ ਕੇਂਦਰ ਤੋਂ ਅੱਗੇ ਨਹਿਰ ਦੇ ਪੁੱਲ ਤੱਕ ਅਤੇ ਨਹਿਰ ਦੇ ਪੁੱਲ ਤੋਂ ਲੈ ਕੇ ਮੁੜ ਭਲਾਈ ਕੇਂਦਰ ਤੱਕ ਪੁੱਲ ਦੇ ਹੇਠਲੀ ਸੜਕ ਲੰਮੇ ਸਮੇਂ ਤੋਂ ਬੁਰੀ ਤਰ੍ਹਾਂ ਜਗ੍ਹਾ-ਜਗ੍ਹਾ ਤੋਂ ਟੁੱਟੀ ਹੋਣ ਕਰਕੇ ਆਮ ਜਨ-ਜੀਵਨ ਬੁਰੀ ਤਰ੍ਹਾ ਪ੍ਰਭਾਵਿਤ ਹੋ ਰਿਹਾ ਹੈ। ਆਮ ਲੋਕਾਂ ਦੀ ਆਵਾਜਾਈ ਖ਼ਰਾਬ ਹੋ ਰਹੀ ਹੈ, ਸਕੂਲਾਂ ਦੀਆਂ ਵੈਨਾਂ ਦੀ ਆਵਾਜਾਈ ਉੱਪਰ ਅਸਰ ਪੈ ਰਿਹਾ ਹੈ, ਬੱਚਿਆਂ ਅਤੇ ਬਜੁਰਗਾਂ ਦਾ ਸੜਕ ਉੱਪਰ ਚੱਲਣਾ ਮੁਸ਼ਕਿਲ ਹੋਣ ਦੇ ਨਾਲ-ਨਾਲ ਦੋ ਪਹੀਆ ਵਾਹਨਾਂ ਅਤੇ ਗੱਡੀਆਂ ਆਦਿ ਦਾ ਗੁਜ਼ਰਨਾ ਵੀ ਮੁਸ਼ਕਿਲ ਹੋ ਚੁੱਕਾ ਹੈ। ਸਥਾਨਕ ਲੋਕ ਜੋ ਦਿਨ ਵਿਚ ਕਈ ਵਾਰ ਇਨ੍ਹਾ ਸੜਕਾਂ ਤੋਂ ਗੁਜ਼ਰਦੇ ਹਨ, ਨੂੰ ਇਨ੍ਹਾ ਟੋਇਆਂ/ਟਿੱਬਿਆਂ ਕਰਕੇ ਐਕਸੀਡੈਂਟ ਦਾ ਸ਼ਿਕਾਰ ਵੀ ਹੋਣਾ ਪੈਂਦਾ ਹੈ ਸਥਾਨਕ ਦੁਕਾਨਦਾਰਾਂ ਦਾ ਰੁਜ਼ਗਾਰ ਵੀ ਇਸ ਸੜਕ ਦੇ ਟੁੱਟਣ ਕਾਰਨ ਬੁਰੀ ਤਰ੍ਹਾਂ ਨਾਲ ਪ੍ਰਭਾਵਿਤ ਹੋ ਚੁੱਕਾ ਹੈ ਅਤੇ ਲੋਕਾਂ ਵੱਲੋਂ ਬਹੁਤ ਵਾਰ ਇਸ ਬਾਰੇ ਲੀਡਰਾਂ ਅਤੇ ਸਬੰਧਤ ਅਧਿਕਾਰੀਆਂ ਤੱਕ ਗੱਲ ਪਹੁੰਚਾਉਣ ਦੀ ਕੋਸ਼ਿਸ਼ ਵੀ ਕੀਤੀ ਹੈ, ਪਰ ਫਿਰ ਵੀ ਕੋਈ ਐਕਸ਼ਨ ਨਹੀਂ ਹੋ ਰਿਹਾ। ਸਾਰਾ ਇਲਾਕਾ ਇਸ ਟੁੱਟੀ ਹੋਈ ਸੜਕ ਤੋਂ ਗੁਜ਼ਰਨ ਲਈ ਮਜ਼ਬੂਰ ਹੈ, ਪਰ ਕਿਸੇ ਵੀ ਸਬੰਧਤ ਅਧਿਕਾਰੀ ਜਾਂ ਲੀਡਰ ਜਾਂ ਐਮਐਲਏ ਕਿਸੇ ਦਾ ਇਸ ਪਾਸੇ ਵੱਲ ਕੋਈ ਧਿਆਨ ਨਹੀਂ ਹੈ ਰੋਜ਼ਾਨਾ ਸ੍ਰੀ ਦਰਬਾਰ ਸਾਹਿਬ ਅਤੇ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਸ਼ਹੀਦ ਵਿਖੇ ਦਰਸ਼ਨ ਕਰਨ ਲਈ ਵੱਡੀ ਗਿਣਤੀ ਵਿੱਚ ਸੰਗਤਾਂ ਇਸੇ ਸੜਕ ਤੋਂ ਗੁਜ਼ਰ ਕੇ ਪਹੁੰਚਦੀਆਂ ਹਨ, ਪਰ ਪ੍ਰਸ਼ਾਸਨ ਦਾ ਇਸ ਤਰਫ ਬਿਲਕੁੱਲ ਵੀ ਧਿਆਨ ਨਹੀਂ ਹੈ। ਅਗਰ ਸਬੰਧਤ ਸੜਕੀ ਮਹਿਕਮੇ ਦੇ ਅਧਿਕਾਰੀਆਂ ਵੱਲੋਂ ਇਸ ਬਾਰੇ ਢਿੱਲ ਰਹੀ ਹੈ ਤਾਂ ਸਬੰਧਤ ਮਹਿਕਮੇ ਜਾਂ ਮਾਣਯੋਗ ਮੰਤਰੀ/ਵਿਧਾਇਕ ਸਾਹਿਬਾਨ ਵੱਲੋਂ ਸਖ਼ਤ ਐਕਸ਼ਨ ਕਿਉਂ ਨਹੀਂ ਲਿਆ ਜਾਂਦਾ, ਆਖਰ ਕੀ ਮਜ਼ਬੂਰੀ ਹੈ ਇਸ ਬਾਰੇ ਉਨ੍ਹਾ ਨੂੰ ਜਨਤਾ ਅੱਗੇ ਜੁਆਬਦੇਹ ਹੋਣਾ ਚਾਹੀਦਾ ਹੈ।



## ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਭਵਾਨੀਗੜ੍ਹ ਦੀ ਅਨਾਜ ਮੰਡੀ ਵਿਖੇ ਦਿੱਤਾ ਧਰਨਾ



ਕਣਕ ਦੀ ਖਰੀਦ 1 ਅਪ੍ਰੈਲ ਤੋਂ ਸ਼ੁਰੂ ਕਰਨ ਦਾ ਐਲਾਨ ਕੀਤਾ ਗਿਆ ਸੀ,ਪਰ 13 ਅਪ੍ਰੈਲ ਤੱਕ ਖਰੀਦ ਏਜੰਸੀਆਂ ਮੰਡੀਆਂ ਵਿੱਚ ਨਹੀਂ ਪਹੁੰਚੀਆਂਭਵਾਨੀਗੜ੍ਹ 14 ਅਪ੍ਰੈਲ (ਮਨਦੀਪ ਕੌਰ ਮਾਝੀ) ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਬਲਾਕ ਭਵਾਨੀਗੜ੍ਹ ਵੱਲੋਂ ਬਲਾਕ ਸੀਨੀਅਰ ਮੀਤ ਪ੍ਰਧਾਨ ਮਨਜੀਤ ਸਿੰਘ ਘਰਾਚੋਂ ਦੀ ਅਗਵਾਈ ਹੇਠ ਦਾਣਾ ਮੰਡੀ ਭਵਾਨੀਗੜ੍ਹ ਵਿਖੇ ਪ੍ਰੋਗਰਾਮ ਕੀਤਾ ਗਿਆ ਜਿਸ ਮੌਕੇ ਸੂਬਾ ਸਕੱਤਰ ਜਗਤਾਰ ਸਿੰਘ ਕਾਲਾਝਾੜ ਬਲਾਕ ਖਜਾਨਚੀ ਬਲਵਿੰਦਰ ਸਿੰਘ ਘਨੌੜ ਬਲਾਕ ਜਰਨਲ ਸਕੱਤਰ ਜਸਬੀਰ ਸਿੰਘ ਗੱਗੜਪੁਰ ਮੌਜੂਦ ਸਨ ਇਸ ਮੌਕੇ ਆਗੂਆਂ ਨੇ ਸਟੇਜ ਤੋਂ ਸੰਬੋਧਨ ਹੁੰਦੇ ਕਿਹਾ ਕਿ ਸਰਕਾਰ ਵੱਲੋ ਕਣਕ ਦੀ ਖਰੀਦ 1 ਅਪ੍ਰੈਲ ਤੋਂ ਸ਼ੁਰੂ ਕਰਨ ਦਾ ਐਲਾਨ ਕੀਤਾ ਗਿਆ ਸੀ,ਪਰ 13 ਅਪ੍ਰੈਲ ਤੱਕ ਖਰੀਦ ਏਜੰਸੀਆਂ ਮੰਡੀਆਂ ਵਿੱਚ ਨਹੀਂ ਪਹੁੰਚੀਆਂ।ਭਾਰਤ ਦੇ 26 ਰਾਜਾਂ ਵਿੱਚ ਸਰਕਾਰ ਪਹਿਲਾਂ ਹੀ ਖਰੀਦ ਨਹੀਂ ਕਰਦੀ,ਅਤੇ ਹੁਣ ਹਰਿਆਣਾ ਤੇ ਪੰਜਾਬ ਵਿੱਚ ਵੀ ਖਰੀਦ ਏਜੰਸੀਆਂ ਨੂੰ ਕਣਕ ਦੀ ਖਰੀਦ ਕਰਨ ਤੋਂ ਰੋਕ ਦਿੱਤਾ ਗਿਆ ਹੈ।ਪਹਿਲਾਂ ਬੇਮੌਸਮੀ ਬਰਸਾਤ ਦੀ ਮਾਰ, ਅਤੇ ਹੁਣ ਕਿਸਾਨ ਵੀਰੋ,ਆੜਤੀ ਵੀਰੋ ਅਤੇ ਮੰਡੀਆਂ ਵਿੱਚ ਕੰਮ ਕਰਦੇ ਮਜ਼ਦੂਰ ਵੀਰੋ ਹਰ ਥਾਂ ਖਬਰਾਂ ਚੱਲ ਰਹੀਆਂ ਹਨ ਕਿ ਕੇਂਦਰ ਸਰਕਾਰ ਨੇ ਪੰਜਾਬ ਵਿੱਚ ਖਰੀਦ ਏਜੰਸੀਆਂ ਨੂੰ ਖਰੀਦ ਕਰਨ ਤੋਂ ਰੋਕ ਦਿੱਤਾ ਹੈ।ਤਿੰਨ ਦਿਨਾਂ ਤੋ ਕੇਂਦਰ ਦੀ ਨੌਂ-ਮੈਂਬਰੀ ਟੀਮ ਪੰਜਾਬ ਵਿੱਚ ਆਈ ਹੋਈ ਹੈ।ਇਸ ਦਾ ਕਾਰਨ ਇਹ ਦੱਸਿਆ ਜਾ ਰਿਹਾ ਹੈ ਕਿ ਪਿਛਲੇ ਲਗਭਗ 10 ਦਿਨਾਂ ਤੋਂ ਬੇਮੌਸਮੀ ਬਾਰਿਸ਼ ਜਾਰੀ ਹੈ।ਕਿਸਾਨਾਂ ਨੇ ਕਣਕ ਬੀਜੀ ਅਤੇ ਖੁੱਲ੍ਹੇ ਮੈਦਾਨ ਵਿੱਚ ਸੰਭਾਲੀ ਹੈ।ਜੇ ਮੌਸਮ ਦਾ ਅਸਰ ਪਿਆ ਹੈ ਤਾਂ ਕਣਕ ਦੇ ਝਾੜ ਘਟਣ ਦੀ ਸੰਭਾਵਨਾ ਹੈ ਜਿਸ ਲਈ ਕਿਸਾਨਾਂ ਨੂੰ ਬੋਨਸ ਮਿਲਣਾ ਚਾਹੀਦਾ ਸੀ ਪਰ ਕੇਂਦਰ ਸਰਕਾਰ ਬਾਰਿਸ਼ ਦਾ ਬਹਾਨਾ ਬਣਾ ਕੇ ਪੰਜਾਬ ਵਿੱਚ ਟੀਮ ਭੇਜ ਰਹੀ ਹੈ ਜੋ ਕਣਕ ਦੀ ਜਾਂਚ ਕਰਕੇ ਗੁਣਵੱਤਾ ਤੈਅ ਕਰੇਗੀ ਕਿੰਨਾਂ ਦਾਣਾ ਕਾਲਾ ਹੋਇਆ ਜਾ ਮਾਜੂ ਹੋਇਆ ਜਿਸ ਆਧਾਰ ਤੇ ਭਾਅ ਘਟਾਇਆ ਜਾ ਸਕਦਾ ਹੈ ਇੱਕ ਦੋ ਦਿਨਾਂ ਵਿੱਚ ਪਤਾ ਲੱਗੇਗਾ ਖਰੀਦ ਕਿਉਂ ਰੋਕੀ ਗਈ ਹੈ ਅਤੇ ਜੋ ਮੰਡੀਆਂ ਵਿੱਚ ਬਾਰਦਾਨੇ ਦੀ ਸਮੱਸਿਆ ਹੈ ਹਲੇ ਤੱਕ ਇੱਕ ਵੀ ਬੋਰੀ ਬਾਰਦਾਨੇ ਦੀ ਨਹੀਂ ਆਈ ਉਸਦਾ ਵੀ ਸਰਕਾਰ ਵੱਲੋਂ ਪ੍ਰਬੰਧ ਕਰਨ ਦੀ ਮੰਗ ਕੀਤੀ ਗਈ ਜਥੇਬੰਦੀ ਦੇ ਆਗੂਆਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਹਰ ਮੰਡੀ ਅਤੇ ਹਰ ਪਿੰਡ ਵਿੱਚ ਇਕੱਠੇ ਹੋਕੇ ਇਸ ਔਖੀ ਘੜੀ ਦਾ ਸਾਹਮਣਾ ਕਰਨ ਲਈ ਜਥੇਬੰਦੀ ਨਾਲ ਸੰਪਰਕ ਕੀਤਾ ਜਾਵੇ ਅਤੇ ਕੇਂਦਰ ਤੇ ਪੰਜਾਬ ਸਰਕਾਰ ਨੂੰ ਖਰੀਦ ਕਰਨ ਲਈ ਮਜਬੂਰ ਕੀਤਾ ਜਾਵੇ।ਇਸ ਮੌਕੇ ਬਲਾਕ ਆਗੂ ਗੁਰਦੇਵ ਸਿੰਘ ਆਲੋਅਰਖ ਕਸ਼ਮੀਰ ਸਿੰਘ ਆਲੋਅਰਖ ਕੁਲਦੀਪ ਸਿੰਘ ਬਖੋਪੀਰ ਕਰਮ ਚੰਦ ਪੰਨਵਾਂ ਸਮੇਤ ਵੱਡੀ ਗਿਣਤੀ ਕਿਸਾਨ ਮਜ਼ਦੂਰ ਤੇ ਆੜਤੀਆ

## ਲੱਖਾਂ ਰੁਪਏ ਦੇ ਗਹਿਣਿਆਂ ਨੂੰ ਲੁੱਟਣ ਵਾਲੇ ਲੋੜੀਂਦੇ ਅਪਰਾਧੀ ਅਰਮਾਨ ਅੰਮੂ ਨੂੰ ਸ਼ਿਵਲੀ ਵਿੱਚ ਗ੍ਰਿਫ਼ਤਾਰ ਕਰ ਲਿਆ ਗਿਆ




।ਸੁਨੀਲ ਬਾਜਪਾਈਕਾਨਪੁਰ ਦੇਹਾਤ। ਇੱਥੋਂ ਦੀ ਸ਼ਿਵਲੀ ਪੁਲਿਸ ਹਰ ਤਰ੍ਹਾਂ ਦੇ ਅਪਰਾਧੀਆਂ ਵਿਰੁੱਧ ਲਗਾਤਾਰ ਸਫਲ ਮੁਹਿੰਮ ਚਲਾ ਰਹੀ ਹੈ। ਇਸ ਪ੍ਰਕਿਰਿਆ ਵਿੱਚ, ਉਨ੍ਹਾਂ ਨੇ 15,000 ਰੁਪਏ ਦਾ ਇਨਾਮ ਰੱਖਣ ਵਾਲੇ ਇੱਕ ਬਦਨਾਮ ਲੁਟੇਰੇ ਨੂੰ ਵੀ ਗ੍ਰਿਫ਼ਤਾਰ ਕਰਨ ਵਿੱਚ ਸਫਲਤਾ ਪ੍ਰਾਪਤ ਕੀਤੀ। ਉਹ ਲੰਬੇ ਸਮੇਂ ਤੋਂ ਫਰਾਰ ਸੀ।ਬਦਨਾਮ ਅਪਰਾਧੀ, ਅਰਮਾਨ ਉਰਫ਼ ਅੰਮੂ ਦੀ ਸਫਲ ਗ੍ਰਿਫ਼ਤਾਰੀ ਉਦੋਂ ਹੋਈ ਜਦੋਂ ਇੰਸਪੈਕਟਰ ਅਮਰੇਂਦਰ ਬਹਾਦਰ ਸਿੰਘ, ਜੋ ਕਿ ਆਪਣੀ ਨਿਰਪੱਖ ਅਤੇ ਪਾਰਦਰਸ਼ੀ ਕਾਰਜ ਸ਼ੈਲੀ ਅਤੇ ਆਪਣੇ ਹਮਲਾਵਰ, ਸੁਚੱਜੇ ਵਿਵਹਾਰ ਅਤੇ ਲੜਾਕੂ ਰਵੱਈਏ ਲਈ ਜਾਣਿਆ ਜਾਂਦਾ ਹੈ, ਆਪਣੀ ਟੀਮ ਨਾਲ ਗਸ਼ਤ 'ਤੇ ਸੀ।ਇਸ ਦੌਰਾਨ, ਇੱਕ ਮੁਖਬਰ ਤੋਂ ਮਿਲੀ ਸਹੀ ਜਾਣਕਾਰੀ ਦੇ ਆਧਾਰ 'ਤੇ, ਯੋਗੀ ਸਰਕਾਰ ਦੇ ਅਪਰਾਧੀਆਂ ਨੂੰ ਢੁਕਵਾਂ ਸਬਕ ਸਿਖਾਉਣ ਅਤੇ ਮਿਹਨਤੀ, ਜਨਤਾ-ਪੱਖੀ ਪਹੁੰਚ ਦੇ ਦ੍ਰਿਸ਼ਟੀਕੋਣ ਦੇ ਅਨੁਸਾਰ, ਇੰਸਪੈਕਟਰ ਅਮਰੇਂਦਰ ਬਹਾਦਰ ਦੀ ਅਗਵਾਈ ਵਾਲੀ ਇੱਕ ਟੀਮ, ਜਿਸ ਵਿੱਚ ਸਬ-ਇੰਸਪੈਕਟਰ ਸੋਮਵੀਰ ਸਿੰਘ ਅਤੇ ਕਾਂਸਟੇਬਲ ਮਨੀਸ਼ ਕੁਮਾਰ ਸ਼ਾਮਲ ਸਨ, ਨੇ ਮੈਥਾ ਨਹਿਰ ਪੁਲ ਦੇ ਨੇੜੇ ਇੱਕ ਜਾਲ ਵਿਛਾਇਆ ਅਤੇ ਇਸ ਬਦਨਾਮ ਅਪਰਾਧੀ ਨੂੰ ਭੱਜਣ ਵਿੱਚ ਸਫਲ ਹੋਣ ਤੋਂ ਪਹਿਲਾਂ ਹੀ ਗ੍ਰਿਫ਼ਤਾਰ ਕਰ ਲਿਆ।ਇੰਸਪੈਕਟਰ ਅਮਰੇਂਦਰ ਬਹਾਦਰ ਸਿੰਘ, ਜੋ ਕਾਨੂੰਨ ਅਤੇ ਵਿਵਸਥਾ ਦਾ ਸਮਰਥਨ ਕਰਦੇ ਹਨ, ਅਪਰਾਧੀਆਂ ਵਿਰੁੱਧ ਸਰਗਰਮੀ ਨਾਲ ਕੰਮ ਕਰਦੇ ਹਨ ਅਤੇ ਪੀੜਤਾਂ ਦੀ ਸ਼ਿਕਾਇਤਾਂ ਦੇ ਹੱਲ ਹੋਣ ਤੱਕ ਰੱਖਿਆ ਕਰਦੇ ਹਨ, ਦੇ ਅਨੁਸਾਰ, ਫੜੇ ਗਏ ਅਪਰਾਧੀ, ਅਰਮਾਨ ਉਰਫ਼ ਅੰਮੂ ਨੇ, ਆਪਣੇ ਅਪਰਾਧੀ ਸਾਥੀਆਂ ਨਾਲ ਮਿਲ ਕੇ, 9 ਜਨਵਰੀ, 2025 ਨੂੰ ਪਿੰਡ ਭੀਖਰ ਨੇੜੇ ਨਿਊ ਮਾਨਸੀ ਜਵੈਲਰਜ਼ ਦੇ ਮਾਲਕ ਰਾਜਕੁਮਾਰ ਉਰਫ਼ ਰਾਜੂ ਤੋਂ ਗਹਿਣਿਆਂ ਅਤੇ ਨਕਦੀ ਨਾਲ ਭਰਿਆ ਇੱਕ ਬੈਗ ਲੁੱਟ ਲਿਆ ਸੀ। ਇਸ ਬੈਗ ਵਿੱਚ 10 ਗ੍ਰਾਮ ਸੋਨਾ, ਲਗਭਗ ਅੱਧਾ ਕਿਲੋਗ੍ਰਾਮ ਚਾਂਦੀ ਅਤੇ 25,000 ਰੁਪਏ ਨਕਦ ਸਨ। ਇਸ ਮਾਮਲੇ ਵਿੱਚ, ਪੁਲਿਸ ਪਹਿਲਾਂ ਹੀ ਦੋ ਮੁਲਜ਼ਮਾਂ, ਜ਼ਾਹਿਦ ਅਤੇ ਰਿਹਾਨ ਨੂੰ ਜੇਲ੍ਹ ਭੇਜ ਚੁੱਕੀ ਹੈ, ਜਦੋਂ ਕਿ ਅਰਮਾਨ ਉਰਫ਼ ਅੰਮੂ ਫਰਾਰ ਰਿਹਾ। ਉਸਦੀ ਗ੍ਰਿਫ਼ਤਾਰੀ ਲਈ ਪੁਲਿਸ ਸੁਪਰਡੈਂਟ ਦੁਆਰਾ 15,000 ਰੁਪਏ ਦੇ ਇਨਾਮ ਦਾ ਐਲਾਨ ਕੀਤਾ ਗਿਆ ਸੀ।ਔਰਈਆ ਜ਼ਿਲ੍ਹੇ ਦੇ ਸਮਥਰਪੁਰ ਦੇ ਰਹਿਣ ਵਾਲੇ 20 ਸਾਲਾ ਅਪਰਾਧੀ, ਅਰਮਾਨ ਉਰਫ਼ ਅੰਮੂ, ਦੇ ਖਿਲਾਫ ਪਹਿਲਾਂ ਹੀ ਸਿਕੰਦਰਾ ਅਤੇ ਸ਼ਿਵਲੀ ਪੁਲਿਸ ਥਾਣਿਆਂ ਵਿੱਚ ਗੰਭੀਰ ਧਾਰਾਵਾਂ ਤਹਿਤ ਮਾਮਲੇ ਦਰਜ ਹਨ। ਪੁਲਿਸ ਹੁਣ ਉਸਦੇ ਗਿਰੋਹ ਦੇ ਹੋਰ ਮੈਂਬਰਾਂ ਦੀ ਜਾਂਚ ਕਰ ਰਹੀ ਹੈ।

## ਬਾਬਾ ਸਾਹਿਬ ਦੇ ਜੀਵਨ ਅਤੇ ਸੰਘਰਸ਼ ਨੂੰ ਸਮਰਪਿਤ ਸੈਮੀਨਾਰ ਕਰਵਾਇਆ





ਧੂਰੀ 13 ਅਪ੍ਰੈਲ ( ਸੁਰਿੰਦਰ ਸਿੰਘ ) ਸਮੂਹ ਗ੍ਰਾਮ ਪੰਚਾਇਤ ਪਿੰਡ ਮਾਨਾ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਪਿੰਡ ਮਾਨਾ ਵਿਖੇ ਡਾਕਟਰ ਭੀਮ ਰਾਓ ਅੰਬੇਡਕਰ ਦੇ ਜਨਮਦਿਨ ਨੂੰ ਸਮਰਪਿਤ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਸੈਮੀਨਾਰ ਦਾ ਮੁੱਖ ਵਿਸ਼ਾ ਬਾਬਾ ਸਾਹਿਬ ਦੇ "ਜੀਵਨ ਅਤੇ ਸੰਘਰਸ਼" ਤੇ ਅਧਾਰਤ ਕਰਵਾਇਆ ਗਿਆ। ਮੁੱਖ ਬੁਲਾਰੇ ਤੌਰ ਤੇ ਪਹੁੰਚੇ ਗੁਰਪ੍ਰੀਤ ਸਿੰਘ ਈਸੀ ਵੱਲੋਂ ਬਾਵਾ ਸਾਹਿਬ ਦੇ ਜੀਵਨ ਅਤੇ ਸੰਘਰਸ਼ ਨੂੰ ਵਿਸਥਾਰ ਪੂਰਵਕ ਲੋਕਾਂ ਨੂੰ ਜਾਣੂ ਕਰਵਾਇਆ ਉਹਨਾਂ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਸਾਨੂੰ ਜੀਵਨ ਵਿੱਚ ਅੱਗੇ ਵਧਣ ਲਈ ਵੱਧ ਤੋਂ ਵੱਧ ਸਿੱਖਿਆ ਗ੍ਰਹਿਣ ਕਰਨੀ ਚਾਹੀਦੀ ਹੈ। ਸੈਮੀਨਾਰ ਦੌਰਾਨ ਨੀਟ ਦੀ ਪ੍ਰੀਖਿਆ ਪਾਸ ਕਰਨ ਤੇ ਹੁਸਨਪ੍ਰੀਤ ਸਿੰਘ ਅਤੇ ਇੰਡੋ ਨੇਪਾਲ ਗੇਮ ਵਿੱਚ ਬਰਾਉਨ ਮੈਡਲ ਜਿੱਤਣ ਤੇ ਜਸਕਰਨ ਸਿੰਘ ਅਤੇ ਮੈਰੀਟੋਰੀਅਸ ਟੈਸਟ ਕਲੀਅਰ ਕਰਨ ਤੇ ਜਸਮੀਤ ਕੌਰ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ ਇਸ ਮੌਕੇ ਸਮੂਹ ਪ੍ਰਾਇਮਰੀ ਵਿਦਿਆਰਥੀਆਂ ਨੂੰ ਵੀ ਸਨਮਾਨ ਚਿੰਨ ਨਾਲ ਸਨਮਾਨਿਤ ਕੀਤਾ ਗਿਆ। ਪ੍ਰੋਗਰਾਮ ਦੌਰਾਨ ਸਟੇਜ ਸੰਚਾਲਨ ਦੀ ਜ਼ਿੰਮੇਵਾਰੀ ਅਮਰੀਕ ਸਿੰਘ ਮਾਨਾ ਵੱਲੋਂ ਨਿਭਾਈ ਗਈ। ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਸਰਪੰਚ ਜਸਬੀਰ ਸਿੰਘ, ਮੈਂਬਰ ਕੁਲਵਿੰਦਰ ਕੌਰ, ਅਵਤਾਰ ਸਿੰਘ, ਕੁਲਵਿੰਦਰ ਸਿੰਘ, ਪ੍ਰਵੀਨ ਕੌਰ, ਗੁਰਜੰਟ ਸਿੰਘ, ਅਮਰੀਕ ਸਿੰਘ ਫੌਜੀ, ਭਾਈ ਦਲਵੀਰ ਸਿੰਘ ਅਤੇ ਸਮੁੱਚਾ ਸਕੂਲ ਸਟਾਫ ਤੋਂ ਇਲਾਵਾ ਗੁਰੂ ਰਵਿਦਾਸ ਵੈਲਫੇਅਰ ਕਲੱਬ ਮਾਨਾ ਦਾ ਵਿਸ਼ੇਸ਼ ਸਹਿਯੋਗ ਰਿਹਾ।

## ਆਰ. ਟੀ. ਓ ਨਵਾਂਸ਼ਹਿਰ ਨੇ ਵਿਸ਼ੇਸ਼ ਨਾਕਾ ਬੰਦੀ ਕਰਕੇ ਓਵਰਲੋਡਿਡ ਵਾਹਨਾਂ ਦੇ ਕੱਟੇ ਚਾਲਾਨ





ਨਵਾਂਸ਼ਹਿਰ /ਕਾਠਗੜ੍ਹ 13 ਅਪ੍ਰੈਲ (ਜਤਿੰਦਰ ਪਾਲ ਸਿੰਘ ਕਲੇਰ )ਰੋਪੜ੍ਹ ਬਲਾਚੌਰ ਨੈਸ਼ਨਲ ਹਾਈਵੇ ਤੇ ਸਥਿਤ ਟੋਲ ਪਲਾਜ਼ਾ ਬੱਛੂਆਂ ਤੇ ਜ਼ਿਲ੍ਹਾਂ ਸ਼ਹੀਦ ਭਗਤ ਸਿੰਘ ਨਗਰ ਦੇ ਆਰ. ਟੀ. ਓ ਇੰਦਰਪਾਲ ਵੱਲੋਂ ਵਿਸ਼ੇਸ਼ ਨਾਕਾਬੰਦੀ ਕਰਕੇ ਓਵਰਲੋਡਿਡ ਵਾਹਨਾਂ ਅਤੇ ਅਧੂਰੇ ਕਾਗਜ਼ਾਂ ਵਾਲਿਆਂ ਦੇ ਚਲਾਨ ਕੱਟੇ | ਉਨ੍ਹਾਂ ਨੇ ਸਹੀ ਢੰਗ ਨਾਲ ਟ੍ਰੈਫਿਕ ਨਿਯਮਾਂ ਦੀ ਪਾਲਣਾ ਨਾ ਕਰਨ ਵਾਲਿਆਂ ਦੇ ਖਿਲਾਫ਼ ਸਖਤ ਕਾਰਵਾਈ ਕਰਦੇ ਹੋਏ 8 ਦੇ ਕਰੀਬ ਵਾਹਨਾਂ ਦੇ ਚਾਲਾਨ ਵੀ ਕੀਤੇ | ਇਸ ਮੌਕੇ ਆਰਟੀਓ ਇੰਦਰਪਾਲ ਨੇ ਬੱਛੂਆਂ ਟੋਲ ਪਲਾਜ਼ਾ ਤੇ ਵਿਸ਼ੇਸ਼ ਨਾਕਾਬੰਦੀ ਕਰਕੇ ਓਵਰਲੋਡਿਡ, ਓਵਰ ਸਪੀਡ, ਬਿਨਾ ਕਾਗਜ਼ਾਤ , ਬਿਨਾਂ ਨੰਬਰ ਪਲੇਟ, ਪ੍ਰੈਸ਼ਰ ਹਾਰਨ ਤੇ ਗਲਤ ਪਰਕਿੰਗ ਕਰਨ ਵਾਲਿਆਂ ਵਾਹਨਾ ਦੇ ਚਾਲਾਨ ਕੱਟੇ | ਉਨ੍ਹਾਂ ਦੱਸਿਆਂ ਕਿ ਜਿੰਨਾ ਦੇ ਚਲਾਨ ਕੀਤੇ ਉਨ੍ਹਾਂ ਨੇ ਨਾਲ ਹੀ ਭੁਗਤਾਨ ਕਰ ਦਿੱਤਾ | ਉਨ੍ਹਾਂ ਵਾਹਨ ਚਾਲਕਾਂ ਨੂੰ ਸੁਚੇਤ ਕਰਦੇ ਹੋਏ ਕਿਹਾ ਕਿ ਘਰ ਤੋਂ ਨਿਕਲਦੇ ਸਮੇਂ ਆਪਣੇ ਵਾਹਨਾਂ ਦੇ ਕਾਗਜ਼ਾਤ ਪੂਰੇ ਲੈ ਕੇ ਨਿਕਲੋ ਤਾਕਿ ਚੈਕਿੰਗ ਦੇ ਦੌਰਾਨ ਕਿਸੇ ਤਰ੍ਹਾਂ ਦੀ ਸਮੱਸਿਆ ਨਾ ਹੋਵੇ | ਉਨ੍ਹਾਂ ਵਾਹਨਾਂ ਨੂੰ ਧੀਮੀ ਗਤੀ ਨਾਲ ਚਲਾਉਣ ਦੀ ਅਪੀਲ ਕੀਤੀ | ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਨਿਯਮਾਂ ਦੀ ਉਲੰਘਣਾ ਕਰਦਾਂ ਪਾਇਆ ਗਿਆ ਤਾਂ ਉਨਾਂ ਦੇ ਖਿਲਾਫ਼ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ | ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਉਨ੍ਹਾਂ ਵੱਲੋਂ ਪੂਰੇ ਜਿਲ੍ਹੇਂ ਵਿੱਚ ਚੈਕਿੰਗ ਜਾਰੀ ਰਹੇਗੀ।

## ਸਦਭਾਵਨਾ ਕਾਲਜ ਦੇ ਵਿਦਿਆਰਥੀਆਂ ਨੇ ਬੀ.ਐੱਡ ਦੇ ਤੀਜੇ ਸੈਸ਼ਨ 2025-2026 ਵਿੱਚ ਮਾਰੀਆਂ ਮੱਲਾਂ



ਸਿਮਰਨ ਗੋਗਨਾ | ਭਾਵਨਾ | ਨਿਸ਼ਾ ਰਾਣੀ | ਪਾਇਲ ਸੋਨੀ | ਰਿਸ਼ਬ ਨੰਦਾ



ਨੀਰਜ ਸ਼ਰਮਾਂ | ਨਿਤੀਆ ਸ਼ਰਮਾਂ | ਪਰਮਿੰਦਰ ਕੌਰ | ਪ੍ਰਿਅੰਕਾ ਦੂਆ

ਲੁਧਿਆਣਾ 13 ਅਪ੍ਰੈਲ (ਕਰਨੈਲ ਸਿੰਘ ਐੱਮ.ਏ.) ਪੰਜਾਬ ਯੂਨੀਵਰਸਿਟੀ ਬੀ.ਐੱਡ ਸਮੈਸਟਰ ਤੀਜੇ ਅਕਾਦਮਿਕ ਸੈਸ਼ਨ 2025-26 ਦਾ ਨਤੀਜਾ ਘੋਸ਼ਿਤ ਕਰ ਦਿੱਤਾ ਗਿਆ ਹੈ। ਨਤੀਜੇ ਵਜੋਂ, ਸਦਭਾਵਨਾ ਕਾਲਜ ਦੇ ਸਾਰੇ ਵਿਦਿਆਰਥੀਆਂ ਨੇ ਚੰਗੇ ਅੰਕ ਪ੍ਰਾਪਤ ਕਰਕੇ ਕਾਲਜ ਦਾ ਨਾਮ ਰੌਸ਼ਨ ਕੀਤਾ। ਇਸ ਨਤੀਜੇ 'ਚ ਸਿਮਰਨ ਗੋਗਨਾ ਪੁੱਤਰੀ ਪਰਮਿੰਦਰ ਸਿੰਘ ਨੇ 89% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ, ਭਾਵਨਾ ਪੁੱਤਰੀ ਜਗਮੋਹਨ ਰਾਏ, ਨਿਸ਼ਾ ਰਾਣੀ ਪੁੱਤਰੀ ਹਰਮੇਸ਼ ਲਾਲ, ਪਾਇਲ ਸੋਨੀ ਪੁੱਤਰੀ ਵਿਜੇ ਸੋਨੀ, ਰਿਸ਼ਭ ਨੰਦਾ ਪੁੱਤਰੀ ਸੰਦੀਪ ਨੰਦਾ ਨੇ 88.60% ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਪ੍ਰਾਪਤ ਕੀਤਾ ਅਤੇ ਨੀਰਜ ਸ਼ਰਮਾ ਪੁੱਤਰੀ ਗਣੇਸ਼ ਸ਼ਰਮਾ, ਨਿਤਿਆ ਸ਼ਰਮਾ ਪੁੱਤਰੀ ਬਲਵਿੰਦਰ ਕੁਮਾਰ, ਪਰਮਿੰਦਰ ਕੌਰ ਪੁੱਤਰੀ ਸੁਖਪਾਲ ਸਿੰਘ ਅਤੇ ਪ੍ਰਿਯੰਕਾ ਦੂਆ ਪੁੱਤਰੀ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਜਤਿੰਦਰ ਦੂਆ ਨੇ ਤੀਜਾ ਸਥਾਨ ਪ੍ਰਾਪਤ ਕਰਕੇ ਆਪਣੇ ਮਾਪਿਆਂ ਅਤੇ ਕਾਲਜ ਦੀ ਸਦਭਾਵਨਾ ਸੰਸਥਾ ਦਾ ਨਾਮ ਉੱਚਾ ਕੀਤਾ। ਕਾਲਜ ਦੀ ਮੈਨੇਜਮੈਂਟ ਅਤੇ ਸਮੂਹ ਸਟਾਫ਼ ਨੇ ਪਾਸ ਹੋਏ ਵਿਦਿਆਰਥੀਆਂ ਦੇ ਮੂੰਹ ਮਿੱਠੇ ਕੀਤੇ ਅਤੇ ਵਿਦਿਆਰਥੀਆਂ ਨੂੰ ਹੋਰ ਵੀ ਜ਼ਿਆਦਾ ਮਿਹਨਤ ਕਰਨ ਲਈ ਉਤਸ਼ਾਹਿਤ ਕੀਤਾ ਗਿਆ।

## ਸਿੱਖਿਆ ਹੀ ਜੀਵਨ ਨੂੰ ਰੌਸ਼ਨ, ਕਰਦੀ ਹੈ, ਉੱਚੇ ਮੁਕਾਮਾਂ 'ਤੇ ਪਹੁੰਚਾਉਂਦੀ ਹੈ: ਹਰਲੀਨ ਮੋਹਾਲੀ

### ਕਿਹਾ: ਵਿਸਾਖੀ ਦਾ ਤਿਉਹਾਰ ਸਾਨੂੰ ਏਕਤਾ ਤੇ ਨਵੀਂ ਊਰਜਾ ਨਾਲ ਅੱਗੇ ਵਧਣ ਦੀ ਪ੍ਰੇਰਨਾ ਦਿੰਦਾ ਹੈ



ਨਾਭਾ, 13 ਅਪ੍ਰੈਲ (ਅਮਨ ਗਰਗ)- ਸਮਾਜ ਸੇਵਾ 'ਚ ਮੋਹਰੀ ਸੰਸਥਾ 'ਦੀ ਨਵੀਂ ਰਾਹ' ਫਾਊਂਡੇਸ਼ਨ ਦੇ ਮੁੱਖ ਸੰਸਥਾਪਕ ਸ੍ਰੀਮਤੀ ਹਰਲੀਨ ਕੌਰ ਮੋਹਾਲੀ ਨੇ ਆਪਣੇ ਪੁੱਤਰ ਪਾਰਥਵੀਰ ਦੀ ਹਾਜ਼ਰੀ 'ਚ ਕਿਹਾ ਕਿ ਸਿੱਖਿਆ ਮਨੁੱਖੀ ਜੀਵਨ ਦੀ ਸਭ ਤੋਂ ਵੱਡੀ ਤਾਕਤ ਹੈ ਜੋ ਵਿਅਕਤੀ ਨੂੰ ਹਨੇਰੇ ਤੋਂ ਰੌਸ਼ਨੀ ਵੱਲ ਲੈ ਜਾਂਦੀ ਹੈ। ਉਹਨਾਂ ਕਿਹਾ ਕਿ ਸਿੱਖਿਆ ਸਿਰਫ ਕਿਤਾਬਾਂ ਤੱਕ ਸੀਮਤ ਨਹੀਂ ਰਹਿੰਦੀ ਸਗੋਂ ਇਹ ਮਨੁੱਖ ਦੇ ਚਰਿਤਰ ਸੋਚ ਅਤੇ ਫੈਸਲਾ ਲੈਣ ਦੀ ਸਮਰੱਥਾ ਨੂੰ ਮਜਬੂਤ ਬਣਾਉਂਦੀ ਹੈ।। ਉਹਨਾਂ ਕਿਹਾ ਕਿ ਜਿਸ ਵਿਅਕਤੀ ਕੋਲ ਸਿੱਖਿਆ ਹੁੰਦੀ ਹੈ ਉਹ ਕਿਸੇ ਵੀ ਮੁਸ਼ਕਿਲ ਦਾ ਸਾਹਮਣਾ ਕਰ ਸਕਦਾ ਹੈ ਅਤੇ ਆਪਣੀ ਮਿਹਨਤ ਦੇ ਨਾਲ ਜੀਵਨ ਚ ਵੱਡੇ ਮੁਕਾਮ ਹਾਸਿਲ ਕਰ ਸਕਦਾ। ਸਿੱਖਿਆ ਨਾਲ ਨਾ ਸਿਰਫ ਵਿਅਕਤੀ ਆਪਣਾ ਭਵਿੱਖ ਸੁਧਾਰ ਦਾ ਹੈ ਸਗੋਂ ਸਮਾਜ ਚ ਵੀ ਚੰਗਾ ਬਦਲਾ ਲਿਆਂਦਾ ਹੈ। ਹਰਲੀਨ ਮੋਹਾਲੀ ਨੇ ਕਿਹਾ ਕਿ ਅੱਜ ਦੇ ਮੁਕਾਬਲੇ ਭਰੇ ਦੌਰ 'ਚ ਸਿੱਖਿਆ ਦੀ ਮਹੱਤਤਾ ਹੋਰ ਵੀ ਵਧ ਗਈ ਹੈ ਅਤੇ ਹਰ ਮਾਪੇ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਆਪਣੇ ਬੱਚਿਆਂ ਨੂੰ ਚੰਗੀ ਸਿੱਖਿਆ ਦੇਣ। ਸ਼੍ਰੀਮਤੀ ਹਰਲੀਨ ਮੋਹਾਲੀ ਨੇ ਕਿਹਾ ਕਿ ਅਧਿਆਪਕਾਂ ਦੀ ਭੂਮਿਕਾ ਵੀ ਇਸ ਚ ਬਹੁਤ ਅਹਿਮ ਹੁੰਦੀ ਹੈ ਜੋ ਬੱਚਿਆਂ ਨੂੰ ਸਹੀ ਦਿਸ਼ਾ ਦਿਖਾਉਂਦੇ ਹਨ ਅਤੇ ਉਨਾਂ ਨੂੰ ਉੱਚੇ ਲਕਸ਼ ਹਾਸਲ ਕਰਨ ਲਈ ਪ੍ਰੇਰਿਤ ਕਰਦੇ ਹਨ। ਉਨ੍ਹਾਂ ਕਿਹਾ ਕਿ ਸਿੱਖਿਆ ਨਾਲ ਮਨੁੱਖ 'ਚ ਆਤਮ ਵਿਸ਼ਵਾਸ ਪੈਦਾ ਹੁੰਦਾ ਹੈ ਜੋ ਉਸਨੂੰ ਹਰ ਮੰਜ਼ਿਲ ਤੱਕ ਪਹੁੰਚਣ ਦੀ ਤਾਕਤ ਦਿੰਦਾ ਹੈ। ਹਰਲੀਨ ਮੋਹਾਲੀ ਨੇ ਕਿਹਾ ਕਿ ਸਾਨੂੰ ਸਿੱਖਿਆ ਨੂੰ ਆਪਣੀ ਜ਼ਿੰਦਗੀ ਦਾ ਅਹਿਮ ਹਿੱਸਾ ਬਣਾਉਣਾ ਚਾਹੀਦਾ ਹੈ ਅਤੇ ਬੱਚਿਆਂ ਨੂੰ ਇਸ ਵੱਲ ਪ੍ਰੇਰਿਤ ਕਰਨਾ ਚਾਹੀਦਾ ਹੈ ਤਾਂ ਜੋ ਉਹ ਭਵਿੱਖ 'ਚ ਦੇਸ਼ ਅਤੇ ਸਮਾਜ ਦਾ ਨਾਂ ਰੌਸ਼ਨ ਕਰ ਸਕਣ। ਹਰਲੀਨ ਮੋਹਾਲੀ ਨੇ ਸਮੂਹ ਦੇਸ਼ ਵਾਸੀਆਂ ਨੂੰ ਵਿਸਾਖੀ ਦੇ ਤਿਹਾਰ ਦੀਆਂ ਮੁਬਾਰਕਾਂ ਦਿੰਦਿਆਂ ਆਪਣੇ ਸੰਦੇਸ਼ 'ਚ ਕਿਹਾ ਕਿ ਵਿਸਾਖੀ ਸਾਡੀ ਸੰਸਕ੍ਰਿਤ ਅਤੇ ਮਿਹਨਤ ਦਾ ਪ੍ਰਤੀਕ ਹੈ। ਉਨਾ ਕਾਮਨਾ ਕੀਤੀ ਕਿ ਇਹ ਤਿਉਹਾਰ ਸਭ ਦੇ ਜੀਵਨ 'ਚ ਸੁਖ ਸਮਰਿੱਧੀ ਅਤੇ ਕਾਮਯਾਬੀ ਲਿਆਵੇ। ਉਹਨਾਂ ਕਿਹਾ ਕਿ ਅੱਜ ਦੇ ਦਿਨ ਸਾਨੂੰ ਆਪਣੇ ਅਮੀਰ ਵਿਰਸੇ ਨਾਲ ਜੁੜਨ ਅਤੇ ਮਿਹਨਤ ਦੇ ਰਾਹ 'ਤੇ ਚੱਲਣ ਦਾ ਪ੍ਰਣ ਲੈਣਾ ਚਾਹੀਦਾ ਹੈ ਤਾਂ ਜੋ ਦੇਸ਼ ਨਿਰੰਤਰ ਤਰੱਕੀ ਕਰਦਾ ਰਹੇ। ਅਖੀਰ 'ਚ ਹਰਲੀਨ ਮੋਹਾਲੀ ਨੇ ਕਿਹਾ ਕਿ ਇਹ ਪਵਿੱਤਰ ਮੌਕਾ ਸਾਨੂੰ ਏਕਤਾ, ਭਾਈਚਾਰੇ ਅਤੇ ਨਵੀਂ ਊਰਜਾ ਨਾਲ ਅੱਗੇ ਵਧਣ ਦੀ ਪ੍ਰੇਰਨਾ ਦਿੰਦਾ ਹੈ। ਇਸ ਮੌਕੇ ਪਾਰਥਵੀਰ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਰਿਹਾ।

## ਰਾਸ਼ਟਰੀ ਫਾਇਰ ਸੇਫਟੀ ਜਾਗਰੂਕਤਾ ਪੰਦਰਵਾੜੇ ਦਾ ਸ਼ੁਭ ਆਰੰਭ ਟ੍ਰੇਨਿੰਗ ਦੇਕੇ ਕੀਤਾ।




ਦੇਸ਼ ਵਿੱਚ ਰਾਸ਼ਟਰੀ ਫਾਇਰ ਸੇਫਟੀ ਜਾਗਰੂਕਤਾ ਪੰਦਰਵਾੜੇ ਦਾ ਸ਼ੁਭ ਆਰੰਭ, ਫਸਟ ਏਡ ਸੇਫਟੀ ਸਿਹਤ ਜਾਗਰੂਕਤਾ ਮਿਸ਼ਨ ਦੇ ਚੀਫ ਟ੍ਰੇਨਰ ਸ਼੍ਰੀ ਕਾਕਾ ਰਾਮ ਵਰਮਾ ਵਲੋਂ ਰਿਮੱਟ ਯੂਨੀਵਰਸਿਟੀ ਵਲੋਂ ਲਗਾਏ ਐਨ ਐਸ ਐਸ ਕੈਂਪ ਵਿਖੇ ਵੰਲਟੀਅਰਾਂ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ 500 ਤੋਂ ਵੱਧ ਵਿਦਿਆਰਥੀਆਂ, ਅਧਿਆਪਕਾਂ ਨੂੰ ਫਸਟ ਏਡ, ਸੀ ਪੀ ਆਰ ਰਿਕਵਰੀ ਪੁਜੀਸ਼ਨ, ਵੈਂਟੀਲੈਟਰ ਬਣਾਉਟੀ ਸਾਹ ਕਿਰਿਆ, ਫਾਇਰ ਸੇਫਟੀ ਸਿਲੰਡਰਾਂ ਦੀ ਵਰਤੋਂ, ਪੀੜਤਾਂ ਦੀ ਸੇਵਾ ਸੰਭਾਲ ਅਤੇ ਹੈਲਪ ਲਾਈਨ ਨੰਬਰਾਂ ਦੀ ਵਰਤੋਂ ਬਾਰੇ ਟ੍ਰੇਨਿੰਗਾਂ ਦੇਕੇ ਕੀਤੀ। ਯੂਨੀਵਰਸਿਟੀ ਦੇ ਰਜਿਸਟਰਾਰ, ਐਨ ਐਸ ਐਸ ਪ੍ਰੋਗਰਾਮ ਕੌਆਰਡੀਨੇਟਰ, ਪ੍ਰੋਗਰਾਮ ਅਫ਼ਸਰਾਂ ਅਤੇ ਸਕੂਲ ਦੇ ਪ੍ਰਿੰਸੀਪਲ ਨੇ ਧੰਨਵਾਦ ਕਰਦੇ ਹੋਏ ਕਿਹਾ ਕਿ ਅਦਾਰਿਆਂ ਵਿਖੇ ਅੱਗ ਬੁਝਾਉਣ ਵਾਲੇ ਸਿਲੰਡਰ ਤਾਂ ਲਗੇ ਹਨ ਪਰ ਅੱਗਾਂ ਦੀਆਂ ਕਿਸਮਾਂ, ਅੱਗਾਂ ਬੁਝਾਉਣ ਵਾਲੇ ਸਿਲੰਡਰਾਂ ਦੀ ਠੀਕ ਵਰਤੋਂ ਬਾਰੇ ਸ਼੍ਰੀ ਕਾਕਾ ਰਾਮ ਵਰਮਾ ਅਤੇ ਪੰਜਾਬ ਪੁਲਿਸ ਦੇ ਏ ਐਸ ਆਈ ਰਾਮ ਸਰਨ ਰਾਹੀਂ ਸਮਝ ਆਈ ਹੈ। ਹਰ ਸਾਲ ਦੇਸ਼ ਵਿੱਚ ਅੱਗਾਂ, ਗੈਸਾਂ, ਬਿਜਲੀ ਸ਼ਾਟ ਸਰਕਟ, ਧੂੰਏਂ, ਕਰੰਟ ਕਾਰਨ ਲੱਖਾਂ ਲੋਕਾਂ ਦੀਆਂ ਮੌਤਾਂ ਹੋ ਰਹੀਆਂ ਅਤੇ ਅਰਬਾਂ ਰੁਪਏ ਦੀਆਂ ਪ੍ਰਾਪਰਟੀਆਂ ਸੜਕੇ ਖਤਮ ਹੋ ਜਾਂਦੀਆਂ ਹਨ ਕਿਉਂਕਿ ਲੋਕਾਂ ਨੂੰ ਅੱਗਾਂ, ਗੈਸਾਂ, ਬਿਜਲੀ, ਪੈਟਰੋਲੀਅਮ ਪਦਾਰਥਾਂ, ਦੀ ਵਰਤੋਂ ਅਤੇ ਐਮਰਜੈਂਸੀ ਦੌਰਾਨ ਕੀਮਤੀ ਜਾਨਾਂ ਅਤੇ ਪ੍ਰਾਪਰਟੀਆਂ ਨੂੰ ਬਚਾਉਣ ਦੀ ਟ੍ਰੇਨਿੰਗਾਂ, ਅਭਿਆਸ ਨਹੀਂ ਹੁੰਦੇ। ਉਨ੍ਹਾਂ ਨੇ ਧੰਨਵਾਦ ਕਰਦੇ ਹੋਏ ਕਿਹਾ ਕਿ ਹੁਣ ਵੱਧ ਸਿਖਿਆ ਸੰਸਥਾਵਾਂ ਵਲੋਂ ਆਪਣੇ ਵਿਦਿਆਰਥੀਆਂ, ਅਧਿਆਪਕਾਂ ਅਤੇ ਕਰਮਚਾਰੀਆਂ ਨੂੰ ਆਫ਼ਤ ਪ੍ਰਬੰਧਨ, ਫਸਟ ਏਡ, ਫਾਇਰ ਸੇਫਟੀ ਦੀਆਂ ਟ੍ਰੇਨਿੰਗਾਂ ਅਭਿਆਸ ਕਰਵਾਏ ਜਾਂਦੇ ਹਨ। ਕਿਉਂਕਿ ਕੁੱਝ ਕੁ ਮਿੰਟਾਂ ਵਿੱਚ ਹੀ ਅੱਗਾਂ, ਸਿਲੰਡਰ, ਪੈਟਰੋਲ, ਤੇਲ, ਬਿਜਲੀ ਉਪਕਰਨ, ਬੰਬ ਮਿਜ਼ਾਈਲਾਂ ਵਾਂਗ ਤਬਾਹੀਆਂ ਕਰਨ ਲੱਗਦੇ ਹਨ, ਇਸ ਲਈ ਪਹਿਲੇ ਦੋ ਤਿੰਨ ਮਿੰਟਾਂ ਵਿੱਚ ਹੀ ਠੀਕ ਮਦਦ ਕਰਕੇ ਕੀਮਤੀ ਜਾਨਾਂ ਅਤੇ ਪ੍ਰਾਪਰਟੀਆਂ ਨੂੰ ਬਚਾਇਆ ਜਾ ਸਕਦਾ ਹੈ ਜਿਸ ਹਿੱਤ ਵਿਦਿਆਰਥੀਆਂ ਅਧਿਆਪਕਾਂ ਕਰਮਚਾਰੀਆਂ ਨਾਗਰਿਕਾਂ ਅਤੇ ਘਰੈਲੂ ਸੁਰੱਖਿਆ ਲਈ ਟ੍ਰੇਨਿੰਗਾਂ ਅਭਿਆਸ ਅਤੇ ਮੌਕ ਡਰਿੱਲਾਂ ਕਰਵਾਈਆਂ ਜਾਣੀਆ ਬਹੁਤ ਜ਼ਰੂਰੀ ਹਨ

## ਸ੍ਰੀ ਅਕਾਲ ਤਖ਼ਤ ਸਾਹਿਬ ਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਪਲਾਸਟਿਕ-ਮੁਕਤ, ਕੁਦਰਤ-ਅਨੁਕੂਲ ਧਾਰਮਿਕ ਇਕੱਠਾਂ ਦਾ ਸੱਦਾ



ਪਟਿਆਲਾ, 13 ਅਪ੍ਰੈਲ:ਪੰਜਾਬ ਵਿੱਚ ਹੋਣ ਵਾਲੀਆਂ ਧਾਰਮਿਕ ਇਕੱਤਰਤਾਵਾਂ ਮੌਕੇ ਪਲਾਸਟਿਕ ਰਹਿਤ ਵਾਤਾਵਰਣ ਸਿਰਜਣ ਲਈ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੀ ਚੇਅਰਪਰਸਨ ਰੀਨਾ ਗੁਪਤਾ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਮੁਲਾਕਾਤ ਕੀਤੀ ਹੈ। ਉਨ੍ਹਾਂ ਦੱਸਿਆ ਕਿ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਹੋਈ ਇਸ ਬੈਠਕ ਦੌਰਾਨ ਪੰਜਾਬ ਦੇ ਲੋਕਾਂ ਨੂੰ ਧਾਰਮਿਕ ਅਤੇ ਸੱਭਿਆਚਾਰਕ ਇਕੱਠਾਂ ਦੌਰਾਨ ਵਾਤਾਵਰਣ ਪੱਖੀ ਅਭਿਆਸ ਅਪਣਾਉਣ ਲਈ ਇੱਕ ਸਾਂਝੀ ਅਪੀਲ ਜਾਰੀ ਕੀਤੀ ਗਈ ਹੈ।

ਰੀਨਾ ਗੁਪਤਾ ਨੇ ਦੱਸਿਆ ਕਿ ਇਸ ਅਪੀਲ ਵਿੱਚ ਸਮੁੱਚੀ ਸੰਗਤ ਨੂੰ ਸੱਦਾ ਦਿੱਤਾ ਗਿਆ ਹੈ ਕਿ ਉਹ ਸਿੰਗਲ-ਯੂਜ਼ ਪਲਾਸਟਿਕ ਅਤੇ ਥਰਮੋਕੋਲ-ਅਧਾਰਤ ਉਤਪਾਦਾਂ ਦੀ ਵਰਤੋਂ ਤੋਂ ਪਰਹੇਜ਼ ਕਰਨ, ਖਾਸ ਕਰਕੇ ਲੰਗਰ, ਪ੍ਰਸ਼ਾਦ ਅਤੇ ਹੋਰ ਸੇਵਾਵਾਂ ਵਿੱਚ, ਗੁਰੂ ਸਾਹਿਬਾਨਾਂ ਦੇ ਉਪਦੇਸ਼ ਮੁਤਾਬਕ ਸੇਵਾ ਅਤੇ ਕੁਦਰਤ ਦੇ ਸਤਿਕਾਰ ਦੀਆਂ ਸਿੱਖ ਪਰੰਪਰਾਵਾਂ ਦੇ ਅਨੁਸਾਰ ਮੁੜ ਵਰਤੋਂ ਯੋਗ ਸਟੀਲ ਦੇ ਭਾਂਡਿਆਂ ਨੂੰ ਹੀ ਵਰਤਿਆ ਜਾਵੇ।

ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਜ਼ੋਰ ਦੇ ਕੇ ਕਿਹਾ ਕਿ ਧਾਰਮਿਕ ਸਥਾਨਾਂ ਦੀ ਪਵਿੱਤਰਤਾ ਨੂੰ ਸੁਰੱਖਿਅਤ ਰੱਖਣ ਵਿੱਚ ਵਾਤਾਵਰਣ ਦੀ ਦੇਖਭਾਲ ਸ਼ਾਮਲ ਹੈ। ਉਨ੍ਹਾਂ ਨੇ ਵਧਦੇ ਸ਼ਹਿਰੀਕਰਨ ਦੇ ਵਿਚਕਾਰ ਪੰਜਾਬ ਦੇ ਹਰੇ ਭਰੇ ਖੇਤਰ ਨੂੰ ਵਧਾਉਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਕਿਹਾ ਕਿ 'ਰੁੱਖਾਂ' ਦੀ ਮਹੱਤਤਾ ਤੇ ਕੁਦਰਤ ਨਾਲ ਇਕਸੁਰਤਾ ਵਿੱਚ ਰਹਿਣਾ ਸਿੱਖ ਗੁਰੂਆਂ ਦੀਆਂ ਸਿੱਖਿਆਵਾਂ ਦਾ ਲੰਬੇ ਸਮੇਂ ਤੋਂ ਸਿੱਖ ਧਰਮ ਦਾ ਅਨਿੱਖੜਵਾਂ ਅੰਗ ਰਿਹਾ ਹੈ।

ਵਾਤਾਵਰਣ ਤੇ ਮਨੁੱਖੀ ਸਰੀਰ ਵਿੱਚ ਤੇਜ਼ੀ ਨਾਲ ਵੱਧ ਰਹੇ ਮਾਈਕ੍ਰੋਪਲਾਸਟਿਕਸ 'ਤੇ ਚਿੰਤਾ ਜਾਹਰ ਕਰਦਿਆਂ ਰੀਨਾ ਗੁਪਤਾ ਨੇ ਕਿਹਾ ਕਿ ਇਹ ਗੰਭੀਰ ਸਿਹਤ ਜੋਖਮ ਪੈਦਾ ਕਰ ਰਹੇ ਹਨ। ਉਨ੍ਹਾਂ ਨੇ ਨਾਗਰਿਕਾਂ ਨੂੰ ਰੋਜ਼ਾਨਾ ਜੀਵਨ ਵਿੱਚ ਵਾਤਾਵਰਨ ਪੱਖੀ ਅਭਿਆਸਾਂ ਨੂੰ ਅਪਣਾਉਣ ਦੀ ਅਪੀਲ ਕੀਤੀ, ਜਿਸ ਵਿੱਚ ਪਲਾਸਟਿਕ ਦੀ ਵਰਤੋਂ ਨੂੰ ਘੱਟ ਤੋਂ ਘੱਟ ਕਰਨਾ ਅਤੇ ਕੱਪੜੇ ਅਤੇ ਜੂਟ ਦੇ ਥੈਲਿਆਂ ਦੀ ਚੋਣ ਕਰਨਾ ਸ਼ਾਮਲ ਹੈ।

ਜਥੇਦਾਰ ਗੜਗੱਜ ਤੇ ਚੇਅਰਪਰਸਨ ਨੇ ਆਨੰਦਪੁਰ ਸਾਹਿਬ ਵਿਖੇ ਪਲਾਸਟਿਕ-ਮੁਕਤ ਹੋਲਾ ਮੁਹੱਲਾ ਪਹਿਲਕਦਮੀ ਦੀ ਸ਼ਲਾਘਾ ਕੀਤੀ, ਜਿਸਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੁਆਰਾ ਸਿੰਗਲ-ਯੂਜ਼ ਪਲਾਸਟਿਕ ਨੂੰ ਘਟਾਉਣ ਲਈ ਜ਼ਮੀਨੀ ਕਾਰਵਾਈ ਦੇ ਨਾਲ ਵੱਡੇ ਪੱਧਰ 'ਤੇ ਜਾਗਰੂਕਤਾ ਨੂੰ ਜੋੜਿਆ ਗਿਆ ਸੀ।

ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਚੇਅਰਪਰਸਨ ਨੇ ਸਾਂਝੀ ਅਪੀਲ ਕਰਦਿਆਂ ਵਿਸਾਖੀ ਅਤੇ ਹੋਰ ਪ੍ਰਮੁੱਖ ਸਮਾਗਮਾਂ ਦੌਰਾਨ ਇਨ੍ਹਾਂ ਯਤਨਾਂ ਨੂੰ ਜਾਰੀ ਰੱਖਣ ਦਾ ਸੱਦਾ ਦਿੱਤਾ ਹੈ ਤਾਂ ਜੋ ਸਿੰਗਲ-ਯੂਜ਼ ਪਲਾਸਟਿਕ ਤੋਂ ਬਚਣਾ ਸਭ ਦਾ ਸੁਭਾਅ ਬਣ ਜਾਵੇ।ਸ੍ਰੀ ਆਨੰਦਪੁਰ ਸਾਹਿਬ ਵਿਖੇ ਕੀਤੇ ਤਜਰਬੇ ਦੇ ਆਧਾਰ 'ਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੇ ਵਿਸਾਖੀ ਮੇਲੇ ਦੌਰਾਨ ਤਲਵੰਡੀ ਸਾਬੋ ਵਿਖੇ ਇੱਕ ਜਾਗਰੂਕਤਾ ਸਟਾਲ ਸਥਾਪਤ ਕਰਨ ਦਾ ਫੈਸਲਾ ਕੀਤਾ ਹੈ।

ਚੇਅਰਪਰਸਨ ਨੇ ਦੱਸਿਆ ਕਿ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਪ੍ਰਬੰਧ ਨਾਲ ਹਾਲ ਹੀ ਵਿੱਚ ਹੋਈ ਇੱਕ ਮੀਟਿੰਗ ਵਿੱਚ ਸਿੰਗਲ-ਯੂਜ਼ ਪਲਾਸਟਿਕ ਦੀ ਸਖ਼ਤ ਮਨਾਹੀ ਦੇ ਨਾਲ ਇੱਕ ਵਾਤਾਵਰਣ-ਅਨੁਕੂਲ ਮੇਲਾ ਆਯੋਜਿਤ ਕਰਨ ਦੀ ਸਾਂਝੀ ਵਚਨਬੱਧਤਾ ਦੀ ਪੁਸ਼ਟੀ ਕੀਤੀ ਗਈ, ਜੋ ਕਿ ਰਾਜ ਲਈ ਇੱਕ ਸਕਾਰਾਤਮਕ ਉਦਾਹਰਣ ਹੈ।

# ਮੰਡੀਆਂ ਵਿੱਚ ਬਾਰਦਾਨੇ ਦੀ ਘਾਟ ਕਰਕੇ ਕਿਸਾਨਾ ਵਿੱਚ ਭਾਰੀ ਰੋਸ ਸਰਕਾਰ ਇਸ ਦਾ ਹੱਲ ਕਰੇ ਨਹੀਂ ਤਾਂ ਮਜ਼ੈਲ ਜਥੇਬੰਦੀ ਸੜਕਾਂ ਜਾਮ ਕਰੇਂਗੀ, ਸੂਬਾ ਪ੍ਰਧਾਨ ਗੁਰਮੇਵਕ ਧਾਲੀਵਾਲ ਤੇ ਪੰਜਾਬ ਜਰਨਲ ਸਕੱਤਰ ਹੀਰਾ ਸਿੰਘ ਧੁੰਨ



ਭਿੱਖੀਵਿੰਡ , 13 ਅਪ੍ਰੈਲ ( ਜਗਤਾਰ ਸਿੰਘ ਖਾਲੜਾ ): ਪੰਜਾਬ ਭਰ ਵਿਚ ਕਣਕ ਦੀ ਵਾਢੀ ਦਾ ਸੀਜ਼ਨ ਪੂਰੇ ਜ਼ੋਰਾਂ 'ਤੇ ਹੈ, ਪਰ ਮੰਡੀਆਂ ਵਿੱਚ ਸਰਕਾਰ ਦੇ ਪ੍ਰਬੰਧਾਂ ਦੀ ਫੋਕੀ ਫੂਕ ਨਿਕਲਦੀ ਨਜ਼ਰ ਆ ਰਹੀ ਹੈ। ਭਾਰਤੀ ਕਿਸਾਨ ਯੂਨੀਅਨ (ਮਜ਼ੈਲ) ਦੇ ਸੂਬਾ ਪ੍ਰਧਾਨ ਗੁਰਮੇਵਕ ਸਿੰਘ ਧਾਲੀਵਾਲ ਤੇ ਪੰਜਾਬ ਜਰਨਲ ਸਕੱਤਰ ਹੀਰਾ ਸਿੰਘ ਧੁੰਨ ਦੋਨਾ ਪ੍ਰਧਾਨਾ ਨੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਸਰਕਾਰ 'ਤੇ ਤਿੱਖੇ ਨਿਸ਼ਾਨੇ ਸਾਧਦਿਆਂ ਕਿਹਾ ਕਿ ਪਿਛਲੇ ਚਾਰ-ਪੰਜ ਦਿਨਾਂ ਤੋਂ ਕਿਸਾਨ ਮੰਡੀਆਂ ਵਿੱਚ ਆਪਣੀ ਫ਼ਸਲ ਲੈ ਕੇ ਬੈਠੇ ਹਨ, ਪਰ ਨਾ ਤਾਂ ਉੱਥੇ ਬੋਲੀ ਸ਼ੁਰੂ ਹੋਈ ਹੈ ਅਤੇ ਨਾ ਹੀ ਬਾਰਦਾਨਾ ਪਹੁੰਚਿਆ ਹੈ। ਧਾਲੀਵਾਲ ਨੇ ਕਿਹਾ ਕਿ ਕਿਸਾਨ ਪਹਿਲਾਂ ਹੀ ਕੁਦਰਤੀ ਆਫ਼ਤਾਂ ਦੀ ਮਾਰ ਝੱਲ ਰਿਹਾ ਹੈ। ਪਿਛਲੇ ਦਿਨਾਂ ਦੌਰਾਨ ਹੋਈ ਬੇਮੌਸਮੀ ਬਰਸਾਤ ਅਤੇ ਗੜ੍ਹੇਮਾਰੀ ਨੇ ਕਈ ਥਾਵਾਂ 'ਤੇ ਫ਼ਸਲਾਂ ਨੂੰ ਪੂਰੀ ਤਰ੍ਹਾਂ ਬਰਬਾਦ ਕਰ ਦਿੱਤਾ ਹੈ। ਜਿਹੜਾ ਕਿਸਾਨ ਕਿਸੇ ਤਰ੍ਹਾਂ ਆਪਣੀ ਫ਼ਸਲ ਬਚਾ ਕੇ ਮੰਡੀ ਤੱਕ ਪਹੁੰਚਿਆ ਹੈ, ਉਸ ਨੂੰ ਹੁਣ ਸਰਕਾਰੀ ਤੰਤਰ ਦੀ ਨਾਲਾਇਕੀ ਕਾਰਨ ਖੱਜਲ-ਖ਼ਰਾਬ ਹੋਣਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਅਜੇ ਤੱਕ ਕਿਸਾਨਾਂ ਦੀ ਕੋਈ ਸਾਰ ਨਹੀਂ ਲਈ, ਜਿਸ ਕਾਰਨ ਕਿਸਾਨ ਮੱਛਰਾਂ ਦੀ ਮਾਰ ਹੇਠ ਰਾਤਾਂ ਮੰਡੀਆਂ ਵਿਚ ਗੁਜ਼ਾਰਨ ਲਈ ਮਜਬੂਰ ਹਨ। ਕਿਸਾਨ ਆਗੂਆਂ ਨੇ ਸਪੱਸ਼ਟ ਸ਼ਬਦਾਂ ਵਿੱਚ ਚੇਤਾਵਨੀ ਦਿੱਤੀ ਹੈ ਕਿ ਜੇਕਰ ਇੱਕ ਦਿਨ ਦੇ ਅੰਦਰ- ਅੰਦਰ ਮੰਡੀਆਂ ਵਿਚ ਬਾਰਦਾਨੇ ਦਾ ਪ੍ਰਬੰਧ ਨਾ ਕੀਤਾ ਗਿਆ ਅਤੇ ਖ਼ਰੀਦ ਪ੍ਰਕਿਰਿਆ ਸੁਚਾਰੂ ਨਾ ਹੋਈ, ਤਾਂ ਯੂਨੀਅਨ ਵੱਲੋਂ ਵੱਡੇ ਪੱਧਰ 'ਤੇ ਸੰਘਰਸ਼ ਵਿੱਢਿਆ ਜਾਵੇਗਾ। ਉਨ੍ਹਾਂ ਕਿਹਾ ਕਿ ਜੇਕਰ ਇਸ ਦੌਰਾਨ ਕੋਈ ਰੋਡ ਬਲਾਕ ਹੁੰਦਾ ਹੈ ਜਾਂ ਅਮਨ-ਕਾਨੂੰਨ ਦੀ ਸਥਿਤੀ ਵਿਗੜਦੀ ਹੈ, ਤਾਂ ਉਸ ਦੀ ਸਿੱਧੀ ਜ਼ਿੰਮੇਵਾਰੀ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੰਜਾਬ ਸਰਕਾਰ ਦੀ ਹੋਵੇਗੀ। ਇਸ ਮੌਕੇ ਕਿਸਾਨਾਂ ਦੀਆਂ ਮੁਸ਼ਕਿਲਾਂ ਸਾਂਝੀਆਂ ਕਰਨ ਲਈ ਜਸਪਾਲ ਸਿੰਘ ਧੁੰਨ ਬਲਾਕ ਪ੍ਰਧਾਨ ਭਿੱਖੀਵਿੰਡ, ਹਰਮੀਤ ਸਿੰਘ ਭਿੱਖੀਵਿੰਡ, ਜ਼ਿਲ੍ਹਾ ਪ੍ਰੈਸ ਸਕੱਤਰ ਸਤਨਾਮ ਸਿੰਘ ਜੰਡ ਖਾਲੜਾ, ਪ੍ਰਧਾਨ ਪ੍ਰਗਟ ਸਿੰਘ ਛੰਨਾ ਬਲਾਕ ਵਲਟੋਹਾ,ਪ੍ਰਧਾਨ ਮਲਕੀਤ ਸਿੰਘ ਬਲਾਕ ਝਬਾਲ, ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਜਥੇਬੰਦੀਆਂ ਨੇ ਮੰਗ ਕੀਤੀ। ਹੈ ਕਿ ਸਰਕਾਰ ਗੂੜ੍ਹੀ ਨੀਂਦ ਤੋਂ ਜਾਗੇ ਅਤੇ 'ਅੰਨਦਾਤੇ' ਦੀ ਹੋ ਰਹੀ ਰੁਲੇਂਦ ਨੂੰ ਤੁਰੰਤ ਬੰਦ ਕਰਕੇ ਕਣਕ ਦੀ ਚੁਕਾਈ ਅਤੇ ਬਾਰਦਾਨੇ ਦੀ ਸਪਲਾਈ ਯਕੀਨੀ ਬਣਾਵੇ।

# ਭਵਾਨੀਗੜ੍ਹ ਦੇ ਨੇੜਲੇ ਪਿੰਡ ਕਾਕੜੇ ਦਾਨਵਦੀਪ ਸਿੰਘ ਚਾਰ ਸਾਲ ਪਹਿਲਾਂ ਰੁਜ਼ਗਾਰ ਲਈ ਇਟਲੀ ਗਿਆ ਉੱਥੇ ਉਸ ਦੀ ਮੌਤ ਹੋ ਗਈ ਪਿੰਡ ਕਾਕੜਾ ਦੇ ਨੌਜਵਾਨ ਨਵਦੀਪ ਸਿੰਘ ਦੀ ਮ੍ਰਿਤਕ ਦੇਹ ਪਿੰਡ ਪੁੱਜਣ ’ਤੇ ਗਮਗੀਨ ਮਾਹੌਲ ਵਿਚ ਅੰਤਿਮ ਸਸਕਾਰ ਕੀਤਾ ਗਿਆ

ਭਵਾਨੀਗੜ੍ਹ 13 ਅਪ੍ਰੈਲ (ਮਨਦੀਪ ਕੌਰ ਮਾਝੀ) ਰੁਜ਼ਗਾਰ ਦੀ ਖਾਤਰ ਇਟਲੀ ਵਿੱਚ ਗਏ ਭਵਾਨੀਗੜ੍ਹ ਦੇ ਪਿੰਡ ਕਾਕੜਾ ਦੇ ਨੌਜਵਾਨ ਨਵਦੀਪ ਸਿੰਘ ਦੀ ਮ੍ਰਿਤਕ ਦੇਹ ਪਿੰਡ ਪੁੱਜਣ ’ਤੇ ਗਮਗੀਨ ਮਾਹੌਲ ਵਿਚ ਅੰਤਿਮ ਸਸਕਾਰ ਕੀਤਾ ਗਿਆ। ਇੱਥੇ ਦੱਸਣਯੋਗ ਹੈ ਕਿ ਸੂਰਤ ਸਿੰਘ ਵਾਸੀ ਕਾਕੜਾ ਦਾ ਨੌਜਵਾਨ ਪੁੱਤਰ ਨਵਦੀਪ ਸਿੰਘ ਚਾਰ ਸਾਲ ਪਹਿਲਾਂ ਰੁਜ਼ਗਾਰ ਦੀ ਖਾਤਰ ਇਟਲੀ ਗਿਆ ਸੀ ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਉਹ ਜਨਵਰੀ ਵਿੱਚ ਵਾਪਸ ਆਉਣ ਲੱਗਿਆ ਸੀ,ਪਰ ਕਿਸੇ ਤਕਨੀਕੀ ਦਿੱਕਤ ਕਾਰਨ ਰਸਤੇ ਵਿੱਚੋਂ ਹੀ ਵਾਪਸ ਇਟਲੀ ਮੁੜ ਗਿਆ। ਇਸੇ ਦੌਰਾਨ ਨਵਦੀਪ ਸਿੰਘ ਦੀ 22 ਮਾਰਚ ਨੂੰ ਇਟਲੀ ਵਿੱਚ ਭੇਤਭਰੀ ਹਾਲਤ ਵਿੱਚ ਮੌਤ ਹੋ ਗਈ ਸੀ। ਕਾਫੀ ਕਾਗਜ਼ੀ ਕਾਰਵਾਈ ਕਰਨ ਤੋਂ ਬਾਅਦ ਨਵਦੀਪ ਸਿੰਘ ਦੀ ਮ੍ਰਿਤਕ



ਦੇਹ ਜਹਾਜ਼ ਰਾਹੀਂ ਨਵੀਂ ਦਿੱਲੀ ਆਉਣ ਤੋਂ ਬਾਅਦ ਅੱਜ ਸਵੇਰੇ ਪਿੰਡ ਕਾਕੜਾ ਪਹੁੰਚੀ ਇਸ ਮੌਕੇ ਸਾਬਕਾ ਵਿਧਾਇਕ ਜਗਤਾਰ ਸਿੰਘ ਰਾਜਲਾ, ਰਣਜੀਤ ਸਿੰਘ ਤੂਰ, ਹਰਵਿੰਦਰ ਸਿੰਘ ਕਾਕੜਾ, ਜਗਤਾਰ ਨਮਾਦਾ ਸਮੇਤ ਵੱਡੀ ਗਿਣਤੀ ਵਿੱਚ ਲੋਕਾਂ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ

# ਡੇਰਾ ਬਾਬਾ ਟਿਬੀ ਸਾਹਿਬ ਕਾਠਗੜ੍ਹ ਵਿਖੇ ਸਾਲਾਨਾ ਮੇਲੇ ਮੌਕੇ ਲੱਗੀਆਂ ਰੌਣਕਾਂ ਸਰਦਾਰ ਅਲੀ ਅਤੇ ਪੰਮਾ ਡੂੰਮੇਂਵਾਲੀਆ ਤੇ ਹੋਰ ਫਨਕਾਰਾਂ ਨੇ ਖੂਬ ਬੰਨ੍ਹਿਆ ਰੰਗ



ਨਵਾਂਸ਼ਹਿਰ /ਕਾਠਗੜ੍ਹ, 13 ਅਪ੍ਰੈਲ ( ਜਤਿੰਦਰਪਾਲ ਸਿੰਘ ਕਲੇਰ )ਕਾਠਗੜ੍ਹ ਹਲਕੇ ਦੇ ਪ੍ਰਸਿੱਧ ਧਾਰਮਿਕ ਅਸਥਾਨ ਡੇਰਾ ਬਾਬਾ ਟਿੱਬੀ ਸਾਹਿਬ ਕਾਠਗੜ੍ਹ ਵਿਖੇ ਵਿਸਾਖੀ ਨੂੰ ਸਮਰਪਿਤ ਸਲਾਨਾ ਮੇਲਾ ਡੇਰੇ ਦੇ ਮੌਜੂਦਾ ਗੱਦੀ ਨਸ਼ੀਨ ਬਾਬਾ ਸਖੀ ਰਾਮ ਜੀ ਦੀ ਸਰਪ੍ਰਸਤੀ ਅਤੇ ਮੁੱਖ ਸੇਵਾਦਾਰ ਸਾਈਂ ਕਾਲੇ ਸ਼ਾਹ ਜੀ ਦੀ ਅਗਵਾਈ ਵਿੱਚ ਬਹੁਤ ਹੀ ਧੂਮਧਾਮ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਦਰਬਾਰ ਤੇ ਚਾਦਰ ਚੜ੍ਹਾਉਣ ਦੀ ਰਸਮ ਨਿਭਾਈ ਗਈ ਅਤੇ ਚਿਰਾਗ ਰੋਸ਼ਨ ਕੀਤੇ ਗਏ। ਵੱਡੀ ਗਿਣਤੀ ਵਿੱਚ ਦੂਰੋਂ ਨੇੜਿਓਂ ਸੰਗਤਾਂ ਦਰਬਾਰ ਉੱਤੇ ਨਤਮਸਤਕ ਹੋਈਆਂ।

ਇਸ ਸਲਾਨਾ ਮੇਲੇ ਮੌਕੇ ਪੰਜਾਬ ਦੇ ਮਸ਼ਹੂਰ ਕਲਾਕਾਰ ਜਿਨਾਂ ਵਿੱਚ ਪ੍ਰਵੇਜ਼ ਆਲਮ ਕਵਾਲ, ਪੰਮਾ ਡੂੰਮੇਵਾਲੀਆ, ਜੀ ਖਾਨ, ਸਰਦਾਰ ਅਲੀ, ਰਿਆਜ਼ ਖਾਨ, ਹਰਮਨ-ਜਰਮਨ, ਮਾਸਟਰ ਸਲੀਮ, ਮੁਨੱਵਰ ਅਲੀ, ਸੰਨੀ ਮਿੱਤਲ, ਬੱਲੂ ਲੌਂਸਰ, ਰਣਜੀਤ ਮਾਨ ਲੌਂਸਰ ਆਦਿ ਫਨਕਾਰਾਂ ਨੇ ਆਪਣੇ ਅਲਫਾਜ਼ਾਂ ਅਤੇ ਅਦਾਵਾਂ ਨਾਲ ਲੰਬਾ ਸਮਾਂ ਰੰਗ ਬੰਨੀ ਰੱਖਿਆ। ਗਾਇਕ ਸਰਦਾਰ ਅਲੀ ਦੁਆਰਾ ਗਾਏ ਗਏ ਧਾਰਮਿਕ ਗੀਤ " ਇੱਕ ਦੀ ਬਣ ਕੇ ਮਰ ਮੁੱਕ ਜਾਵੀਂ, ਥਾਂ-ਥਾਂ ਟੱਕਰਾਂ ਖਾਵੀਂ ਨਾ" ਨੇ ਸੱਭ ਦਾ ਧਿਆਨ ਆਪਣੇ ਵੱਲ ਖਿੱਚੀ ਰੱਖਿਆ। ਵੱਡੀ ਗਿਣਤੀ ਵਿੱਚ ਦਰਸ਼ਕਾਂ ਨੇ ਇਸ ਸਲਾਨਾ ਮੇਲੇ ਦਾ ਆਨੰਦ ਮਾਣਿਆ। ਮੇਲੇ ਦੌਰਾਨ ਡੇਰੇ ਵੱਲੋਂ ਦਿਨ ਰਾਤ ਲੰਗਰ ਅਤੁੱਟ ਵਰਤਾਏ ਗਏ। ਇਸ ਮੌਕੇ ਊਨਾ ਤੋਂ ਡੀਐਸਪੀ ਅਤੇ ਇੰਟਰਨੈਸ਼ਨਲ ਕਬੱਡੀ ਪਲੇਅਰ ਅਜੇ ਠਾਕੁਰ, ਭਲਵਾਨ ਪ੍ਰਿਤਪਾਲ ਫਗਵਾੜਾ, ਕਬੱਡੀ ਕੋਚ ਸੁਲਤਾਨ ਬੱਡਖੀਰਾ, ਅਮਨ ਭਤੀਜ, ਹਨੀ ਪੰਡਿਤ, ਛੋਟਾ ਸਦਾਮ ਭਲਵਾਨ, ਅੰਜਲੀ ਮਹੰਤ ਦੇ ਨਾਲ ਚੰਡੀਗੜ੍ਹ ਤੋਂ ਆਏ ਹੋਏ ਹੋਰ ਮਹੰਤਾਂ ਤੋਂ ਇਲਾਵਾ ਸਾਧੂ ਮਹਾਂਪੁਰਸ਼ ਅਤੇ ਵੱਡੀ ਗਿਣਤੀ ਵਿੱਚ ਹਲਕੇ ਤੇ ਬਾਹਰੋਂ ਆਈਆਂ ਸੰਗਤਾਂ ਹਾਜ਼ਰ ਸਨ।

# ਭਵਾਨੀਗੜ੍ਹ "ਚ ਚੌਕੀਦਾਰ ਦੇ ਅੰਨ੍ਹੇ ਕਤਲ ਦੀ ਗੁੱਥੀ ਸੁਲਝੀ, ਵੱਡਾ ਗਿਰੋਹ ਹਥਿਆਰਾਂ ਸਮੇਤ ਬੇਨਕਾਬ



ਭਵਾਨੀਗੜ੍ਹ 13 ਅਪ੍ਰੈਲ (ਮਨਦੀਪ ਕੌਰ ਮਾਝੀ) ਪਿਛਲੇ ਦਿਨੀਂ ਭਵਾਨੀਗੜ੍ਹ ਵਿਖੇ ਵੇਅਰ ਹਾਊਸ ਦੇ ਗੁਦਾਮਾਂ ਨਾਲ ਲੱਗਦੇ ਮੋਹਨ ਨਗਰ ਵਿਚ ਇਕ ਚੌਕੀਦਾਰ ਦੇ ਅੰਨੇ ਕਤਲ ਦੀ ਗੁੱਥੀ ਨੂੰ ਪੁਲਸ ਨੇ ਸੁਲਝਾਉਂਦੇ ਹੋਏ ਡਕੈਤੀ/ਚੋਰੀ ਕਰਨ ਵਾਲੇ ਗਿਰੋਹ ਦਾ ਪਰਦਾਫਾਸ਼ ਕਰਕੇ 7 ਮੁਲਜ਼ਮਾਂ ਨੂੰ ਕਾਬੂ ਕੀਤਾ ਹੈ। ਇਸ ਸਬੰਧੀ ਐੱਸ.ਐੱਸ.ਪੀ ਸੰਗਰੂਰ ਸਰਤਾਜ ਸਿੰਘ ਚਾਹਲ ਆਈ.ਪੀ.ਐਸ. ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮਾਮਲੇ ਵਿਚ ਮੁਲਜ਼ਮਾਂ ਪਾਸੋਂ ਵਾਰਦਾਤ ਸਮੇਂ ਵਰਤਿਆ ਕੈਂਟਰ, ਸਪਲੈਂਡਰ ਮੋਟਰਸਾਇਕਲ, ਚੋਰੀ ਕੀਤੇ ਗਏ 4 ਪਾਈਪ ਲੋਹਾ, 1 ਝੰਡਾ ਤੇ ਮ੍ਰਿਤਕ ਦਾ ਮੋਬਾਈਲ ਬਰਾਮਦ ਕਰ ਲਿਆ। ਐੱਸਐੱਸਪੀ ਚਾਹਲ ਨੇ ਦੱਸਿਆ ਕਿ ਲੰਘੀ 7 ਅਪ੍ਰੈਲ ਨੂੰ ਪੁਲਸ ਨੂੰ ਇਤਲਾਹ ਮਿਲੀ ਕਿ ਰਾਮਜੀ ਸਿੰਘ ਵਾਸੀ ਬਾਲਦ ਕਲਾਂ ਮੋਹਨ ਨਗਰ ਭਵਾਨੀਗੜ੍ਹ ਵਿਖੇ ਇਕ ਪਲਾਟ ਵਿਚ ਬੋਰ ਲਗਾਉਣ ਵਾਲੀ ਮਸ਼ੀਨ ਦੀ ਰਾਖੀ ਕਰ ਰਿਹਾ ਸੀ ਜਿਸਦਾ 6-7 ਅਪ੍ਰੈਲ ਦੀ ਦਰਮਿਆਨੀ ਰਾਤ ਨੂੰ ਨਾਮਲੂਮ ਵਿਅਕਤੀਆਂ ਵੱਲੋਂ ਕਤਲ ਕਰ ਦਿੱਤਾ ਗਿਆ। ਪੁਲਸ ਨੇ ਤਫਤੀਸ਼ ਦੌਰਾਨ ਮੁਕੱਦਮੇ ਨੂੰ ਟਰੇਸ ਕਰਕੇ ਹੋਏ ਮੁਲਜ਼ਮਾਂ ਅਸਨੇਹ ਪਾਠਕ ਪੁੱਤਰ ਸੁਭਾਸ਼ ਪਾਠਕ ਵਾਸੀ ਰਾਮ ਨਗਰ ਮੰਡੀ ਗੋਬਿੰਦਗੜ੍ਹ, ਸੂਰਜ ਕੁਮਾਰ ਪੁੱਤਰ ਬਾਲਕ ਰਾਮ ਵਾਸੀ ਰਾਮ ਨਗਰ ਮੰਡੀ ਗੋਬਿੰਦਗੜ੍ਹ, ਰਵਿੰਦਰ ਕੁਮਾਰ ਪੁੱਤਰ ਰਾਮਜੀਤ ਵਾਸੀ ਰਾਮ ਨਗਰ ਮੰਡੀ ਗੋਬਿੰਦਗੜ੍ਹ, ਮਨੂੰ ਵਰਮਾ ਪੁੱਤਰ ਪ੍ਰਕਾਸ਼ ਵਰਮਾ ਵਾਸੀ ਰਾਮ ਨਗਰ ਮੰਡੀ ਗੋਬਿੰਦਗੜ੍ਹ, ਨਿਤਿਸ਼ ਕੁਮਾਰ ਪੁੱਤਰ ਸਤੀਸ਼ ਰਾਏ ਵਾਸੀ ਬਿਧੀ ਚੰਦ ਕਲੋਨੀ ਮੰਡੀ ਗੋਬਿੰਦਗੜ੍ਹ, ਮੁੰਨਾ ਕੁਮਾਰ ਪੁੱਤਰ ਜੋਗਿੰਦਰ ਰਾਏ ਵਾਸੀ ਬਿਧੀ ਚੰਦ ਕਲੋਨੀ ਮੰਡੀ ਗੋਬਿੰਦਗੜ੍ਹ ਤੇ 1 ਜੁਬਨਾਇਲ ਨਾਮਜ਼ਦ ਕਰਕੇ ਗ੍ਰਿਫਤਾਰ ਕੀਤਾ ਗਿਆ। ਮੁਲਜ਼ਮਾਂ ਦਾ ਰਿਮਾਂਡ ਹਾਸਲ ਕਰਕੇ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ ਅਤੇ ਹੋਰ ਵੀ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

# ਬਿਜਲੀ ਦੇ ਬਕਾਇਆ ਬਿੱਲ ਦੀ ਉਗਰਾਹੀ ਦਾ ਕੰਮ ਲਗਾਤਾਰ ਜਾਰੀ :- ਐਸ ਡੀ ਓ ਖਾਲੜਾ 1

ਭਿੱਖੀਵਿੰਡ, ਜਗਤਾਰ ਸਿੰਘ ਖਾਲੜਾ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਦੇ ਸਬ ਡਵੀਜ਼ਨ ਖਾਲੜਾ ਦੇ ਉਪ ਮੰਡਲ ਅਫ਼ਸਰ ਮਨਜੀਤ ਸਿੰਘ ਪੱਟੀ ਦੀ ਅਗਵਾਈ ਹੇਠ ਕਸਬਾ ਖਾਲੜਾ ਵਿਖੇ ਖਪਤਕਾਰਾਂ ਕੋਲੋਂ ਪਿਛਲੇ ਸਮੇਂ ਤੋਂ ਰੁਕੇ ਬਕਾਇਆ ਬਿਲਾਂ ਦੀ ਉਗਰਾਈ ਦਾ ਕੰਮ ਜਾਰੀ ਹੈ । ਇਸ ਸਬੰਧੀ ਉਪ ਮੰਡਲ ਅਫਸਰ ਮਨਜੀਤ ਸਿੰਘ ਪੱਟੀ ਨੇ ਕਿਹਾ ਕਿ ਸਾਡੀ ਸਮੁੱਚੀ ਟੀਮ ਵੱਲੋਂ ਬੀਤੇ ਕੁਝ ਦਿਨ ਤੋਂ ਬਕਾਇਆ ਬਿੱਲਾਂ ਦੀ ਉਗਰਾਹੀ ਦਾ ਕੰਮ ਨਿਰਵਿਘਨ ਚੱਲ ਰਿਹਾ ਹੈ। ਜਿਸ ਵਿੱਚ ਖਪਤਕਾਰਾਂ ਵੱਲੋਂ ਸਾਡੀ ਟੀਮ ਨਾਲ ਪੂਰਾ ਸਹਿਯੋਗ ਕੀਤਾ ਜਾ ਰਿਹਾ 1 ਇਸ ਮੌਕੇ ਉਹਨਾਂ ਨੇ ਕਣਕ ਦੀ ਪੱਕੀ ਫਸਲ ਤੇ ਗੱਲਬਾਤ ਕਰਦਿਆਂ ਕਿਹਾ ਕਿ ਸਾਡਾ ਟੈਕਨੀਕਲ ਸਟਾਫ ਹਰ ਵਕਤ ਹਾਜ਼ਰ ਹੈ 1 ਕਿਸਾਨ ਭਰਾਵਾਂ ਨੂੰ ਫਸਲ ਦੀ ਕਟਾਈ ਦੌਰਾਨ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਆਉਂਦੀ ਹੈ ਤਾਂ ਉਹ ਸਾਡੇ ਸਬੰਧਤ ਪਿੰਡਾਂ ਵਿੱਚ ਡਿਊਟੀ ਮੁਲਾਜ਼ਮਾਂ ਨਾਲ ਸੰਪਰਕ ਕਰ ਸਕਦੇ ਹਨ। ਉਹਨਾਂ ਕਿਸਾਨ ਭਰਾਵਾਂ ਨੂੰ ਆਪੋ ਆਪਣੀ ਜਮੀਨ ਵਿੱਚ ਪੈਂਦੇ ਟ੍ਰਾਂਸਫਾਰਮਰ ਦੇ ਹੇਠਾਂ ਘਾਹ ਆਦਿ ਕੱਟ ਕੇ ਸਫਾਈ ਕਰਨ ਲਈ ਅਪੀਲ



ਕੀਤੀ ਤਾਂ ਜੋ ਸੀਜਨ ਦੌਰਾਨ ਕੋਈ ਅਣਸੁਖਾਵੀਂ ਘਟਨਾ ਨਾ ਵਾਪਰੇ 1 ਇਸ ਮੌਕੇ ਜੇਈ ਮਨਜੀਤ ਸਿੰਘ ਬਾਹਮਣੀਵਾਲਾ , ਲਾਈਨਮੈਨ ਸੁਖਵਿੰਦਰ ਸਿੰਘ, ਜਸਪਾਲ ਸਿੰਘ, ਪਰਮਜੀਤ ਸਿੰਘ ਅਤੇ ਬੌਬੀ ਸਿੰਘ ਆਦਿ ਮੁਲਾਜ਼ਮ ਹਾਜ਼ਰ ਸਨ 1 ਉਪ ਮੰਡਲ ਅਫਸਰ ਮਨਜੀਤ ਸਿੰਘ ਆਪਣੀ ਸਮੁੱਚੀ ਟੀਮ ਨਾਲ ਬਕਾਇਆ ਬਿੱਲਾਂ ਦੀ ਉਗਰਾਹੀ ਕਰਨ ਸਮੇਂ 1

# ਸੈਕਰਡ ਹਾਰਟ ਕਾਨਵੈਂਟ ਸਕੂਲ ਭਿੱਖੀਵਿੰਡ ਵਿਖੇ ਇੰਨਵੈਸਟੀਚਰ ਸਮਾਗਮ ਕਰਵਾਇਆ ਗਿਆ।

ਭਿੱਖੀਵਿੰਡ ਜਗਤਾਰ ਸਿੰਘ ਖਾਲੜਾ ਭਿੱਖੀਵਿੰਡ ਤੋਂ ਥੋੜ੍ਹੀ ਦੂਰ ਪੈਂਦੇ ਸੈਕਰਡ ਹਾਰਟ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਵਿਖੇ ਇੰਨਵੈਸਟੀਚਰ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿੱਚ ਆਗਾਮੀ ਅਕਾਦਮਿਕ ਸੈਸ਼ਨ ਲਈ ਨਵੇਂ ਚੁਣੇ ਗਏ ਆਗੂਆਂ ਸਕੂਲ ਕੌਂਸਲ ਮੈਂਬਰਾਂ ਅਤੇ ਵਿਦਿਆਰਥੀਆਂ ਦੀ ਰਸਮੀ ਨਿਯੁਕਤੀ ਕੀਤੀ ਗਈ। ਸਮਾਗਮ ਦੀ ਸ਼ੁਰੂਆਤ ਸਕੂਲ ਦੇ ਡਾਇਰੈਕਟਰ ਰੇਵ ਫਾਦਰ ਮਾਈਕਲ ਐਨੀ , ਸਕੂਲ ਪ੍ਰਿੰਸੀਪਲ ਸਿਸਟਰ ਅਨਸਿੱਟਾ ਦਾ ਸਮੂਹ ਸਟਾਫ ਵੱਲੋਂ ਨਿੱਘਾ ਸਵਾਗਤ ਕਰਕੇ ਕੀਤੀ । ਸਮਾਗਮ ਵਿੱਚ ਹੈੱਡ ਬੁਆਏ ਅਦੇਸ਼ਪ੍ਰਤਾਪ ਸਿੰਘ, ਹੈੱਡ ਗਰਲ ਅਨੁਰੀਤ ਕੌਰ ਅਤੇ ਹਾਊਸ ਕਪਤਾਨ ਚੁਣਿਆ ਅਤੇ ਉਹਨਾਂ ਨੇ ਆਪਣੀ ਡਿਊਟੀ ਇਮਾਨਦਾਰੀ, ਅਨੁਸ਼ਾਸਨ ਅਤੇ ਲਗਨ ਨਾਲ ਨਿਭਾਉਣ ਦੀ ਸਹੁੰ ਚੁੱਕੀ। ਰੇਵ ਫਾਦਰ ਐਨੀ ਨੇ ਸੰਬੋਧਨ ਕਰਦਿਆਂ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਆਪਣੀ ਜ਼ਿੰਮੇਵਾਰੀ ਸਕੂਲ ਦੇ ਅਨੁਸ਼ਾਸ਼ਨ ਵਿੱਚ ਰਹਿ ਕੇ ਕਰਨ ਲਈ ਪ੍ਰੇਰਿਤ ਕੀਤਾ । ਬੀਤੇ ਸਾਲ ਵਿੱਚ ਹੈਡ ਬੁਆਏ ਅਤੇ ਹੈਡ ਗਰਲ ਅਤੇ ਹੋਰ ਡਿਊਟੀ ਨਿਭਾਉਣ ਵਾਲੇ ਵਿਦਿਆਰਥੀ ਜਿਸ ਵਿੱਚ ਸਮਰਪ੍ਰੀਤ ਸਿੰਘ, ਪ੍ਰਨੀਤ ਕੌਰ, ਹਰਮਨਪ੍ਰੀਤ ਕੌਰ ਅਤੇ ਲਵਰੋਜ਼ ਸਿੰਘ ਨੂੰ ਵਧੀਆਂ ਸੇਵਾਵਾਂ ਲਈ ਪ੍ਰਸ਼ੰਸਾ ਪੱਤਰ ਦਿੱਤੇ ਗਏ।

ਸਕੂਲ ਪ੍ਰਿੰਸੀਪਲ ਨੇ ਗੱਲਬਾਤ ਕਰਦਿਆਂ ਕਿਹਾ ਕਿ ਜਿੰਨਾ ਵੀ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਡਿਊਟੀਆਂ ਸੌਂਪੀਆਂ ਗਈਆਂ ਹਨ। ਆਸ ਕਰਦੇ ਹਾਂ ਕਿ ਉਹ ਆਪਣੀ ਡਿਊਟੀ ਨੂੰ ਸਕੂਲ ਦੇ ਅਨੁਸ਼ਾਸ਼ਨ ਵਿੱਚ ਰਹਿ ਕੇ ਮਿਹਨਤ ਅਤੇ ਲਗਨ ਨਾਲ ਨਿਭਾਉਣਗੇ 1 ਇਸ ਮੌਕੇ ਸਮੂਹ



ਸਕੂਲ ਅਧਿਆਪਕ ਅਤੇ ਵਿਦਿਆਰਥੀ ਹਾਜਰ ਸਨ 1

# ਕੇਸੀ. ਪਬਲਿਕ ਸਕੂਲ ’ਚ ਵਿਦਿਆਰਥੀਆਂ ਨੇ ਵਿਸਾਖੀ ਅਤੇ ਡਾ. ਅੰਬੇਡਕਰ ਜੈਅੰਤੀ ਮਨਾਈ

ਨਵਾਂਸ਼ਹਿਰ, 13 ਅਪ੍ਰੈਲ(ਜਤਿੰਦਰ ਪਾਲ ਸਿੰਘ ਕਲੇਰ ) ਕਰਿਆਮ ਰੋਡ ’ਤੇ ਸਥਿਤ ਕੇ.ਸੀ. ਪਬਲਿਕ ਸਕੂਲ ’ਚ ਸੀਈਓ (ਗਰੁੱਪ ਕੈਪਟਨ) ਅਸ਼ਵਨੀ ਦੱਤਾ ਦੀ ਦੇਖ-ਰੇਖ ’ਚ ਵਿਸਾਖੀ ਦਾ ਤਿਉਹਾਰ ਅਤੇ ਡਾ.ਬੀ.ਆਰ.ਅੰਬੇਦਕਰ ਸਾਹਿਬ ਜੀ ਦਾ ਜਨਮ ਦਿਹਾੜਾ ਮਨਾਇਆ ਗਿਆ। ਇਸ ’ਚ ਪਲੱਸ ਟੂ ਤੱਕ ਦੇ ਵਿਦਿਆਰਥੀਆਂ ਨੇ ਇੰਟਰ ਹਾਊਸ ਅਨੁਸਾਰ ਸਟੇਜ ’ਤੇ ਆਪਣੇ ਜੌਹਰ ਦਿਖਾਏ। ਨਰਸਰੀ ਤੋਂ ਲੈ ਕੇ ਦੂਸਰੀ ਕਲਾਸ ਦੇ ਵਿਦਿਆਰਥੀਆਂ ਨੇ ਸਟੇਜ ’ਤੇ ਭੰਗੜਾ ਅਤੇ ਗਿੱਧਾ ਪਾਇਆ ਅਤੇ ਹੱਥਾਂ ’ਚ ਕਣਕ ਦੇ ਦਾਣੇ ਫੜੇ ਸਨ। ਵਿਦਿਆਰਥੀਆਂ ਨੇ ਵਿਸਾਖੀ ਆਈ ਵਿਸਾਖੀ ਆਈ, ਮੁੱਕ ਗਈ ਕਣਕਾ ਦੀ ਰਾਖੀ, ਓ ਜੱਟਾ ਆਈ ਵਿਸਾਖੀ.., ਜੁੱਤੀ ਲੈਦੇ ਘੁੰਗਰੂਆਂ ਵਾਲੀ, ਜੁੱਤੀ ਕਸੂਰੀ ਆਵੇ ਨਾ ਪੂਰੀ, ਮੇਰੀ ਤਾ ਨਿੱਕੀ ਜੇਹੀ ਮੰਗ ਸੋਹਣਿਆਂ.., ਉਡਦਾ ਉਡਦਾ ਮੋਰ ਮੇਰੀ ਚੀਚੀ ਉਤੇ ਬਹਿ ਗਿਆ, ਆਦਿ ਗੀਤਾਂ ’ਤੇ ਡਾਂਸ ਕੀਤਾ। ਪ੍ਰੋਗਰਾਮ ਕੋਆਰਡੀਨੇਟਰ ਮੀਨੂੰ ਕੰਡਾ ਨੇ ਦੱਸਿਆ ਕਿ ਵਿਦਿਆਰਥੀਆਂ ਦਾ ਭਾਸ਼ਣ ਮੁਕਾਬਲਾ ਕਰਵਾਇਆ ਗਿਆ। ਜਿਸ ’ਚ ਇਮਰਾਲਡ ਹਾਊਸ ਦੇ ਸ਼ਾਮ ਸਿੰਘ ਨੇ ਪਹਿਲਾ, ਟੋਪਾਜ ਹਾਊਸ ਦੀ ਏਨਾ ਨੇ ਦੂਸਰਾ, ਰੂਬੀ ਹਾਊਸ ਦੀ ਮਨਪ੍ਰੀਤ ਅਤੇ ਸੈਫਾਇਰ ਹਾਊਸ ਦੀ ਡਿੰਪਲ ਨੇ ਸਾਂਝੇ ਤੌਰ ਤੇ ਤੀਸਰਾ ਸਥਾਨ ਹਾਸਿਲ ਕੀਤਾ। ਸੀਈਓ ਅਸ਼ਵਨੀ ਦੱਤਾ ਨੇ ਦੱਸਿਆ ਕਿ ਵਿਸਾਖੀ ਪੰਜਾਬ ਵਾਸੀਆਂ ਲਈ ਕਣਕ ਦੀ ਵਾਢੀ ਦਾ ਤਿਉਹਾਰ ਹੈ। ਅੱਜ ਦੇ ਦਿਨ 13 ਅਪ੍ਰੈਲ 1699 ਨੂੰ ਸਿੱਖਾਂ ਦੇ ਦਸਵੇਂ ਗੁਰੂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਖ਼ਾਲਸਾ ਪੰਥ ਦੀ ਸਥਾਪਨਾ ਕੀਤੀ ਸੀ। ਰੋਲਟ ਐਕਟ ਦੇ ਖਿਲਾਫ 13



ਅਪ੍ਰੈਲ 1919 ਨੂੰ ਸ਼੍ਰੀ ਹਰਮਿੰਦਰ ਸਾਹਿਬ ਦੇ ਜਲਿਆਂਵਾਲਾ ਬਾਗ ’ਚ ਸਭਾ ਕੀਤੀ ਜਾ ਰਹੀ ਸੀ। ਜਿਸ ’ਚ ਜਨਰਲ ਡਾਇਰ ਨੇ ਭੀੜ ’ਤੇ ਗੋਲੀਆਂ ਚਲਾ ਦਿੱਤੀਆਂ ਸਨ। ਇਸ ’ਚ 484 ਦੇ ਕਰੀਬ ਲੋਕ ਸ਼ਹੀਦ ਹੋਏ ਸਨ। ਇਸ ਘਟਨਾ ਦਾ ਬਹੁਤ ਸਾਰੇ ਦੇਸ਼ ਭਗਤਾਂ ’ਤੇ ਬਹੁਤ ਪ੍ਰਭਾਵ ਪਿਆ। ਇਸ ਦਿਨ ਵਿਸਾਖੀ ਮਨਾਉਣ ਲਈ ਹਰ ਕੋਈ ਧਾਰਮਿਕ ਸਥਾਨਾਂ ’ਤੇ ਇਸ਼ਨਾਨ ਕਰਨ ਅਤੇ ਮੱਥਾ ਟੇਕਣ ਲਈ ਜਾਂਦਾ ਹੈ। ਉਹਨਾਂ ਨੇ ਦੱਸਿਆ ਕਿ 14 ਅਪ੍ਰੈਲ ਨੂੰ ਸੰਵਿਧਾਨ ਦੇ ਨਿਰਮਾਤਾ ਡਾ. ਅੰਬੇਡਕਰ ਸਾਹਿਬ ਦੇ ਜਨਮ ਦਿਨ ਮਨਾਇਆ ਜਾਂਦਾ ਹੈ। ਡਾ. ਅੰਬੇਡਕਰ ਸਾਹਿਬ ਵੱਲੋਂ ਦਲਿਤ ਸਮਾਜ ਦੀ ਤਰੱਕੀ ਲਈ ਕੀਤੇ ਕੰਮਾਂ ਦੇ ਨਤੀਜੇ ਵਜੋਂ ਅੱਜ ਦਲਿਤ ਸਮਾਜ ਪੜ੍ਹੇ ਲਿਖੇ ਅਤੇ ਉੱਚ ਅਹੁਦਿਆਂ ’ਤੇ ਬਿਰਾਜਮਾਨ ਹਨ। ਅਜਿਹੇ ਪ੍ਰੋਗਰਾਮਾਂ ਰਾਹੀਂ ਬੱਚੇ ਆਪਣੇ ਤਿਉਹਾਰਾਂ ਪ੍ਰਤੀ ਜਾਗਰੂਕ ਰਹਿੰਦੇ ਹਨ। ਅੰਤ ’ਚ ਸਾਰੇ ਜੇਤੂਆਂ ਨੂੰ ਸਨਮਾਨਤ ਕੀਤਾ ਗਿਆ। ਮੌਕੇ ਪ੍ਰਿੰਸੀਪਲ ਰੰਜਨਾ ਖੰਨਾ, ਗੁਰਪ੍ਰੀਤ ਸਿੰਘ, ਮੋਨਿਕਾ ਰਾਣੀ, ਨੀਰਜ, ਕਿਰਣ ਸੋਬਤੀ, ਵਿਪਨ ਕੁਮਾਰ ਤੇ ਸਕੂਲ ਦਾ ਸਾਰਾ ਸਟਾਫ਼ ਹਾਜ਼ਰ ਰਿਹਾ।

# ਆਰ ਐਸ ਐਸ ਦੇ ਕੌਮੀ ਕਾਰਜਕਾਰਨੀ ਮੈਂਬਰ ਇੰਦਰੇਸ਼ ਜੀ ਅੰਗਦ ਗਿੱਲ ਨੂੰ ਅਸ਼ੀਰਵਾਦ ਦੇਣ ਲਈ ਵਿਸ਼ੇਸ਼ ਤੌਰ ਤੇ ਪਹੁੰਚੇ ਬਟਾਲੇ

ਬਟਾਲਾ 13 ਅਪ੍ਰੈਲ (ਬਲਦੇਵ ਸਿੰਘ ਖਾਲਸਾ,, ਸੁਨੀਲ ਬਟਾਲਵੀ) ਹਿਮਾਲਿਆ ਪਰਿਵਾਰ ਸੰਗਠਨ ਦੇ ਕੌਮੀ ਸਰਪ੍ਰਸਤ ਅਤੇ ਆਰ ਐਸ ਐਸ ਦੇ ਕੌਮੀ ਕਾਰਜਕਾਰਨੀ ਮੈਂਬਰ ਮਾਨਯੋਗ ਸ੍ਰੀ ਇੰਦਰੇਸ਼ ਕੁਮਾਰ ਜੀ ਬਟਾਲੇ ਵਿਖੇ ਵਿਸ਼ੇਸ਼ ਤੌਰ ਤੇ ਹਿਮਾਲਿਆ ਪਰਿਵਾਰ ਸੰਗਠਨ ਦੇ ਕੌਮੀ ਕਾਰਜਕਾਰੀ ਪ੍ਰਧਾਨ ਪਰਮਜੀਤ ਸਿੰਘ ਗਿੱਲ ਦੇ ਗ੍ਰਹਿ ਵਿਖੇ ਪਹੁੰਚੇ। ਇਸ ਸਬੰਧੀ ਜਦੋਂ ਇੰਦਰੇਸ਼ ਜੀ ਨੂੰ ਬਟਾਲੇ ਆਉਣ ਦੇ ਮਕਸਦ ਸਬੰਧੀ ਪੁੱਛਿਆ ਗਿਆ ਤਾਂ ਉਹਨਾਂ ਨੇ ਦੱਸਿਆ ਕਿ ਹਿਮਾਲਿਆ ਪਰਿਵਾਰ ਸੰਗਠਨ ਦੇ ਕਾਰਜਕਾਰੀ ਪ੍ਰਧਾਨ ਪਰਮਜੀਤ ਸਿੰਘ ਗਿੱਲ ਨਾਲ ਉਨਾਂ ਦੇ ਪਰਿਵਾਰਿਕ ਸਬੰਧ ਹਨ ਅਤੇ ਅੱਜ ਉਹ ਵਿਸ਼ੇਸ਼ ਤੌਰ ਤੇ ਪਰਮਜੀਤ ਸਿੰਘ ਗਿੱਲ ਦੇ ਪੋਤਰੇ ਅੰਗਦ ਗਿੱਲ ਨੂੰ ਮਿਲਣ ਆਏ ਹਨ।

ਇੰਦਰੇਸ਼ ਜੀ ਨੇ ਗੱਲਬਾਤ ਕਰਦਿਆਂ ਕਿਹਾ ਕਿ ਪਿਛਲੇ ਸਾਲ ਪਰਮਜੀਤ ਗਿੱਲ ਨੂੰ ਗੁਰੂ ਸਾਹਿਬ ਨੇ ਪੋਤਰੇ ਅੰਗਦ ਗਿੱਲ ਦੀ ਦਾਤ ਬਖਸ਼ੀ ਸੀ ਅਤੇ ਉਸ ਵੇਲੇ ਵੀ ਉਹਨਾਂ ਦਾ ਮਨ ਕਰਦਾ ਸੀ ਕਿ ਕਿ ਪੋਤਰੇ ਨੂੰ ਅਸ਼ੀਰਵਾਦ ਦੇਣ ਲਈ ਆਉਣ ਪਰ ਸੰਗਠਨ ਦੇ ਰੁਝੇਵਿਆਂ ਦੇ ਕਰਕੇ ਉਹ ਨਹੀਂ ਆ ਸਕੇ ਸਨ ਅਤੇ ਹੁਣ ਉਹ ਵਿਸ਼ੇਸ਼ ਤੌਰ ਤੇ ਬਟਾਲਾ ਅੰਗਦ ਨੂੰ ਮਿਲਣ ਲਈ ਆਏ ਹਨ। ਇਸ ਮੌਕੇ ਮਾਨਯੋਗ ਇੰਦਰੇਸ਼ ਜੀ ਨੇ ਅੰਗਦ ਗਿੱਲ ਨੂੰ ਉਸ ਦੇ ਸੁਨਹਿਰੇ ਭਵਿੱਖ ਲਈ ਅਸ਼ੀਰਵਾਦ ਦਿੱਤਾ । ਪਰਮਜੀਤ ਸਿੰਘ ਗਿੱਲ ਨੇ ਪਰਿਵਾਰ ਵੱਲੋਂ ਮਾਨਯੋਗ ਇੰਦਰੇਸ਼ ਜੀ ਦਾ ਵਿਸ਼ੇਸ਼ ਤੌਰ ਤੇ ਪਹੁੰਚਣ ਲਈ ਧੰਨਵਾਦ ਵੀ



# ਪੰਜਾਬ ਕਾਂਗਰਸ ਵੱਲੋਂ ਡਾ. ਬੀ.ਆਰ. ਅੰਬੇਡਕਰ ਦੀ 135ਵੀਂ ਜਨਮ ਜਯੰਤੀ ਮੌਕੇ ਸੂਬਾ ਪੱਧਰ ’ ਤੇ ਪ੍ਰੋਗਰਾਮ; “ਰੱਨ ਫਾਰ ਅੰਬੇਡਕਰ ਜੀ, ਰੱਨ ਫਾਰ ਕਾਂਸਟਿਟਿਊਸ਼ਨ” ਥੀਮ ਰਹੇਗੀ ਕੇਂਦਰ ਵਿੱਚ

ਚੰਡੀਗੜ੍ਹ, 13 ਅਪ੍ਰੈਲ 2026ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ (PPCC) ਵੱਲੋਂ 14 ਅਪ੍ਰੈਲ 2026 ਨੂੰ ਭਾਰਤ ਰਤਨ ਡਾ. ਬੀ.ਆਰ. ਅੰਬੇਡਕਰ ਦੀ 135ਵੀਂ ਜਨਮ ਜਯੰਤੀ ਮੌਕੇ ਸੂਬੇ ਭਰ ਵਿੱਚ ਵੱਖ-ਵੱਖ ਪ੍ਰੋਗਰਾਮ ਕਰਵਾਏ ਜਾਣਗੇ, ਜਿਨ੍ਹਾਂ ਦਾ ਕੇਂਦਰੀ ਥੀਮ “ਰੱਨ ਫਾਰ ਅੰਬੇਡਕਰ ਜੀ, ਰੱਨ ਫਾਰ ਕਾਂਸਟਿਟਿਊਸ਼ਨ” ਹੋਵੇਗਾ ।ਇਹ ਪਹਲ ਕਾਂਗਰਸ ਨੇਤਾ ਰਾਹੁਲ ਗਾਂਧੀ ਵੱਲੋਂ ਦਿੱਲੀ ਵਿੱਚ ਇੱਕ ਸਮਾਨ ਮੈਰਾਥਨ ਨੂੰ ਹਰੀ ਝੰਡੀ ਦੇਣ ਦੀ ਭਾਵਨਾ ਨਾਲ ਪ੍ਰੇਰਿਤ ਹੈ, ਜੋ ਸੰਵਿਧਾਨ ਦੀ ਰੱਖਿਆ ਅਤੇ ਬਾਬਾ ਸਾਹਿਬ ਦੇ ਮੂਲ ਸਿਧਾਂਤਾਂ ਨੂੰ ਕਾਇਮ ਰੱਖਣ ਦਾ ਮਜ਼ਬੂਤ ਸੰਦੇਸ਼ ਦਿੰਦੀ ਹੈ। ਪੰਜਾਬ ਭਰ ਵਿੱਚ ਕਾਂਗਰਸ ਦੇ ਆਗੂ, ਵਰਕਰ ਅਤੇ ਆਮ ਨਾਗਰਿਕ ਮਾਰਚਾਂ, ਦੌੜਾਂ , ਫੁੱਲਾਂ ਦੀ ਸ਼ਰਧਾਂਜਲੀ, ਚਰਚਾਵਾਂ ਅਤੇ ਜਾਗਰੂਕਤਾ ਮੁਹਿੰਮਾਂ ਰਾਹੀਂ ਸ਼ਿਰਕਤ ਕਰਕੇ ਆਪਣੀ ਸ਼ਰਧਾਂਜਲੀ ਭੇਟ ਕਰਨਗੇ। ਇਸ ਦਾ ਮਕਸਦ ਸਿਰਫ਼ ਡਾ. ਅੰਬੇਡਕਰ ਨੂੰ ਯਾਦ ਕਰਨਾ ਹੀ ਨਹੀਂ, ਸਗੋਂ ਅੱਜ ਦੇ ਸਮੇਂ ਵਿੱਚ ਉਨ੍ਹਾਂ ਦੇ ਸਮਾਨਤਾ, ਮਰਯਾਦਾ ਅਤੇ ਨਿਆਂ ਦੇ ਵਿਚਾਰਾਂ ਨਾਲ ਮੁੜ ਜੁੜਨਾ ਵੀ ਹੈ ।ਇਸ ਮੌਕੇ ’ਤੇ PPCC ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਮੋਹਾਲੀ ਵਿੱਚ ਇੱਕ ਸ਼ਰਧਾਂਜਲੀ ਮਾਰਚ ਦੀ ਅਗਵਾਈ ਕਰਨਗੇ, ਜਿੱਥੇ ਉਹ ਬਾਬਾ ਸਾਹਿਬ ਨੂੰ ਨਮਨ ਕਰਨਗੇ ਅਤੇ ਪਾਰਟੀ ਵਰਕਰਾਂ ਅਤੇ ਆਮ ਜਨਤਾ ਨਾਲ ਸੰਪਰਕ ਕਰਨਗੇ। ਇਸੇ ਤਰ੍ਹਾਂ ਦੇ ਪ੍ਰੋਗਰਾਮ ਜ਼ਿਲ੍ਹਿਆਂ, ਸ਼ਹਿਰਾਂ ਅਤੇ ਪਿੰਡਾਂ ਵਿੱਚ ਵੀ ਕਰਵਾਏ ਜਾਣਗੇ, ਤਾਂ ਜੋ ਇਹ ਸੰਦੇਸ਼ ਪੰਜਾਬ ਦੇ ਹਰ ਕੋਨੇ ਤੱਕ ਪਹੁੰਚ ਸਕੇ ।ਇਸ ਦਿਨ ਵਿਸ਼ੇਸ਼ ਤੌਰ ’ਤੇ ਨੌਜਵਾਨਾਂ ਦੀ ਵੱਡੀ ਭਾਗੀਦਾਰੀ ਦੀ ਉਮੀਦ ਹੈ, ਜੋ ਡਾ . ਅੰਬੇਡਕਰ ਦੇ ਵਿਜ਼ਨ ਨੂੰ ਅੱਗੇ ਵਧਾਉਣ ਅਤੇ ਸੰਵਿਧਾਨ ਦੀ ਰੱਖਿਆ ਲਈ ਸਾਂਝੀ ਵਚਨਬੱਧਤਾ ਨੂੰ ਦਰਸਾਉਂਦੀ ਹੈ ।ਪੰਜਾਬ ਕਾਂਗਰਸ ਨੇ ਬਾਬਾ ਸਾਹਿਬ ਦੇ ਆਦਰਸ਼ਾਂ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਈ ਅਤੇ ਹਰ ਵਰਗ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਪ੍ਰੋਗਰਾਮਾਂ ਵਿੱਚ ਸ਼ਾਮਲ ਹੋ ਕੇ ਇਸ ਸਾਂਝੀ ਸ਼ਰਧਾਂਜਲੀ ਦਾ ਹਿੱਸਾ ਬਣਨ।

## ਐਸ ਜੀ ਏ ਡੀ ਸਰਕਾਰੀ ਕਾਲਜ ਤਰਨ ਤਾਰਨ ਦੇ ਵਿਦਿਆਰਥੀਆਂ ਨੇ ਮਾਰੀਆਂ ਨੈਤਿਕ ਸਿੱਖਿਆ ਪ੍ਰੀਖਿਆਵਾਂ ਵਿੱਚ ਮੱਲਾਂ।

Desi Punjab YouTube www.desipunjab.in




ਤਰਨ ਤਾਰਨ 14 ਅਪ੍ਰੈਲ ( ਜੀਵਨ ਜੱਜ )ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਕਰਵਾਈ ਗਈ ਨੈਤਿਕ ਸਿੱਖਿਆ ਦੀ ਪ੍ਰੀਖਿਆ ਦੇ ਵਿੱਚ ਹੀ ਗੁਰੂ ਅਰਜਨ ਦੇਵ ਸਰਕਾਰੀ ਕਾਲਜ ਤਰਨ ਤਾਰਨ ਦੇ ਵਿਦਿਆਰਥੀਆਂ ਨੇ ਮੱਲਾਂ ਮਾਰੀਆਂ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਕਾਲਜ ਪ੍ਰਿੰਸੀਪਲ ਡਾ ਅਮਨਦੀਪ ਭੱਟੀ ਨੇ ਦੱਸਿਆ ਕਿ ਕਾਲਜ ਵਿਦਿਆਰਥੀਆਂ ਜਿਸ ਵਿੱਚ ਚਾਰ ਵਿਦਿਆਰਥੀਆਂ ਨੇ ਸਟੇਟ ਮੈਰਿਟ ਹਾਸਲ ਕੀਤੀ ।ਜਿਸ ਦੇ ਵਿੱਚ ਅਰਸ਼ਪ੍ਰੀਤ ਕੌਰ, ਹਰਜੋਤ ਕੌਰ, ਹਰਮਨਦੀਪ ਸਿੰਘ ,ਸੰਦੀਪ ਕੌਰ, ਪਾਹੁਲ ਪ੍ਰੀਤ ਕੌਰ ਅਤੇ ਪੰਜ ਵਿਦਿਆਰਥੀਆਂ ਨੇ ਜ਼ਿਲ੍ਹਾ ਪੱਧਰੀ ਮੈਰਿਟ ਹਾਸਲ ਕੀਤੀ ।ਜਿਸ ਵਿੱਚ ਰਾਜਵਿੰਦਰ ਕੌਰ, ਕਿਰਨਦੀਪ ਕੌਰ ਮਨਪ੍ਰੀਤ ਕੌਰ, ਹਰਪ੍ਰੀਤ ਕੌਰ ਅਤੇ ਕਵਿਤਾ ਸ਼ਾਮਿਲ ਹਨ। ਕਾਲਜ ਪ੍ਰਿੰਸੀਪਲ ਵਲੋਂ ਉਹਨਾਂ ਨੂੰ ਮੁਬਾਰਕਬਾਦ ਦਿੰਦਿਆਂ ਹੋਇਆਂ ਭਵਿੱਖ ਵਿੱਚ ਹੋਰ ਮੱਲਾਂ ਮਾਰਨ ਲਈ ਪ੍ਰੇਰਿਤ ਕੀਤਾ ਗਿਆ ।ਕਾਲਜ ਦੇ ਸਹਾਇਕ ਪ੍ਰੋਫੈਸਰ ਰਮਨਦੀਪ ਕੌਰ ਨੇ ਕਿਹਾ ਕਿ ਵਿਦਿਆਰਥੀਆਂ ਨੇ ਇਸ ਪ੍ਰੀਖਿਆ ਵਿੱਚ ਬਹੁਤ ਮਿਹਨਤ ਕੀਤੀ ਸੀ ।ਇਸ ਪ੍ਰੀਖਿਆ ਦਾ ਮੰਤਵ ਵਿਦਿਆਰਥੀਆਂ ਨੂੰ ਸਿੱਖ ਇਤਿਹਾਸ ਨਾਲ ਜੋੜਨਾ ਹੈ ।ਇਸ ਮੌਕੇ ਕਾਲਜ ਦੇ ਵਾਈਸ ਪ੍ਰਿੰਸੀਪਲ ਡਾ ਗੁਰਿੰਦਰਜੀਤ ਕੌਰ, ਸਹਾਇਕ ਪ੍ਰੋ ਸਿਮਰਨਜੀਤ ਸਿੰਘ ਅਤੇ ਸਟਾਫ ਮੈਂਬਰ ਵਿਦਿਆਰਥੀ ਹਾਜ਼ਰ ਸਨ ।

## ਸੈਕਰਡ ਸੋਲਜ਼ ਕੌਨਵੈਂਟ ਸਕੂਲ ਕਾਲੇ ਵਿਖੇ ਨਵੇਂ ਸੈਸ਼ਨ ਦੀ ਸ਼ੁਰੂਆਤ ਅਤੇ ਖ਼ਾਲਸਾ ਪੰਥ ਸਾਜਨਾ ਦਿਵਸ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਏ ਗਏ ।

Desi Punjab YouTube www.desipunjab.in



ਭਿੱਖੀਵਿੰਡ ਜਗਤਾਰ ਸਿੰਘ ਖਾਲੜਾ ਸੈਕਰਡ ਸੋਲਜ਼ ਕੌਨਵੈਂਟ ਸਕੂਲ ਕਾਲੇ ਵਿਖੇ ਨਵੇਂ ਸੈਸ਼ਨ ਦੀ ਸ਼ੁਰੂਆਤ ਅਤੇ ਖ਼ਾਲਸਾ ਪੰਥ ਸਾਜਨਾ ਦਿਵਸ ਨੂੰ ਸਮਰਪਿਤ ਸਕੂਲ ਵਿੱਚ ਧਾਰਮਿਕ ਸਮਾਗਮ ਕਰਵਾਏ ਗਏ ਜਿਸ ਵਿੱਚ ਕਿ ਸਭ ਤੋਂ ਪਹਿਲਾਂ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਉਸ ਦੇ ਉਪਰੰਤ ਸਕੂਲ ਦੇ ਅਧਿਆਪਕ ਅਤੇ ਵਿਦਿਆਰਥੀਆਂ ਵੱਲੋਂ ਬੜਾ ਹੀ ਆਨੰਦਮਈ ਕੀਰਤਨ ਕੀਤਾ ਗਿਆ। ਜਿਸ ਵਿੱਚ ਸਭ ਤੋਂ ਪਹਿਲਾਂ ਸਕੂਲ ਦੀ ਅਧਿਆਪਕ ਨਵਨੀਤ ਕੌਰ ਨੇ ਅਤੇ ਇਸ ਤੋਂ ਬਾਅਦ ਸਕੂਲ ਦੇ ਵਿਦਿਆਰਥੀ ਜੁਗਰਾਜ ਸਿੰਘ , ਅੰਕਿਤਾ ਵੋਹਰਾ, ਹੁਸਨਪ੍ਰੀਤ ਸਿੰਘ ਅਤੇ ਯੁਵਰਾਜਸਿੰਘ ਵੱਲੋਂ ਕੀਰਤਨ ਕਰਕੇ ਵਿਦਿਆਰਥੀਆਂ ਨੂੰ ਨਿਹਾਲ ਕੀਤਾ ਗਿਆ। ਇਸ ਤੋਂ ਉਪਰੰਤ ਸਕੂਲ ਦੇ ਵਿਦਿਆਰਥੀ ਅਤੇ ਅਧਿਆਪਕਾਂ ਵੱਲੋਂ ਵਿਸਾਖੀ ਦੇ ਪਵਿੱਤਰ ਦਿਹਾੜੇ ਦਾ ਇਤਿਹਾਸ ਅਤੇ ਮਹੱਤਤਾ ਉੱਪਰ ਚਾਨਣਾ ਪਾਇਆ ਗਿਆ , ਨਾਲ ਹੀ ਇਸ ਮੌਕੇ ਤੇ ਸਕੂਲ ਦੇ ਚੇਅਰਮੈਨ ਸਰਦਾਰ ਕੰਧਾਲ ਸਿੰਘ ਜੀ ਬਾਠ ਹੋਣਾਂ ਨੇ ਬੱਚਿਆਂ ਨੂੰ ਨਵੇਂ ਸੈਸ਼ਨ ਦੀ ਸ਼ੁਰੂਆਤ ਦੀਆਂ ਮੁਬਾਰਕਾਂ ਦਿੱਤੀਆਂ ਅਤੇ ਉਹਨਾਂ ਨੇ ਆਉਣ ਵਾਲੇ ਸੈਸ਼ਨ ਵਿੱਚ ਮਨ ਲਾ ਕੇ ਪੜ੍ਹਾਈ ਕਰਨ ਲਈ ਪ੍ਰੇਰਿਆ ਨਾਲ ਹੀ ਉਹਨਾਂ ਨੇ ਦੱਸਿਆ ਕਿ ਅੱਜ ਦਾ ਦਿਨ ਸਾਡੇ ਲਈ ਕਿੰਨਾ ਮਹੱਤਵਪੂਰਨ ਹੈ ਕਿਸ ਤਰ੍ਹਾਂ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸਮੇਂ ਦੀ ਲੋੜ ਨੂੰ ਮੁੱਖ ਰੱਖਦਿਆਂ ਹੋਇਆਂ ਖਾਲਸਾ ਪੰਥ ਦੀ ਸਾਜਨਾ ਕੀਤੀ। ਇੱਕ ਨਵੀਂ ਇਲਾਹੀ ਕੌਮ ਦੀ ਸਿਰਜਣਾ ਕੀਤੀ ।ਪੰਜ ਪਿਆਰਿਆਂ ਨੂੰ ਖੰਡੇ ਬਾਟੇ ਦਾ ਅੰਮ੍ਰਿਤ ਛਕਾ ਕੇ ਇੱਕ ਨਵੀਂ ਰੀਤ ਦੀ ਸ਼ੁਰੂਆਤ ਕੀਤੀ। ਉਹਨਾਂ ਨੇ ਬੱਚਿਆਂ ਨੂੰ ਸਿੱਖੀ ਨਾਲ ਜੁੜਨ ਲਈ , ਗੁਰਬਾਣੀ ਪੜਨ ਲਈ ਅਤੇ ਗੁਰੂ ਵਾਲੇ ਬਣਨ ਲਈ ਪ੍ਰੇਰਿਆ। ਇਸ ਮੌਕੇ ਤੇ ਸਕੂਲ ਦੇ ਚੇਅਰਮੈਨ ਸਰਦਾਰ ਕੰਧਾਲ ਸਿੰਘ ਜੀ ਬਾਠ ,ਪ੍ਰਿੰਸੀਪਲ ਮੈਡਮ ਲਖਬੀਰ ਕੌਰ ਜੀ ,ਸਕੂਲ ਦਾ ਸਮੂਹ ਸਟਾਫ ਅਤੇ ਸਮੂਹ ਵਿਦਿਆਰਥੀ ਹਾਜ਼ਰ ਸਨ।

## ਪੁਲਿਸ ਥਾਣਾ ਭਿੰਡੀ ਸੈਦਾਂ 'ਤੇ ਗ੍ਰਨੇਡ ਹਮਲੇ ਪਿੱਛੇ ਪਾਕਿ-ਆਈ.ਐਸ.ਆਈ. ਦਾ ਹੱਥ; ਦੋ ਪਿਸਤੌਲਾਂ ਸਮੇਤ ਛੇ ਗ੍ਰਿਫ਼ਤਾਰ

Desi Punjab YouTube www.desipunjab.in



ਚੰਡੀਗੜ੍ਹ/ਅੰਮ੍ਰਿਤਸਰ, 13 ਅਪ੍ਰੈਲ (ਰਣਜੀਤ ਸਿੰਘ ਮਸੌਣ/ ਜੋਗਾ ਸਿੰਘ ਰਾਜਪੂਤ/ ਰਾਘਵ ਅਰੋੜਾ)- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਜਾਰੀ ਮੁਹਿੰਮ ਦੌਰਾਨ ਵੱਡੀ ਸਫ਼ਲਤਾ ਹਾਸਲ ਕਰਦਿਆਂ ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਜ਼ਿਲ੍ਹਾ ਪੁਲਿਸ ਫ਼ਰੀਦਕੋਟ ਅਤੇ ਕਾਊਂਟਰ ਇੰਟੈਲੀਜੈਂਸ ਫਿਰੋਜ਼ਪੁਰ ਨਾਲ ਸਾਂਝੇ ਆਪ੍ਰੇਸ਼ਨ ਵਿੱਚ ਦੋ ਪਿਸਤੌਲਾਂ ਸਮੇਤ ਛੇ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਥਾਣਾ ਭਿੰਡੀ ਸੈਦਾਂ ਵਿਖੇ ਗ੍ਰਨੇਡ ਹਮਲੇ ਦੇ ਕੇਸ ਨੂੰ ਸਫ਼ਲਤਾਪੂਰਵਕ ਸੁਲਝਾ ਲਿਆ ਹੈ। ਇਹ ਜਾਣਕਾਰੀ ਅੱਜ ਇਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅੰਮ੍ਰਿਤਸਰ ਦੇ ਪਿੰਡ ਚੱਕ ਡੋਗਰਾ ਦੇ ਰਹਿਣ ਵਾਲੇ ਬਲਜੀਤ ਸਿੰਘ; ਅੰਮ੍ਰਿਤਸਰ ਦੇ ਛੋਟਾ ਫਤਿਹਵਾਲ ਦੇ ਰਹਿਣ ਵਾਲੇ ਪ੍ਰਭ ਸਿੰਘ; ਅੰਮ੍ਰਿਤਸਰ ਦੇ ਬਾਬਾ ਗਮਚੁੱਕ ਬੱਲੜਵਾਲ ਦੇ ਰਹਿਣ ਵਾਲੇ ਰਾਜਬੀਰ ਸਿੰਘ; ਅੰਮ੍ਰਿਤਸਰ ਦੇ ਠੱਠਾ ਰਾਜਪੂਤਾਂ ਦੇ ਰਹਿਣ ਵਾਲੇ ਸੁਖਪ੍ਰੀਤ ਸਿੰਘ; ਅੰਮ੍ਰਿਤਸਰ ਦੇ ਲੋਪੋਕੇ ਦੇ ਰਹਿਣ ਵਾਲੇ ਅਜੈਦੀਪ ਸਿੰਘ ਉਰਫ਼ ਅਜੇ ਉਰਫ਼ ਗਜ਼ਨੀ; ਅਤੇ ਅੰਮ੍ਰਿਤਸਰ ਦੇ ਸਾਰੰਗਦੇਵ ਦੇ ਰਹਿਣ ਵਾਲੇ ਸਾਹਿਬ ਸਿੰਘ ਉਰਫ਼ ਸਾਬਾ ਵਜੋਂ ਹੋਈ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਸ ਮਾਡਿਊਲ ਨੂੰ ਪਾਕਿਸਤਾਨ ਦੀ ਆਈ.ਐਸ.ਆਈ. ਦੀ ਹਮਾਇਤ ਪ੍ਰਾਪਤ ਸੀ। ਉਨ੍ਹਾਂ ਕਿਹਾ ਕਿ ਉਕਤ ਮੁਲਜ਼ਮ ਪਾਕਿਸਤਾਨ ਅਧਾਰਤ ਹੈਂਡਲਰ ਦੇ ਸੰਪਰਕ ਵਿੱਚ ਸੀ, ਜੋ ਵਿਦੇਸ਼ ਤੋਂ ਇਸ ਮਾਡਿਊਲ ਨੂੰ ਚਲਾ ਰਿਹਾ ਸੀ। ਉਕਤ ਹੈਂਡਲਰ ਆਪਣੇ ਕਾਰੁਕਨਾਂ ਨੂੰ ਪੰਜਾਬ ਵਿੱਚ ਅੱਤਵਾਦੀ ਗਤੀਵਿਧੀਆਂ ਨੂੰ ਅੰਜ਼ਾਮ ਦੇਣ ਦਾ ਕੰਮ ਸੌਂਪਦਾ ਸੀ। ਡੀਜੀਪੀ ਨੇ ਦੱਸਿਆ ਕਿ ਪੁਲਿਸ ਅਦਾਰਿਆਂ ਨੂੰ ਨਿਸ਼ਾਨਾ ਬਣਾਉਣ ਦੇ ਇਰਾਦੇ ਨਾਲ ਇਸ ਮਾਡਿਊਲ ਨੂੰ ਪੂਰੀ ਤਰ੍ਹਾਂ ਕੱਟੜਪੰਥੀ ਬਣਾਇਆ ਗਿਆ ਸੀ ਅਤੇ ਘਟਨਾ ਨੂੰ ਅੰਜ਼ਾਮ ਦੇਣ ਲਈ ਉਕਤ ਮੁਲਜ਼ਮਾਂ ਨੂੰ ਚੰਗੇ ਪੈਸਿਆਂ ਦਾ ਲਾਲਚ ਦੇ ਕੇ ਪ੍ਰੇਰਿਤ ਕੀਤਾ ਜਾਂਦਾ ਸੀ। ਡਿਪਟੀ ਇੰਸਪੈਕਟਰ ਜਨਰਲ ਆਫ਼ ਪੁਲਿਸ (ਡੀਆਈਜੀ) ਬਾਰਡਰ ਰੇਂਜ ਸੰਦੀਪ ਗੋਇਲ ਨੇ ਦੱਸਿਆ ਕਿ ਜਾਂਚ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਮੁਲਜ਼ਮ ਬਲਜੀਤ ਸਿੰਘ ਅਤੇ ਪ੍ਰਭ ਸਿੰਘ ਨੇ ਘਰਿੰਡਾ ਨੇੜੇ ਇੱਕ ਸਥਾਨ ਤੋਂ ਦੋ ਹੈਂਡ ਗ੍ਰਨੇਡ ਹਾਸਲ ਕੀਤੇ ਸਨ। ਜਾਂਚ ਵਿੱਚ ਇਹ ਵੀ ਸਾਹਮਣੇਂ ਆਇਆ ਕਿ ਘਟਨਾ ਨੂੰ ਅੰਜ਼ਾਮ ਦੇਣ ਲਈ ਉਕਤ ਮੁਲਜ਼ਮਾਂ ਨੂੰ ਵੱਡੀ ਰਕਮ ਦੇਣ ਦਾ ਵਾਅਦਾ ਕੀਤਾ ਗਿਆ ਸੀ, ਪਰ ਹਮਲੇ ਉਪਰੰਤ ਪਾਕਿਸਤਾਨੀ ਹੈਂਡਲਰ ਵੱਲੋਂ ਉਨ੍ਹਾਂ ਨੂੰ ਬਹੁਤ ਘੱਟ ਪੈਸੇ ਦਿੱਤੇ ਗਏ ।ਇਸ ਕਾਰਵਾਈ ਸਬੰਧੀ ਵੇਰਵੇ ਸਾਂਝੇ ਕਰਦਿਆਂ ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸ.ਐਸ.ਪੀ) ਫ਼ਰੀਦਕੋਟ ਡਾ. ਪ੍ਰਗਿਆ ਜੈਨ ਨੇ ਦੱਸਿਆ ਕਿ ਅੰਮ੍ਰਿਤਸਰ ਦਿਹਾਤੀ ਪੁਲਿਸ ਨਾਲ ਇੱਕ ਖੁਫੀਆ ਕਾਰਵਾਈ ਵਿੱਚ ਪੁਲਿਸ ਟੀਮਾਂ ਨੇ ਥਾਣਾ ਭਿੰਡੀ ਸੈਦਾਂ ਗ੍ਰਨੇਡ ਹਮਲੇ ਦੇ ਕੇਸ ਵਿੱਚ ਸ਼ਾਮਲ ਦੋ ਮੁਲਜ਼ਮਾਂ ਨੂੰ ਫ਼ਰੀਦਕੋਟ ਤੋਂ ਗ੍ਰਿਫ਼ਤਾਰ ਕਰ ਲਿਆ ਸੀ।

ਇਸ ਉਪਰੰਤ ਅੱਗੇ ਦੀ ਜਾਂਚ ਦੌਰਾਨ ਚਾਰ ਹੋਰ ਮੁਲਜ਼ਮਾਂ ਨੂੰ ਅੰਮ੍ਰਿਤਸਰ ਤੋਂ ਗ੍ਰਿਫ਼ਤਾਰ ਕੀਤਾ ਗਿਆ ਹੈ। ਹੋਰ ਜਾਣਕਾਰੀ ਦਿੰਦਿਆਂ ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸ.ਐਸ.ਪੀ) ਅੰਮ੍ਰਿਤਸਰ ਦਿਹਾਤੀ ਸੁਹੇਲ ਕਾਸਿਮ ਮੀਰ ਨੇ ਦੱਸਿਆ ਕਿ ਘਟਨਾ ਵਾਲੇ ਦਿਨ ਤਿੰਨੋਂ ਦੋਸ਼ੀ - ਬਲਜੀਤ ਸਿੰਘ, ਪ੍ਰਭ ਸਿੰਘ ਅਤੇ ਰਾਜਬੀਰ ਸਿੰਘ- ਇੱਕ ਮੋਟਰਸਾਈਕਲ 'ਤੇ ਪੁਲਿਸ ਸਟੇਸ਼ਨ ਭਿੰਡੀ ਸੈਦਾਂ ਵੱਲ ਵਧੇ।

ਉਨ੍ਹਾਂ ਨੇ ਆਪਣਾ ਮੋਟਰਸਾਈਕਲ ਥਾਣੇ ਤੋਂ ਲਗਭਗ 1-2 ਕਿਲੋਮੀਟਰ ਦੂਰ ਨੇੜਲੇ ਖੇਤਾਂ ਵਿੱਚ ਖੜ੍ਹਾ ਕੀਤਾ ਅਤੇ ਖੇਤਾਂ ਵਿੱਚੋਂ ਪੈਦਲ ਚੱਲ ਕੇ ਥਾਣੇ ਦੇ ਪਿਛਲੇ ਪਾਸੇ ਪਹੁੰਚੇ ।ਉਨ੍ਹਾਂ ਅੱਗੇ ਕਿਹਾ ਕਿ ਦੋਸ਼ੀ ਬਲਜੀਤ ਸਿੰਘ ਅਤੇ ਪ੍ਰਭ ਸਿੰਘ ਨੇ ਪੁਲਿਸ ਥਾਣੇ 'ਤੇ ਗ੍ਰਨੇਡ ਸੁੱਟੇ, ਜਦੋਂ ਕਿ ਦੋਸ਼ੀ ਰਾਜਬੀਰ ਸਿੰਘ ਨੇ ਸਾਰੀ ਘਟਨਾ ਰਿਕਾਰਡ ਕੀਤੀ। ਹਮਲਾ ਕਰਨ ਤੋਂ ਬਾਅਦ ਦੋਸ਼ੀ ਲਗਭਗ ਤਿੰਨ ਤੋਂ ਚਾਰ ਘੰਟੇ ਤੱਕ ਖੇਤਾਂ 'ਚ ਖੜ੍ਹੀ ਕਣਕ 'ਚ ਲੁਕੇ ਰਹੇ।

ਐਸਐਸਪੀ ਨੇ ਅੱਗੇ ਦੱਸਿਆ ਕਿ ਇਸ ਉਪਰੰਤ ਦੋਸ਼ੀਆਂ ਨੇ ਸਬੂਤ ਨਸ਼ਟ ਕਰਨ ਲਈ ਪੁਲਿਸ ਥਾਣੇ ਤੋਂ ਲਗਭਗ ਇੱਕ ਕਿਲੋਮੀਟਰ ਦੂਰ ਇੱਕ ਨਾਲੇ ਵਿੱਚ ਆਪਣੇ ਕੱਪੜੇ ਸੁੱਟ ਦਿੱਤੇ ਅਤੇ ਸਵੇਰੇ 5 ਵਜੇ ਦੇ ਕਰੀਬ ਆਪਣਾ ਮੋਟਰਸਾਈਕਲ ਲੈ ਕੇ ਮੌਕੇ ਤੋਂ ਭੱਜ ਗਏ।

ਇਸ ਸਬੰਧ ਵਿੱਚ ਵਿਸਫੋਟਕ ਪਦਾਰਥ ਐਕਟ ਦੀਆਂ ਧਾਰਾਵਾਂ 3, 4 ਤੇ 5; ਗੈਰ-ਕਾਨੂੰਨੀ ਗਤੀਵਿਧੀਆਂ (ਰੋਕੂ) ਐਕਟ ਦੀਆਂ ਧਾਰਾਵਾਂ 13, 16, 18 ਅਤੇ 19; ਭਾਰਤੀ ਨਿਆਂ ਸੰਹਿਤਾ (ਬੀਐਨਐਸ) ਦੀਆਂ ਧਾਰਾਵਾਂ 109, 61(1), 61(2), 3 (5) ਅਤੇ 324 (4); ਅਤੇ ਅਸਲਾ ਐਕਟ ਦੀ ਧਾਰਾ 25 ਤਹਿਤ ਪੁਲਿਸ ਥਾਣਾ ਭਿੰਡੀ ਸੈਦਾਂ ਵਿਖੇ ਐਫਆਈਆਰ ਨੰ. 56 ਮਿਤੀ 30.03.2026 ਦਰਜ ਹੈ।

## ਆਜ਼ਾਦ ਪ੍ਰੈਸ ਕਲੱਬ ਭਿੱਖੀਵਿੰਡ ਦੀ ਮਹੀਨਾਵਾਰ ਹੋਈ ਮੀਟਿੰਗ "ਸੰਦੀਪ ਕੁਮਾਰ ਉਪਲ ਭਿੱਖੀਵਿੰਡ ਦੇ ਬਣੇ ਬਲਾਕ ਪ੍ਰਧਾਨ ਨਵੇਂ ਪੱਤਰਕਾਰ ਵੀਰਾਂ ਦਾ ਯੂਨੀਅਨ 'ਚ ਸ਼ਾਮਲ ਹੋਣ ਤੇ ਜਸਬੀਰ ਸਿੰਘ ਪੱਟੀ ਨੇ ਕੀਤਾ ਭਰਵਾਂ ਸਵਾਗਤ

Desi Punjab YouTube www.desipunjab.in



ਭਿੱਖੀਵਿੰਡ 13 ਅਪ੍ਰੈਲ ( ਜਗਤਾਰ ਸਿੰਘ)- ਆਜ਼ਾਦ ਪ੍ਰੈਸ ਕਲੱਬ ਭਿੱਖੀਵਿੰਡ ਦੀ ਮਹੀਨਾਵਾਰ ਇੱਕ ਜ਼ਰੂਰੀ ਮੀਟਿੰਗ ਚੰਡੀਗੜ੍ਹ ਪੰਜਾਬ ਜਰਨਲਿਸਟ ਐਸੋਸੀਏਸ਼ਨ ਦੇ ਸੂਬਾ ਵਾਈਸ ਪ੍ਰਧਾਨ ਸਵਿੰਦਰ ਸਿੰਘ ਬਲੇਹਰ ਅਤੇ ਜ਼ਿਲ੍ਹਾ ਪ੍ਰਧਾਨ ਚਾਨਣ ਸਿੰਘ ਸੰਧੂ ਦੇ ਦਿਸ਼ਾ ਨਿਰਦੇਸ਼ਾਂ ਹੇਠ ਸੰਧੂ ਪੈਲੇਸ ਅੱਡਾ ਝਬਾਲ ਵਿਖੇ ਬਲਾਕ ਪ੍ਰਧਾਨ ਮਨਜੀਤ ਸਿੰਘ ਰੰਧਾਵਾ ਅਤੇ ਕਾਰਜਕਾਰੀ ਪ੍ਰਧਾਨ ਗੁਰਪਾਲ ਸਿੰਘ ਹੈਪੀ ਦਿੱਲੀ ਦੀ ਅਗਵਾਈ ਹੇਠ ਹੋਈ।

ਜਿਸ ਵਿੱਚ ਚੰਡੀਗੜ੍ਹ ਪੰਜਾਬ ਜਰਨਲਿਸਟ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਜਸਬੀਰ ਸਿੰਘ ਪੱਟੀ, ਅਦਾਰਾ ਰੋਜ਼ਾਨਾ ਸੁਪਰੀਮ ਟਾਈਮਜ਼ ਦੇ ਚੀਫ ਐਡੀਟਰ ਦੀਪਕ ਮਹਿਤਾ ਅਤੇ ਮੈਨੇਜਿੰਗ ਡਾਇਰੈਕਟਰ ਸੁਭਾਸ਼ ਮਹਿਤਾ ਜੀ ਉਚੇਚੇ ਤੌਰ ਤੇ ਪਹੁੰਚੇ ਜ਼ਿੰਨਾ ਦਾ ਸਮੂਹ ਪੱਤਰਕਾਰ ਭਾਈਚਾਰੇ ਨੇ ਭਰਵਾਂ ਸਵਾਗਤ ਕਰਦਿਆਂ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਸਮੂਹ ਪੱਤਰਕਾਰ ਵੀਰਾ ਨੇ ਵੱਧ ਚੜ੍ਹ ਕੇ ਭਾਗ ਲਿਆ। ਇਸ ਮੌਕੇ ਪੱਤਰਕਾਰਾਂ ਨੂੰ ਆ ਰਹੀਆਂ ਦਰਪੇਸ਼ ਮੁਸ਼ਕਿਲਾਂ ਸਬੰਧੀ ਸੂਬਾ ਪ੍ਰਧਾਨ ਜਸਬੀਰ ਸਿੰਘ ਪੱਟੀ ਨੂੰ ਜਾਣੂ ਕਰਵਾਇਆ ਗਿਆ ਜਿੰਨਾਂ ਨੇ ਪੱਤਰਕਾਰ ਭਾਈਚਾਰੇ ਨੂੰ ਵਿਸ਼ਵਾਸ ਦਿਵਾਇਆ ਕਿ ਬਹੁਤ ਜਲਦੀ ਹੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਮੁਲਾਕਾਤ ਕਰਕੇ ਇੰਨ੍ਹਾਂ ਮਸਲਿਆਂ ਦਾ ਹੱਲ ਕਰਵਾਇਆ ਜਾਵੇਗਾ। ਇਸ ਮੌਕੇ ਨਵੇਂ ਸ਼ਾਮਲ ਹੋਏ ਪੱਤਰਕਾਰ ਵੀਰਾਂ ਨੂੰ ਸੂਬਾ ਪ੍ਰਧਾਨ ਜਸਬੀਰ ਸਿੰਘ ਪੱਟੀ ਨੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ । ਇਸ ਮੌਕੇ ਪੱਤਰਕਾਰ ਸੁਰਜੀਤ ਕੁਮਾਰ ਬੌਬੀ ਦੇ ਕੁੱਝ ਜ਼ਰੂਰੀ ਰੁਝੇਵਿਆਂ ਨੂੰ ਦੇਖਦਿਆਂ ਹੋਇਆਂ ਸੰਦੀਪ ਕੁਮਾਰ ਉਪਲ ਨੂੰ ਭਿੱਖੀਵਿੰਡ ਬਲਾਕ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਅਤੇ ਸੁਰਜੀਤ ਕੁਮਾਰ ਬੌਬੀ ਯੂਨੀਅਨ ਵਿੱਚ ਮੈਂਬਰ ਬਣੇ ਰਹਿਣਗੇ। ਚੰਡੀਗੜ੍ਹ ਪੰਜਾਬ ਜਰਨਲਿਸਟ ਐਸੋਸੀਏਸ਼ਨ ਦੇ ਕਾਰਡ ਬਣਾਕੇ ਦਿੱਤੇ ਜਾ ਸਕਣ।

ਇਸ ਮੌਕੇ ਮਨਜੀਤ ਸਿੰਘ ਰੰਧਾਵਾ ਬਲਾਕ ਪ੍ਰਧਾਨ ਝਬਾਲ ਅਤੇ ਜ਼ਿਲ੍ਹਾ ਕਾਰਜ਼ਕਾਰੀ ਪ੍ਰਧਾਨ ਗੁਰਪਾਲ ਸਿੰਘ ਹੈਪੀ ਦਿੱਲੀ ਨੇ ਕਿਹਾ ਕਿ ਇਹ ਮਹੀਨਾਵਾਰ ਮੀਟਿੰਗ ਇਸੇ ਤਰ੍ਹਾਂ ਹੋਇਆ ਕਰੇਗੀ ਅਤੇ ਹਰ ਪੱਤਰਕਾਰ ਵੀਰ ਦਾ ਮੁੱਢਲਾ ਫਰਜ਼ ਬਣਦਾ ਹੈ ਕਿ ਟਾਈਮ ਵਿੱਚੋ ਟਾਈਮ ਕੱਢਕੇ ਇਸ ਮੀਟਿੰਗ ਵਿੱਚ ਸ਼ਾਮਿਲ ਹੋਇਆਂ ਕਰਨ। ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਸਰਬਜੀਤ ਸਿੰਘ ਛੀਨਾ ਅਤੇ ਸੰਦੀਪ ਕੁਮਾਰ ਉਪਲ ਬਲਾਕ ਪ੍ਰਧਾਨ ਭਿੱਖੀਵਿੰਡ ਨੇ ਕਿਹਾ ਕਿ ਪੱਤਰਕਾਰ ਭਾਈਚਾਰਾ ਇੱਕ ਸਮਾਜ ਦਾ ਚੌਥਾ ਥੰਮ੍ਹ ਹੈ ਜੋ ਹਰੇਕ ਵਰਗ ਦੀ ਆਵਾਜ਼ ਸਰਕਾਰ ਦੇ ਕੰਨਾਂ ਤੱਕ ਪਹੁੰਚਾਉਂਦਾ ਹੈ ਤਾਂ ਸਰਕਾਰ ਦਾ ਵੀ ਫਰਜ ਬਣਦਾ ਹੈ ਕਿ ਪੱਤਰਕਾਰਾਂ ਦੀਆਂ ਮੁਸ਼ਕਿਲਾਂ ਨੂੰ ਅਣਦੇਖਿਆਂ ਨਾਂ ਕਰੇ। ਇਸ ਮੌਕੇ ਹੈਪੀ ਸਭਰਾ ਬਲਾਕ ਪ੍ਰਧਾਨ ਪੱਟੀ, ਗੁਰਕੀਰਤ ਸਿੰਘ ਬਲਾਕ ਪ੍ਰਧਾਨ ਅਮਰਕੋਟ,ਲਾਡਾ ਕੰਡਾਂ ਪ੍ਰਧਾਨ ਖੇਮਕਰਨ, ਜਗਤਾਰ ਸਿੰਘ ਸਰਕਲ ਪ੍ਰਧਾਨ ਖਾਲੜਾ, ਸੁਖਬੀਰ ਸਿੰਘ ਸਰਕਲ ਪ੍ਰਧਾਨ ਦਿਆਲਪੁਰਾ ਅਤੇ ਸਤਨਾਮ ਸਿੰਘ ਜੰਡ ਨੇ ਵੀ ਆਪਣੇ ਆਪਣੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਸੂਬਾ ਪ੍ਰਧਾਨ ਜਸਬੀਰ ਸਿੰਘ ਪੱਟੀ ਅਤੇ ਸੂਬਾ ਵਾਈਸ ਪ੍ਰਧਾਨ ਸਵਿੰਦਰ ਸਿੰਘ ਬਲੇਹਰ ਵੱਲੋਂ ਜਸਬੀਰ ਸਿੰਘ ਛੀਨਾ ਨੂੰ ਪੰਜਾਬ ਦਾ ਮੀਤ ਪ੍ਰਧਾਨ ਅਤੇ ਸੰਦੀਪ ਕੁਮਾਰ ਉਪਲ ਨੂੰ ਬਲਾਕ ਭਿੱਖੀਵਿੰਡ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਸਾਨੂੰ ਆਸ ਹੈ ਕਿ ਨਵ ਨਿਯੁਕਤ ਕੀਤੇ ਗਏ ਬਲਾਕ ਪ੍ਰਧਾਨ ਅਤੇ ਪੰਜਾਬ ਮੀਤ ਪ੍ਰਧਾਨ ਯੂਨੀਅਨ ਨੂੰ ਹੋਰ ਮਜ਼ਬੂਤ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਣਗੇ। ਅਖੀਰ ਵਿੱਚ ਮਨਜੀਤ ਸਿੰਘ ਰੰਧਾਵਾ ਬਲਾਕ ਪ੍ਰਧਾਨ ਝਬਾਲ,ਕਾਰਜਕਾਰੀ ਪ੍ਰਧਾਨ ਗੁਰਪਾਲ ਸਿੰਘ ਹੈਪੀ ਦਿੱਲੀ ਅਤੇ ਪੂਰੀ ਝਬਾਲ ਟੀਮ ਵੱਲੋਂ ਮੀਟਿੰਗ ਵਿੱਚ ਸ਼ਾਮਿਲ ਹੋਏ ਸਮੂਹ ਪੱਤਰਕਾਰ ਭਾਈਚਾਰੇ ਦਾ ਨਿੱਘਾ ਸਵਾਗਤ ਕੀਤਾ ਅਤੇ ਜੀ ਆਇਆਂ ਆਖਿਆ। ਇਸ ਮੌਕੇ ਸੂਬਾ ਵਾਈਸ ਪ੍ਰਧਾਨ ਸਵਿੰਦਰ ਸਿੰਘ ਬਲੇਹਰ, ਜ਼ਿਲ੍ਹਾ ਪ੍ਰਧਾਨ ਚਾਨਣ ਸਿੰਘ ਸੰਧੂ, ਕਾਰਜ਼ਕਾਰੀ ਪ੍ਰਧਾਨ ਗੁਰਪਾਲ ਸਿੰਘ ਹੈਪੀ ਦਿੱਲੀ, ਮਨਜੀਤ ਸਿੰਘ ਰੰਧਾਵਾ ਬਲਾਕ ਪ੍ਰਧਾਨ ਝਬਾਲ, ਸੀਨੀਅਰ ਮੀਤ ਪ੍ਰਧਾਨ ਸਰਬਜੀਤ ਸਿੰਘ ਛੀਨਾ, ਸੰਦੀਪ ਕੁਮਾਰ ਉਪਲ ਬਲਾਕ ਪ੍ਰਧਾਨ ਭਿੱਖੀਵਿੰਡ ,ਹੈਪੀ ਸਭਰਾ ਬਲਾਕ ਪ੍ਰਧਾਨ ਪੱਟੀ, ਮੀਤ ਪ੍ਰਧਾਨ ਕਪਿਲ ਗਿੱਲ, ਸਤਨਾਮ ਸਿੰਘ ਜੰਡ, ਨਰਿੰਦਰ ਸਿੰਘ ਪੀਟੀਸੀ, ਗੁਰਕੀਰਤ ਸਿੰਘ ਬਲਾਕ ਪ੍ਰਧਾਨ ਅਮਰਕੋਟ, ਬਲਜਿੰਦਰ ਸਿੰਘ, ਦਲਜੀਤ ਸਿੰਘ ਚੱਢਾ ਝਬਾਲ, ਹਰਪ੍ਰੀਤ ਕੁਮਾਰ ਝਬਾਲ, ਸਤਨਾਮ ਸਿੰਘ ਚੀਮਾ ਘਰਿਆਲਾ,ਗੁਰਪ੍ਰੀਤ ਸਿੰਘ ਸੈਂਡੀ, ਰਣਜੀਤ ਸਿੰਘ ਨਾਰਲੀ, ਜਗਤਾਰ ਸਿੰਘ ਖਾਲੜਾ, ਮਨਜੀਤ ਸਿੰਘ ਪੱਟੀ, ਸੁਰਜੀਤ ਕੁਮਾਰ ਬੌਬੀ, ਮੀਤ ਪ੍ਰਧਾਨ ਰਾਜੇਸ਼ ਸ਼ਰਮਾ ਖਾਲੜਾ, ਰਣਜੀਤ ਕੁਮਾਰ ਬੱਬੂ,ਵਿੱਕੀ ਮਹਿਤਾ,ਅਮਨ ਸ਼ਰਮਾ ਖਾਲੜਾ, ਜਸਬੀਰ ਸਿੰਘ ਦੁੱਬਲੀ,ਲਾਡਾ ਕੰਡਾਂ, ਮਨਜੀਤ ਸਿੰਘ ਸ਼ਰਮਾ ਖੇਮਕਰਨ, ਗੁਰਪ੍ਰੀਤ ਸਿੰਘ ਗੋਪੀ ਢੋਟੀਆਂ, ਗੁਰਪ੍ਰੀਤ ਸਿੰਘ ਗੋਲਾ,ਸੁਖਬੀਰ ਸਿੰਘ ਦਿਆਲਪੁਰਾ, ਸੁਖਦੇਵ ਸਿੰਘ ਆਸਲ, ਜਗਜੀਤ ਸਿੰਘ ਡੱਲ, ਜਗਦੇਵ ਸਮਰਾ, ਗੁਰਬੀਰ ਸਿੰਘ ਗੰਡੀਵਿੰਡ,ਸਾਜਨ ਖਾਲੜਾ, ਮਨਪ੍ਰੀਤ ਸਿੰਘ ਖਾਲੜਾ ਆਦਿ ਸਮੇਤ ਵੱਡੀ ਗਿਣਤੀ ਵਿੱਚ ਪੱਤਰਕਾਰ ਸ਼ਾਮਿਲ ਸਨ।

ਰਿਪੋਰਟ ਸਵਿੰਦਰ ਬਲੇਹਰ

## ਭਾਰਤ ਗਰੁੱਪ ਦੇ ਵਿਦਿਆਰਥੀਆਂ ਨੂੰ ਐਮਆਰਐਸਪੀਟੀਯੂ ਵੱਲੋਂ ਗੋਲਡ ਤੇ ਸਿਲਵਰ ਮੈਡਲ ਨਾਲ ਸਨਮਾਨਿਤ

Desi Punjab YouTube www.desipunjab.in




ਸਰਦੂਲਗੜ੍ਹ, 13 ਅਪ੍ਰੈਲ (ਕੁਲਵਿੰਦਰ ਕੜਵਲ):

ਭਾਰਤ ਗਰੁੱਪ ਆਫ ਕਾਲਜਿਜ਼ ਦੇ ਕੰਪਿਊਟਰ ਅਤੇ ਸਾਇੰਸ ਵਿਭਾਗ ਦੇ ਵਿਦਿਆਰਥੀਆਂ ਨੇ ਇਕ ਵਾਰ ਫਿਰ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ (ਐਮਆਰਐਸਪੀਟੀਯੂ), ਬਠਿੰਡਾ ਦੀ ਮੈਰਿਟ ਸੂਚੀ ਵਿੱਚ ਪਹਿਲੇ ਦੋ ਸਥਾਨ ਹਾਸਲ ਕਰਕੇ ਸੰਸਥਾ ਦਾ ਨਾਮ ਰੌਸ਼ਨ ਕੀਤਾ ਹੈ।

ਯੂਨੀਵਰਸਿਟੀ ਦੇ ਕਨਵੋਕੇਸ਼ਨ ਸਮਾਰੋਹ ਦੌਰਾਨ ਪੰਜਾਬ ਦੇ ਰਾਜਪਾਲ-ਕਮ-ਚਾਂਸਲਰ ਸ੍ਰੀ ਗੁਲਾਬ ਚੰਦ ਕਟਾਰੀਆ ਅਤੇ ਵਾਈਸ ਚਾਂਸਲਰ ਪ੍ਰੋ. (ਡਾ.) ਸੰਜੀਵ ਕੁਮਾਰ ਸ਼ਰਮਾ ਵੱਲੋਂ ਵਿਦਿਆਰਥੀਆਂ ਨੂੰ ਗੋਲਡ ਅਤੇ ਸਿਲਵਰ ਮੈਡਲ ਪ੍ਰਦਾਨ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਵਿਦਿਆਰਥੀਆਂ ਦੀ ਉਪਲਬਧੀ ਦੀ ਸਰਾਹਨਾ ਕਰਦੇ ਹੋਏ ਭਾਰਤ ਗਰੁੱਪ ਦੀ ਭੂਮਿਕਾ ਨੂੰ ਵੀ ਸ਼ਲਾਘਾਯੋਗ ਕਰਾਰ ਦਿੱਤਾ।

ਮੈਰਿਟ ਸੂਚੀ ਅਨੁਸਾਰ ਪਰਮਜੀਤ ਕੌਰ (ਐਮ.ਐਸ.ਸੀ. ਆਈ.ਟੀ.) ਅਤੇ ਰਮਨਦੀਪ ਕੌਰ (ਬੀ.ਐਸ.ਸੀ. ਆਈ.ਟੀ.) ਨੇ ਕ੍ਰਮਵਾਰ 8.44 ਅਤੇ 8.13 ਸੀਜੀਪੀਏ ਨਾਲ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਪ੍ਰਿਯੰਕਾ (ਐਮ.ਐਸ.ਸੀ. ਸਾਇੰਸ) ਨੇ 8.49 ਸੀਜੀਪੀਏ ਨਾਲ ਦੂਜਾ ਸਥਾਨ ਪ੍ਰਾਪਤ ਕਰਕੇ ਸੰਸਥਾ ਨੂੰ ਮਾਣ ਦਿਵਾਇਆ।

ਇਸ ਉਪਲਬਧੀ 'ਤੇ ਭਾਰਤ ਗਰੁੱਪ ਦੇ ਸੀਈਓ ਸ਼੍ਰੀ ਰਾਜੇਸ਼ ਗਰਗ ਅਤੇ ਡਾਇਰੈਕਟਰ ਐਡਮਿਸ਼ਨਜ਼ ਸ਼੍ਰੀ ਮੋਹਿਤ ਜੈਨ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸਫਲਤਾ ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਸਾਂਝੇ ਯਤਨਾਂ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਸੰਸਥਾ ਵਿਦਿਆਰਥੀਆਂ ਨੂੰ ਉੱਚ ਗੁਣਵੱਤਾ ਵਾਲੀ ਸਿੱਖਿਆ ਅਤੇ ਮਾਰਗਦਰਸ਼ਨ ਪ੍ਰਦਾਨ ਕਰਨ ਲਈ ਹਮੇਸ਼ਾਂ ਵਚਨਬੱਧ ਹੈ।

ਡਾਇਰੈਕਟਰ-ਪ੍ਰਿੰਸੀਪਲ ਡਾ. ਗੀਤੇਸ਼ ਗੋਗਾ ਨੇ ਵੀ ਵਿਦਿਆਰਥੀਆਂ ਦੀ ਮਿਹਨਤ ਅਤੇ ਲਗਨ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਇਹ ਕਾਮਯਾਬੀ ਅਨੁਸ਼ਾਸਿਤ ਅਧਿਐਨ ਪ੍ਰਣਾਲੀ, ਤਜਰਬੇਕਾਰ ਫੈਕਲਟੀ ਅਤੇ ਸਹਾਇਕ ਸਿੱਖਣ ਵਾਤਾਵਰਣ ਦਾ ਨਤੀਜਾ ਹੈ।

ਗੌਰਤਲਬ ਹੈ ਕਿ ਭਾਰਤ ਗਰੁੱਪ ਆਫ ਕਾਲਜਿਜ਼ ਵਿੱਚ ਕੰਪਿਊਟਰ ਅਤੇ ਸਾਇੰਸ ਦੇ ਨਾਲ-ਨਾਲ ਇੰਜੀਨੀਅਰਿੰਗ, ਮੈਨੇਜਮੈਂਟ, ਐਜੂਕੇਸ਼ਨ ਅਤੇ ਪੈਰਾ ਮੈਡੀਕਲ ਵਰਗੇ ਕਈ ਕੋਰਸ ਉਪਲਬਧ ਹਨ। ਸੰਸਥਾ ਵੱਲੋਂ ਵਿਦਿਆਰਥੀਆਂ ਦੇ ਭਵਿੱਖ ਲਈ ਨਿਰੰਤਰ ਤਰੱਕੀ ਅਤੇ ਸਫਲਤਾ ਦੀ ਕਾਮਨਾ ਕੀਤੀ ਗਈ ਹੈ।

## ਅੱਠਵੀਂ ਦੀ ਪ੍ਰੀਖਿਆ- ਫਰੀਦਕੋਟ ਦੀਆਂ ਧੀਆਂ ਦੀ ਸ਼ਾਨਾਮੱਤੀ ਪ੍ਰਾਪਤੀ- ਪਹਿਲੇ 3 ਵਿੱਚੋਂ ਹਾਸਿਲ ਕੀਤੇ 2 ਸਥਾਨ ਸੂਬੇ ਵਿੱਚੋਂ ਸਭ ਤੋਂ ਵੱਧ ਮੈਰਿਟ ਵਿਚ 19 ਸਥਾਨ ਹਾਸਲ ਕੀਤੇ ਫਰੀਦਕੋਟ ਦੇ ਵਿਦਿਆਰਥੀਆਂ

ਫ਼ਰੀਦਕੋਟ , ਅਪ੍ਰੈਲ ( ਕੰਵਲ ਸਰਾਂ)ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਬੀਤੇ ਕੱਲ੍ਹ ਐਲਾਨੇ ਗਏ 8 ਵੀਂ ਜਮਾਤ ਦੇ ਨਤੀਜਿਆਂ ਵਿਚ ਫਰੀਦਕੋਟ ਜ਼ਿਲ੍ਹੇ ਦੀ ਝੰਡੀ ਰਹੀ ਹੈ । ਜ਼ਿਲ੍ਹੇ ਦੀਆਂ ਧੀਆਂ ਨੇ ਪਹਿਲੇ ਤਿੰਨਾਂ ਵਿਚੋਂ 2 ਸਥਾਨ ਹਾਸਲ ਕਰਕੇ ਪੂਰੇ ਜ਼ਿਲ੍ਹੇ ਦਾ ਨਾਮ ਸੂਬੇ ਭਰ ਵਿੱਚ ਉੱਚਾ ਕੀਤਾ ਹੈ । ਸਰਸਵਤੀ ਸੀਨੀਅਰ ਸੈਕੰਡਰੀ ਸਕੂਲ ਜੈਤੋ ਦੀ ਵਿਦਿਆਰਥਣ ਤਮੰਨਾ ਨੇ 600 ਵਿੱਚੋਂ 600 ਅੰਕ ਹਾਸਿਲ ਕਰਕੇ ਪੰਜਾਬ ਭਰ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ ਜਦਕਿ ਸੰਤ ਮੋਹਨ ਦਾਸ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ , ਕੋਟ ਸੁਖੀਆ ਫਰੀਦਕੋਟ ਨੇ 600 ਵਿੱਚੋਂ 598 ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ ਹੈ । ਇੰਨਾ ਨਤੀਜਿਆਂ ਵਿੱਚ ਫਰੀਦਕੋਟ ਜਿਲੇ ਦੇ ਹਿੱਸੇ ਇੱਕ ਹੋਰ ਵੱਕਾਰੀ ਸਨਮਾਨ ਆਇਆ ਹੈ ਕਿਉਂਕਿ ਜ਼ਿਲ੍ਹੇ ਦੇ ਵਿਦਿਆਰਥੀਆਂ ਨੇ ਬੋਰਡ ਵਿੱਚ ਜਾਰੀ ਮੈਰਿਟ ਵਿੱਚ ਸਭ ਤੋਂ ਵੱਧ 19 ਸਥਾਨ ਪ੍ਰਾਪਤ ਕੀਤੇ ਹਨ ਜੋ ਕਿ ਪੰਜਾਬ ਦੇ ਕਿਸੇ ਵੀ ਜਿਲ੍ਹੇ ਤੋਂ ਵੱਧ ਹਨ । ਫਰੀਦਕੋਟ ਦੀਆਂ ਵਿਦਿਆਰਥਣਾਂ ਦੀ ਹੌਂਸਲਾ ਅਫਜਾਈ ਪੰਜਾਬ ਦੇ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਤੇ ਉਨ੍ਹਾਂ ਦੀ ਸੁਪਤਨੀ ਡਾਕਟਰ ਗੁਰਪ੍ਰੀਤ ਕੌਰ ਮਾਨ ਵੱਲੋਂ ਕੀਤੀ ਗਈ । ਮੁੱਖ ਮੰਤਰੀ ਜੀ ਵੱਲੋਂ ਨਾ ਸਿਰਫ ਇਨ੍ਹਾਂ ਵਿਦਿਆਰਥਣਾਂ ਨੂੰ ਸਨਮਾਨਿਤ ਕੀਤਾ ਗਿਆ ਸਗੋਂ ਚੰਗੇ ਭਵਿੱਖ ਲਈ ਸ਼ੁੱਭ ਕਾਮਨਾਵਾਂ ਦਿੱਤੀਆਂ । ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਨੇ ਵੀ ਇਨ੍ਹਾਂ ਵਿਦਿਆਰਥਣਾਂ ਤੇ ਉਨ੍ਹਾਂ ਦੇ ਮਾਪਿਆਂ ਤੇ ਅਧਿਆਪਕਾਂ ਨੂੰ ਮੁਬਾਰਕਬਾਦ ਦਿੰਦਿਆਂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਉਨ੍ਹਾਂ ਨੂੰ ਭਵਿੱਖ ਦੀ ਪੜ੍ਹਾਈ ਲਈ ਹਰ ਸੰਭਵ ਸਹਾਇਤਾ ਦਾ ਭਰੋਸਾ ਦਿੱਤਾ । ਉਨ੍ਹਾਂ ਕਿਹਾ ਕਿ ਫਰੀਦਕੋਟ ਜਿਲ੍ਹੇ ਲਈ ਮਾਣ ਦੀ ਗੱਲ ਹੈ ਕਿ ਸਾਡੀਆਂ ਧੀਆਂ ਨੇ ਸੂਬੇ ਭਰ ਵਿੱਚੋਂ ਮੋਹਰੀ ਸਥਾਨ ਹਾਸਲ ਕੀਤੇ ਹਨ । ਉਨ੍ਹਾਂ ਆਸ ਜਤਾਈ ਕਿ ਇਨ੍ਹਾਂ ਵਿਦਿਆਰਥਣਾਂ ਦੀ ਪ੍ਰਾਪਤੀ ਹੋਰ ਵਿਦਿਆਰਥੀਆਂ ਲਈ ਰਾਹ ਦਸੇਰਾ ਸਾਬਤ ਹੋਵੇਗੀ ।



ਪੰਜਾਬ ਸਕੂਲ ਸਿੱਖਿਆ ਬੋਰਡ

ਅੱਠਵੀਂ ਪ੍ਰੀਖਿਆ, ਫਰਵਰੀ 2026 (ਰੈਗੂਲਰ)

ਪਹਿਲਾ , ਦੂਜਾ ਅਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਦੀ ਸੂਚੀ

| | | |
|---|---|---|
| ਰੋਲ ਨੰ | 8026236105 | ਸਥਾਨ ਪਹਿਲਾ |
| ਨਾਮ | ਤਮੰਨਾ | |
| ਪਿਤਾ ਦਾ ਨਾਂ | ਨਰਿੰਦਰ ਕੁਮਾਰ | |
| ਜਨਮ ਮਿਤੀ | 13/02/2012 | |
| ਸਕੂਲ / ਫੋਨ ਨੰ | [illegible] | |
| ਪ੍ਰਾਪਤ ਅੰਕ | 600 / 600 | ਪ੍ਰਤੀਸ਼ਤ 100.00 |
| ਰੋਲ ਨੰ | 8026921281 | ਸਥਾਨ ਦੂਜਾ |
| ਨਾਮ | ਜਪਨੀਤ ਕੌਰ | |
| ਪਿਤਾ ਦਾ ਨਾਂ | ਕੁਲਦੀਪ ਸਿੰਘ | |
| ਜਨਮ ਮਿਤੀ | 24/01/2012 | |
| ਸਕੂਲ / ਫੋਨ ਨੰ | [illegible] | |
| ਪ੍ਰਾਪਤ ਅੰਕ | 598 / 600 | ਪ੍ਰਤੀਸ਼ਤ 99.67 |
| ਰੋਲ ਨੰ | 8026238728 | ਸਥਾਨ ਤੀਜਾ |
| ਨਾਮ | ਜਸ਼ਨਦੀਪ ਕੌਰ | |
| ਪਿਤਾ ਦਾ ਨਾਂ | ਹਰਪ੍ਰੀਤ ਸਿੰਘ | |
| ਜਨਮ ਮਿਤੀ | 28/12/2011 | |
| ਸਕੂਲ / ਫੋਨ ਨੰ | [illegible] | |
| ਪ੍ਰਾਪਤ ਅੰਕ | 598 / 600 | ਪ੍ਰਤੀਸ਼ਤ 99.67 |

# ਪ੍ਰੈਸ ਕਲੱਬ ਅੰਮ੍ਰਿਤਸਰ ਦੀ ਚੋਣ ਲਈ ਸਾਂਝੀ ਮੀਟਿੰਗ, ਉਮੀਦਵਾਰਾਂ ਦਾ ਐਲਾਨ

## ਪ੍ਰਧਾਨ ਦੇ ਅਹੁੱਦੇ ਲਈ ਰਣਜੀਤ ਸਿੰਘ ਮਸੌਣ, ਜਰਨਲ ਸਕੱਤਰ ਲਈ ਜਤਿੰਦਰ ਬੇਦੀ ਅਤੇ ਖ਼ਜਾਨਚੀ ਲਈ ਕੁਲਬੀਰ ਸਿੰਘ ਨੂੰ ਸਾਂਝੇ ਤੌਰ 'ਤੇ ਐਲਾਨਿਆ ਉਮੀਦਵਾਰ

Desi Punjab YouTube www.desipunjab.in

ਰਣਜੀਤ ਸਿੰਘ ਮਸੌਣ ਜੋਗਾ ਸਿੰਘ ਰਾਜਪੂਤ ਅੰਮ੍ਰਿਤਸਰ, 13 ਅਪ੍ਰੈਲ ਪ੍ਰੈਸ ਕਲੱਬ ਅੰਮ੍ਰਿਤਸਰ ਦੀਆਂ ਆਉਣ ਵਾਲੀਆਂ ਚੋਣਾਂ ਨੂੰ ਲੈ ਕੇ ਸ਼ਹਿਰ ਦੀਆਂ ਤਿੰਨ ਪ੍ਰਮੁੱਖ ਪੱਤਰਕਾਰ ਜੱਥੇਬੰਦੀਆਂ ਵੱਲੋਂ ਇੱਕ ਸਾਂਝੀ ਮੀਟਿੰਗ ਪੁਤਲੀਘਰ ਵਿਖੇ ਕੀਤੀ ਗਈ। ਇਸ ਮਹੱਤਵਪੂਰਨ ਮੀਟਿੰਗ ਦੌਰਾਨ ਚੋਣਾਂ ਨੂੰ ਸੁਚੱਜੇ ਅਤੇ ਇੱਕਜੁੱਟ ਢੰਗ ਨਾਲ ਲੜਨ ਲਈ ਕਈ ਅਹਿਮ ਫ਼ੈਸਲੇ ਕੀਤੇ ਗਏ। ਮੀਟਿੰਗ ਵਿੱਚ ਹਾਜ਼ਰ ਪੱਤਰਕਾਰਾਂ ਨੇ ਪ੍ਰੈਸ ਕਲੱਬ ਦੀ ਮਜ਼ਬੂਤੀ ਅਤੇ ਪੱਤਰਕਾਰ ਭਾਈਚਾਰੇ ਦੀ ਏਕਤਾ ਨੂੰ ਧਿਆਨ ਵਿੱਚ ਰੱਖਦਿਆਂ ਸਾਂਝੇ ਉਮੀਦਵਾਰ ਖੜ੍ਹੇ ਕਰਨ 'ਤੇ ਸਹਿਮਤੀ ਜਤਾਈ ਗਈ। ਇਸ ਮੌਕੇ ਪ੍ਰੈਸ ਕਲੱਬ ਅੰਮ੍ਰਿਤਸਰ ਦੇ ਪ੍ਰਧਾਨ ਦੇ ਅਹੁੱਦੇ ਲਈ ਰਣਜੀਤ ਸਿੰਘ ਮਸੌਣ, ਜਰਨਲ ਸਕੱਤਰ ਲਈ ਜਤਿੰਦਰ ਸਿੰਘ ਬੇਦੀ ਅਤੇ ਖ਼ਜਾਨਚੀ ਲਈ ਕੁਲਬੀਰ ਸਿੰਘ ਨੂੰ ਸਾਂਝੇ ਤੌਰ 'ਤੇ ਉਮੀਦਵਾਰ ਐਲਾਨਿਆ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਜੱਥੇਬੰਦੀਆਂ ਦੇ ਆਗੂਆਂ ਨੇ ਕਿਹਾ ਕਿ ਪ੍ਰੈਸ ਕਲੱਬ ਪੱਤਰਕਾਰਾਂ ਦੀ ਅਵਾਜ਼ ਹੈ ਅਤੇ ਇਸਦੀ ਮਜ਼ਬੂਤੀ ਲਈ ਇੱਕਜੁਟਤਾ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਦੱਸਿਆ ਕਿ ਸਾਂਝੇ ਉਮੀਦਵਾਰ ਖੜ੍ਹੇ ਕਰਨ ਦਾ ਮਕਸਦ ਚੋਣਾਂ ਵਿੱਚ ਫੁੱਟ ਨੂੰ ਖ਼ਤਮ ਕਰਨਾ ਅਤੇ ਪੱਤਰਕਾਰ ਭਾਈਚਾਰੇ ਦੀ ਭਲਾਈ ਲਈ ਇਕਸਾਰ ਨੀਤੀ ਅਪਣਾਉਣਾ ਹੈ। ਉਨ੍ਹਾਂ ਨੇ ਆਸ ਜਤਾਈ ਕਿ ਸਾਡੀਆ ਸਾਂਝੀਆਂ ਜੱਥੇਬੰਦੀਆਂ ਭਾਰੀ ਬਹੁਮਤ ਨਾਲ ਜਿੱਤ ਹਾਸਲ ਕਰਨਗੀਆਂ ਅਤੇ ਪ੍ਰੈਸ ਕਲੱਬ ਦੇ ਵਿਕਾਸ ਲਈ ਨਵੇਂ ਮਿਆਰ ਸਥਾਪਿਤ ਕਰਨਗੀਆਂ। ਇਸਦੇ ਨਾਲ ਹੀ ਉਮੀਦਵਾਰਾਂ ਨੇ ਭਰੋਸਾ ਦਿੱਤਾ ਕਿ ਜੇਕਰ ਉਹ ਚੋਣਾਂ ਜਿੱਤ ਗਏ ਤਾਂ ਉਹ ਪੱਤਰਕਾਰਾਂ ਦੇ ਹੱਕਾਂ ਦੀ ਰੱਖਿਆ, ਸੁਵਿਧਾਵਾਂ ਵਿੱਚ ਵਾਧਾ ਅਤੇ ਪ੍ਰੈਸ ਕਲੱਬ ਦੀ ਇਮਾਰਤ ਤੇ ਸਰਗਰਮੀਆਂ ਦੇ ਵਿਕਾਸ ਲਈ ਖਾਸ ਯਤਨ ਕੀਤੇ ਜਾਣਗੇ। ਮੀਟਿੰਗ ਦੇ ਅੰਤ ਵਿੱਚ ਸਾਰੇ ਪੱਤਰਕਾਰਾਂ ਨੇ ਇੱਕਜੁੱਟ ਹੋ ਕੇ ਚੋਣ ਲੜਨ ਦਾ ਸੰਕਲਪ ਲਿਆ ਅਤੇ ਸਾਂਝੇ ਉਮੀਦਵਾਰਾਂ ਨੂੰ ਪੂਰਾ ਸਮਰਥਨ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਸੀਨੀਅਰ ਪੱਤਰਕਾਰ ਗੁਰਮੀਤ ਸਿੰਘ ਸੰਧੂ, ਜੋਗਾ ਸਿੰਘ ਰਾਜਪੂਤ, ਰਮੇਸ਼ ਰਾਮਪੁਰਾ, ਸਰਵਨ ਰੰਧਾਵਾ, ਫੁੱਲਜੀਤ ਸਿੰਘ ਵਰਪਾਲ, ਖੁਸ਼ਹਾਲ ਸ਼ਰਮਾਂ, ਵਿਸਾਲ ਸ਼ਰਮਾਂ, ਬਲਦੇਵ ਰਾਜ, ਗਗਨ ਜੋਸੀ, ਅਮਰਜੀਤ ਸਿੰਘ, ਰਾਘਵ ਸ਼ਰਮਾਂ, ਮੰਗਲ ਸਿੰਘ, ਰਮਨ ਵੋਹਰਾ, ਰਜਨੀਸ਼ ਕੌਸ਼ਲ, ਪਰਦੀਪ ਕੁਮਾਰ, ਸੋਨੂੰ ਖਾਨਕੋਟ, ਮਹਾਂਵੀਰ ਸਿੰਘ ਅਤੇ ਹੋਰ ਵੱਡੀ ਗਿਣਤੀ ਵਿੱਚ ਪੱਤਰਕਾਰ ਮੌਜੂਦ ਸਨ, ਜਿਨ੍ਹਾਂ ਨੇ ਇਸ ਫ਼ੈਸਲੇ ਦਾ ਤਹਿ ਦਿਲੋਂ ਸਵਾਗਤ ਕੀਤਾ।



# ਨਿੱਜੀ ਸਕੂਲਾਂ ਦੀ ਲੁੱਟ ਖ਼ਿਲਾਫ਼ ਆਵਾਜ਼ ਉਠਾਉਣ ਲਈ ਜਾਣੇ ਜਾਂਦੇ ਹਨ ਗੁਰਪ੍ਰੀਤ ਧਮੋਲੀ

Desi Punjab YouTube www.desipunjab.in

ਰਾਜਪੁਰਾ,13 ਅਪਰੈਲ (ਹਿਮਾਂਸ਼ੂ ਹੈਰੀ): ਦ ਟ੍ਰਿਬਿਊਨ ਟਰਸ਼ਟ ਚੰਡੀਗੜ੍ਹ ਵੱਲੋਂ ਬਠਿੰਡਾ ਦੇ ਸੇਪਲ ਹੋਟਲ ਵਿਖੇ ਮਾਲਵਾ ਖਿਤੇ ਵਿਖੇ ਸਿੱਖਿਆ,ਕਾਰੋਬਾਰ, ਡਾਕਟਰਾਂ ਅਤੇ ਸਮਾਜ ਸੇਵੀ ਸਖਸ਼ੀਅਤਾਂ ਨੂੰ ਪੰਜਾਬ ਅਚੀਵਰ 2006 ਅਵਾਰਡ ਦੇਣ ਲਈ ਇਕ ਵਿਸ਼ੇਸ਼ ਸਮਾਗਮ ਕੀਤਾ ਗਿਆ। ਇਸ ਸਮਾਗਮ ਵਿਚ ਵਿੱਤ ਮੰਤਰੀ ਪੰਜਾਬ ਸਰਕਾਰ ਹਰਪਾਲ ਸਿੰਘ ਚੀਮਾ ਨੇ ਮੁੱਖ ਮਹਿਮਾਨ ਅਤੇ ਕੈਬਨਿਟ ਮੰਤਰੀ ਤੇ ਸੂਬਾ ਪ੍ਰਧਾਨ ਆਮ ਆਦਮੀ ਪਾਰਟੀ ਅਮਨ ਅਰੋੜਾ ਨੇ ਵਿਸੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਸਮਾਗਮ ਵਿਚ 30 ਸ਼ਖਸ਼ੀਅਤਾਂ ਨੂੰ ਸਨਮਾਨਤ ਕੀਤਾ ਗਿਆ ਹੈ। ਰਾਜਪੁਰਾ ਜ਼ਿਲ੍ਹਾ ਪਟਿਆਲ਼ਾ ਤੋਂ ਸਮਾਜ ਸੇਵੀ ਅਤੇ ਆਲ ਸਕੂਲ ਪੇਰੇਂਟਸ ਐਸੋਸੀਏਸ਼ਨ ਰਾਜਪੁਰਾ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਧਮੋਲੀ ਨੂੰ ਇਸ ਅਵਾਰਡ ਨਾਲ ਸਨਮਾਨਤ ਕੀਤਾ ਗਿਆ ਹੈ।ਇਸ ਮਾਣਮੱਤੀ ਪ੍ਰਾਪਤੀ 'ਤੇ ਸ੍ਰ. ਧਮੌਲੀ ਦੇ ਘਰ ਵਧਾਈਆਂ ਦੇਣ ਵਾਲਿਆਂ ਦਾ ਤਾਂਤਾਂ ਲੱਗ ਗਿਆ।ਅਵਾਰਡ ਪ੍ਰਬੰਧਕਾਂ ਨੇ ਦੱਸਿਆ ਕਿ ਗੁਰਪ੍ਰੀਤ ਸਿੰਘ ਧਮੌਲੀ ਵੱਲੋਂ ਸਚਾਈ ਦੀ ਇਕ ਅਨੌਖੀ ਮਿਸਾਲ ਪੇਸ਼ ਕੀਤੀ ਹੈ।ਇਸ ਮੌਕੇ ਸ੍ਰ. ਧਮੌਲੀ ਨਾਲ ਰਣਜੀਤ ਸਿੰਘ ਆਰਟੀਟੇਕ, ਮੁਨੀਸ਼ ਸੂਦ, ਗੁਰਜੀਤ ਸਿੰਘ ਬਿੱਟੂ, ਅਵਲੀਨ ਕੌਰ, ਗੁਰਫਤਹਿ ਸਿੰਘ ਵੀ ਮੌਜੂਦ ਸਨ। ਜਿਕਰਯੋਗ ਹੈ ਕਿ ਸ੍ਰ. ਧਮੌਲੀ ਨੇ ਨਿੱਜੀ ਸਕੂਲਾ ਅਤੇ ਬੁੱਕ ਮਾਫੀਆ ਵੱਲੋਂ ਰਲ਼ ਕੇ ਕਾਪੀਆਂ, ਕਿਤਾਬਾਂ, ਵਰਦੀਆਂ, ਸਟੇਸ਼ਨਰੀ ਅਤੇ ਫੀਸਾਂ ਰਾਹੀਂ ਮਾਪਿਆਂ ਦੀ ਕੀਤੀ ਜਾਂਦੀ ਲੁੱਟ ਨੂੰ ਰੋਕਣ ਦਾ ਬੀੜਾ ਚੁੱਕਿਆ ਸੀ ਜਿਸ ਕਾਰਨ ਉਨ੍ਹਾਂ ਨੂੰ ਆਰਥਿਕ ਨੁਕਸਾਨ ਦੇ ਨਾਲ ਨਾਲ ਜੇਲ ਵੀ ਜਾਣਾ ਪਿਆ




# ਜਾਇੰਟਸ ਵੈਲਫੇਅਰ ਫਾਊਂਡੇਸ਼ਨ ਰਾਜਪੁਰਾ ਵੱਲੋਂ ਸਵ:ਮਨੀਸ਼ ਵਰਮਾ ਦੀ ਯਾਦ ਵਿੱਚ ਕਰਵਾਇਆ ਗਿਆ ਤੀਜਾ ਬੈਡਮਿੰਟਨ ਟੂਰਨਾਮੈਂਟ

Desi Punjab YouTube www.desipunjab.in

ਰਾਜਪੁਰਾ,13 ਅਪ੍ਰੈਲ (ਹਿਮਾਂਸ਼ੂ ਹੈਰੀ):ਇੱਥੋਂ ਦੇ ਜਾਇੰਟਸ ਵੈਲਫੇਅਰ ਫਾਊਂਡੇਸ਼ਨ ਰਾਜਪੁਰਾ ਵੱਲੋਂ 10 ਅਪ੍ਰੈਲ ਤੋਂ 12 ਅਪ੍ਰੈਲ, 2026 ਤੱਕ ਸਵ:ਮਨੀਸ਼ ਵਰਮਾ (ਜੋਨੀ) ਦੀ ਯਾਦ ਵਿੱਚ ਤੀਜੇ ਬੈਡਮਿੰਟਨ ਟੂਰਨਾਮੈਂਟ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ। ਇਹ ਤਿੰਨ ਦਿਨਾਂ ਦਾ ਖੇਡ ਮੇਲਾ ਬਹੁਤ ਉਤਸ਼ਾਹ ਅਤੇ ਖੇਡ ਭਾਵਨਾ ਨਾਲ ਮਨਾਇਆ ਗਿਆ। ਜਿਸ ਵਿੱਚ ਵੱਖ-ਵੱਖ ਵਿਸ਼ਿਆਂ ਦੇ ਖਿਡਾਰੀਆਂ ਨੇ ਹਿੱਸਾ ਲੈ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਟੂਰਨਾਮੈਂਟ ਦੇ ਫਾਈਨਲ ਮੈਚ ਵਿੱਚ ਜਿੱਥੇ ਵੱਡੀ ਗਿਣਤੀ ਵਿੱਚ ਦਰਸ਼ਕਾਂ ਨੇ ਖਿਡਾਰੀਆਂ ਦਾ ਹੌਂਸਲਾ ਵਧਾਉਣ ਲਈ ਸ਼ਿਰਕਤ ਕੀਤੀ। ਇਸ ਮੌਕੇ ਹਲਕਾ ਰਾਜਪੁਰਾ ਦੇ ਸਮਾਜ ਸੇਵੀ ਅਜੈ ਮਿੱਤਲ (ਵਿਧਾਇਕ ਸ਼੍ਰੀਮਤੀ ਨੀਨਾ ਮਿੱਤਲ ਦੇ ਪਤੀ) ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਜੇਤੂ ਖਿਡਾਰੀਆਂ ਨੂੰ ਟਰਾਫੀਆਂ ਦਿੱਤੀਆਂ ਅਤੇ ਜਾਇੰਟਸ ਵੈਲਫੇਅਰ ਫਾਊਂਡੇਸ਼ਨ ਦੇ ਸਮਾਜਿਕ ਅਤੇ ਖੇਡਾਂ ਪ੍ਰਤੀ ਸਮਰਪਿਤ ਯਤਨਾਂ ਦੀ ਪ੍ਰਸ਼ੰਸਾ ਵੀ ਕੀਤੀ। ਇਸ ਫਾਊਂਡੇਸ਼ਨ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਖੇਡਾਂ ਵਿੱਚ ਰੁਝੇ ਰਹਿਣ ਅਤੇ ਨਸ਼ਿਆਂ ਤੋਂ ਦੂਰ ਰੱਖਣ ਲਈ ਪ੍ਰੇਰਿਤ ਕਰਨਾ ਹੈ। ਅਜਿਹੇ ਸਮਾਗਮ ਨੌਜਵਾਨ ਪੀੜ੍ਹੀ ਨੂੰ ਸਿਹਤਮੰਦ ਅਤੇ ਅਨੁਸ਼ਾਸਿਤ ਜੀਵਨ ਜਿਊਣ ਲਈ ਪ੍ਰੇਰਿਤ ਕਰਦੇ ਹਨ। ਇਸ ਦੌਰਾਨ ਭਾਗ ਲੈਣ ਵਾਲੇ ਖਿਡਾਰੀ ਇਸ ਟੂਰਨਾਮੈਂਟ ਤੋਂ ਬਹੁਤ ਖੁਸ਼ ਸਨ। ਇਸ ਮੌਕੇ ਜਾਇੰਟਸ ਵੈਲਫੇਅਰ ਫਾਊਂਡੇਸ਼ਨ ਰਾਜਪੁਰਾ ਦੇ ਪ੍ਰਧਾਨ ਰਾਕੇਸ਼ ਪਾਹਵਾ,ਪ੍ਰਸ਼ਾਸਨ ਨਿਰਦੇਸ਼ਕ ਕੁਲਦੀਪ ਸੇਠੀ ਵਿੱਤ ਨਿਰਦੇਸ਼ਕ ਰੋਸ਼ਨ ਬਜਾਜ ਅਤੇ ਪ੍ਰੋਜੈਕਟ ਚੇਅਰਮੈਨ ਡਾ. ਹਰੀਸ਼ ਚੋਪੜਾ ਨੇ ਸਾਰੇ ਖਿਡਾਰੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਵੀ ਕੀਤੀ। ਇਸ ਦੌਰਾਨ ਵੈਲਫੇਅਰ ਫਾਊਂਡੇਸ਼ਨ ਦੇ ਗਣੇਸ਼ ਮਹਿਤਾ, ਅਸ਼ਵਨੀ ਵਰਮਾ,ਜਤਿੰਦਰ ਨਾਟੀ, ਰਵਿੰਦਰ ਸੇਠੀ, ਰੋਸ, ਗਗਨ ਖੁਰਾਨਾ, ਵਿਪਿਨ ਭਟੇਜਾ, ਮਹੇਸ਼ ਪਾਹੂਜਾ ਅਤੇ ਰਾਜੇਸ਼ ਆਨੰਦ ਨੇ ਇਸ ਸਮਾਗਮ ਦੀ ਸਫਲਤਾ ਵਿੱਚ ਵਿਸ਼ੇਸ਼ ਯੋਗਦਾਨ ਪਾਇਆ। ਇਸ ਟੂਰਨਾਮੈਂਟ ਦੇ ਅੰਤ ਵਿੱਚ ਜਾਇੰਟਸ ਵੈਲਫੇਅਰ ਫਾਊਂਡੇਸ਼ਨ ਨੇ ਆਪਣੇ ਸਾਰੇ ਭਾਈਵਾਲਾਂ, ਦਰਸ਼ਕਾਂ ਅਤੇ ਮੀਡੀਆ ਦਾ ਧੰਨਵਾਦ ਕੀਤਾ ਅਤੇ ਭਵਿੱਖ ਵਿੱਚ ਅਜਿਹੇ ਖੇਡ ਸਮਾਗਮਾਂ ਦਾ ਆਯੋਜਨ ਜਾਰੀ ਰੱਖਣ ਦਾ ਵਾਅਦਾ ਵੀ ਕੀਤਾ।



# ਖ਼ਾਲਸਾ ਸਾਜਣਾ ਦਿਵਸ ਮੌਕੇ ਬੱਲ ਮਲਕੀਤ ਸਿੰਘ ਵੱਲੋਂ ਸਮੂਹ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਵਧਾਈਆਂ

Desi Punjab YouTube www.desipunjab.in

ਰਣਜੀਤ ਸਿੰਘ ਮਸੌਣ ਅੰਮ੍ਰਿਤਸਰ, 13 ਅਪ੍ਰੈਲ ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਦੇ ਚੇਅਰਮੇਨ ਬੱਲ ਮਲਕੀਤ ਸਿੰਘ ਨੇ ਖ਼ਾਲਸਾ ਸਾਜਣਾ ਦਿਵਸ ਦੀ ਵਧਾਈ ਦਿੰਦਿਆਂ ਸਮੁੱਚੀ ਸਿੱਖ ਕੌਮ ਨੂੰ ਕੌਮੀ ਏਕਤਾ ਦਾ ਸੁਨੇਹਾ ਦਿੰਦਿਆਂ ਕਿਹਾ ਕਿ ਦਸਮ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਖ਼ਾਲਸਾ ਪੰਥ ਸਾਜ ਕੇ ਮਨੁੱਖਤਾ ਨੂੰ ਗੁਲਾਮੀ ਤੋਂ ਮੁਕਤ ਕਰਾ ਸਵੈਮਾਣ ਨਾਲ ਜਿਉਣ ਦਾ ਮਾਰਗ ਦਰਸਾਇਆ ਹੈ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ 1699 ਈ. ਦੀ ਵਿਸਾਖੀ ਵਾਲੇ ਦਿਨ ਸ੍ਰੀ ਅਨੰਦਪੁਰ ਸਾਹਿਬ ਵਿਖੇ ਖ਼ਾਲਸਾ ਪੰਥ ਦੀ ਸਾਜਣਾ ਕਰ ਦੁਨੀਆ ਦੇ ਇਤਿਹਾਸ ਵਿੱਚ ਨਿਵੇਕਲਾ ਇਤਿਹਾਸ ਸਿਰਜਿਆ ਸੀ ਖ਼ਾਲਸਾ ਪੰਥ ਦੀ ਸਾਜਣਾ ਨਾਲ ਮਨੁੱਖੀ ਅਜ਼ਾਦੀ, ਸਮਾਜਿਕ ਬਰਾਬਰਤਾ ਅਤੇ ਜਬਰ-ਜ਼ੁਲਮ ਦੇ ਖ਼ਿਲਾਫ਼ ਲਾਸਾਨੀ ਇਨਕਲਾਬ ਸਿਰਜਿਆ ਗਿਆ। ਬੱਲ ਮਲਕੀਤ ਸਿੰਘ ਨੇ ਸਮੁੱਚੀ ਸੰਗਤ ਨੂੰ ਖ਼ਾਲਸਾ ਪੰਥ ਦੇ ਸਾਜਣਾ ਦਿਵਸ ਮੌਕੇ ਬਾਣੀ ਅਤੇ ਬਾਣੇ ਦੇ ਧਾਰਨੀ ਬਣ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਸਾਨੂੰ ਗੁਰੂ ਸਾਹਿਬਾਨ ਦੁਆਰਾ ਦਿੱਤੀਆਂ ਸਿੱਖਿਆਵਾਂ ਤੇ ਚੱਲਦਿਆਂ ਸਮਾਜਿਕ ਬੁਰਾਈਆਂ ਦੇ ਖਿਲਾਫ਼ ਅਵਾਜ਼ ਬੁਲੰਦ ਕਰਨੀ ਚਾਹੀਦੀ ਹੈ ਅਤੇ ਗਊ ਗ਼ਰੀਬ ਦੀ ਰੱਖਿਆ ਕਰਨੀ ਚਾਹੀਦੀ ਹੈ।

ਬੱਲ ਮਲਕੀਤ ਸਿੰਘ ਨੇ ਕਿਹਾ ਕਿ ਖ਼ਾਲਸਾ ਪੰਥ ਦਾ ਸਾਜਣਾ ਦਿਵਸ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਵਿਖੇ ਖਾਲਸਾਈ ਜਾਹੋ-ਜਲਾਲ ਨਾਲ ਮਨਾਇਆ ਜਾ ਰਿਹਾ ਹੈ।



# ਪੰਜਾਬ ਦੀਆਂ ਮੰਡੀਆਂ ਵਿੱਚ ਖਰੀਦ ਵਿੱਚ ਦੇਰੀ ਤੋਂ ਕਿਸਾਨ ਪਰੇਸ਼ਾਨ; ਧਾਲੀਵਾਲ ਨੇ ਸਰਕਾਰ ਤੋਂ ਤੁਰੰਤ ਕਾਰਵਾਈ ਦੀ ਮੰਗ ਕੀਤੀ

Desi Punjab YouTube www.desipunjab.in

ਫਗਵਾੜਾ, 13 ਅਪ੍ਰੈਲ (ਸ਼ਿਵ ਕੌੜਾ) ਸੇਵਾਮੁਕਤ ਆਈਏਐਸ ਅਧਿਕਾਰੀ ਅਤੇ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਪੰਜਾਬ ਦੀਆਂ ਮੰਡੀਆਂ ਵਿੱਚ ਕਣਕ ਦੇ ਢੇਰ ਅਤੇ ਖਰੀਦ ਵਿੱਚ ਦੇਰੀ 'ਤੇ ਚਿੰਤਾ ਪ੍ਰਗਟ ਕੀਤੀ। ਉਨ੍ਹਾਂ ਕਿਹਾ ਕਿ ਕਣਕ ਦੀ ਖਰੀਦ ਦੀ ਘਾਟ ਪੰਜਾਬ ਦੇ ਕਿਸਾਨਾਂ ਨੂੰ ਪ੍ਰੇਸ਼ਾਨੀ ਦਾ ਕਾਰਨ ਬਣ ਰਹੀ ਹੈ। ਨਤੀਜੇ ਵਜੋਂ, ਵਿਸਾਖੀ ਦੇ ਸ਼ੁਭ ਮੌਕੇ 'ਤੇ ਉਨ੍ਹਾਂ ਦੀ ਵੱਡੀ ਮਾਤਰਾ ਵਿੱਚ ਉਪਜ ਅਣਵਿਕੀ ਰਹਿੰਦੀ ਹੈ, ਜੋ ਕਿ ਰਵਾਇਤੀ ਤੌਰ 'ਤੇ ਵਾਢੀ ਅਤੇ ਜਸ਼ਨ ਦਾ ਸਮਾਂ ਹੁੰਦਾ ਹੈ। ਉਨ੍ਹਾਂ ਨੇ ਬੋਰੀਆਂ ਦੀ ਘਾਟ ਲਈ ਵੀ ਸਰਕਾਰ ਦੀ ਆਲੋਚਨਾ ਕੀਤੀ, ਕਿਹਾ ਕਿ ਸਰਕਾਰ ਨੂੰ ਸਮੇਂ ਸਿਰ ਪ੍ਰਬੰਧ ਕਰਨੇ ਚਾਹੀਦੇ ਸਨ ਧਾਲੀਵਾਲ ਨੇ ਕਿਹਾ ਕਿ ਖਰੀਦ ਵਿੱਚ ਦੇਰੀ ਅਤੇ ਮੰਡੀਆਂ ਵਿੱਚ ਨਾਕਾਫ਼ੀ ਪ੍ਰਬੰਧਾਂ ਕਾਰਨ ਕਿਸਾਨਾਂ ਨੂੰ ਬੇਲੋੜੀ ਮੁਸ਼ਕਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਦੱਸਿਆ ਕਿ ਕਿਸਾਨ ਆਪਣੀ ਉਪਜ ਲਈ ਕਈ ਦਿਨਾਂ ਤੋਂ ਇੰਤਜ਼ਾਰ ਕਰ ਰਹੇ ਹਨ, ਜਦੋਂ ਕਿ ਖਰੀਦ ਉਮੀਦ ਅਨੁਸਾਰ ਨਹੀਂ ਹੋਈ ਹੈ ਉਨ੍ਹਾਂ ਪੰਜਾਬ ਸਰਕਾਰ ਨੂੰ ਕਣਕ ਦੀ ਤੁਰੰਤ ਅਤੇ ਨਿਰਵਿਘਨ ਖਰੀਦ ਨੂੰ ਯਕੀਨੀ ਬਣਾਉਣ ਦੀ ਅਪੀਲ ਕੀਤੀ। ਉਨ੍ਹਾਂ ਸਰਕਾਰ ਨੂੰ ਇਹ ਵੀ ਅਪੀਲ ਕੀਤੀ ਕਿ ਕਣਕ ਦੇ ਹਰੇਕ ਦਾਣੇ ਦੀ ਖਰੀਦ ਬਿਨਾਂ ਕਿਸੇ ਦੇਰੀ ਦੇ ਯਕੀਨੀ ਬਣਾਉਣ ਲਈ ਜੂਟ ਬੋਰੀਆਂ, ਮਜ਼ਦੂਰਾਂ ਅਤੇ ਲੌਜਿਸਟਿਕਲ ਸਹਾਇਤਾ ਸਮੇਤ ਸਾਰੇ ਜ਼ਰੂਰੀ ਪ੍ਰਬੰਧ ਕੀਤੇ ਜਾਣ ਇਸ ਮੁੱਦੇ ਨੇ ਰਾਜਨੀਤਿਕ ਧਿਆਨ ਵੀ ਖਿੱਚਿਆ ਹੈ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਪ੍ਰਸ਼ਾਸਨ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਖਰੀਦ ਪ੍ਰਬੰਧਨ ਵਿੱਚ ਕਥਿਤ ਪ੍ਰਸ਼ਾਸਕੀ ਖਾਮੀਆਂ ਲਈ ਆਲੋਚਨਾ ਦਾ ਸਾਹਮਣਾ ਕਰ ਰਹੀਹੈਧਾਲੀਵਾਲ ਨੇ ਜ਼ੋਰ ਦੇ ਕੇ ਕਿਹਾ ਕਿ ਕਿਸਾਨਾਂ ਦੇ ਹਿੱਤਾਂ ਦੀ ਰੱਖਿਆ ਅਤੇ ਵਾਢੀ ਤੋਂ ਬਾਅਦ ਦੇ ਨੁਕਸਾਨ ਨੂੰ ਰੋਕਣ ਲਈ ਸਮੇਂ ਸਿਰ ਖਰੀਦ ਬਹੁਤ ਜ਼ਰੂਰੀ ਹੈ ਉਨ੍ਹਾਂ ਕਿਹਾ ਕਿ ਸਰਕਾਰ ਨੂੰ ਖਰੀਦ ਸੀਜ਼ਨ ਦੌਰਾਨ ਮੰਡੀਆਂ ਦੇ ਸੁਚਾਰੂ ਕੰਮਕਾਜ ਨੂੰ ਯਕੀਨੀ ਬਣਾਉਣ ਲਈ ਪ੍ਰਸ਼ਾਸਕੀ ਦੇਰੀ ਦੀ ਬਜਾਏ ਜ਼ਮੀਨੀ ਪੱਧਰ 'ਤੇ ਕੰਮ ਨੂੰ ਤਰਜੀਹ ਦੇਣੀ ਚਾਹੀਦੀ ਹੈ ਉਨ੍ਹਾਂ ਅੱਗੇ ਕਿਹਾ ਕਿ ਕਿਸਾਨਾਂ ਦੀ ਭਲਾਈ ਸ਼ਾਸਨ ਦਾ ਮੁੱਖ ਕੇਂਦਰ ਹੋਣਾ ਚਾਹੀਦਾ ਹੈ, ਖਾਸ ਕਰਕੇ ਸਿਖਰ ਖਰੀਦ ਸਮੇਂ ਦੌਰਾਨ ਤਿਆਰੀ ਵਿੱਚ ਕਿਸੇ ਵੀ ਕਮੀ ਨੂੰ ਪਹਿਲ ਦੇ ਆਧਾਰ 'ਤੇ ਦੂਰ ਕੀਤਾ ਜਾਣਾ ਚਾਹੀਦਾ ਹੈ



# ਜੀਵਨ ਪ੍ਰਭਾ ਸੰਸਥਾ ਵੱਲੋਂ ਸਕੂਲੀ ਬੱਚਿਆਂ ਨੂੰ ਦਿੱਤੀ ਗਈ ਸਟੇਸ਼ਨਰੀ



Desi Punjab YouTube www.desipunjab.in

ਰਾਜਪੁਰਾ,13 ਅਪ੍ਰੈਲ (ਹਿਮਾਂਸ਼ੂ ਹੈਰੀ):ਜੀਵਨ ਪ੍ਰਭਾ ਟਰਸਟ ਵੱਲੋਂ ਅੱਜ ਰਾਜਪੁਰਾ ਦੇ ਦੁਰਗਾ ਬਾਲ ਵਿਦਿਆ ਮੰਦਿਰ ਸਕੂਲ ਡਾਲੀਮਾ ਵਿਹਾਰ ਦੇ ਜਰੂਰਤਮੰਦ ਬੱਚਿਆਂ ਨੂੰ ਨਵੇਂ ਸੈਸ਼ਨ ਲਈ ਲਗਭਗ 50 ਬੱਚਿਆਂ ਨੂੰ ਸਟੇਸ਼ਨਰੀ ਵੰਡੀ ਗਈ ਇਸ ਦੌਰਾਨ ਪ੍ਰਧਾਨ ਅਤੇ ਜੀਵਨ ਪ੍ਰਭਾ ਟਰਸਟ ਦੇ ਸੰਸਥਾਪਕ ਰਾਜੇਸ਼ ਸਿਆਲ ਅਤੇ ਹੋਰ ਮੈਂਬਰ ਸਾਹਿਬਾਨਾਂ ਵਲੋਂ ਸਕੂਲ ਵਿੱਚ ਪਹੁੰਚ ਕੇ ਬੱਚਿਆਂ ਦੀ ਹੌਸਲਾ ਅਫਜ਼ਾਈ ਕੀਤੀ ਅੱਜ ਦੇ ਇਸ ਪ੍ਰੋਗਰਾਮ ਦੀ ਕਾਰਵਾਈ ਜਨਰਲ ਸੈਕਟਰੀ ਮੈਡਮ ਵੀਨਾ ਸੇਠੀ ਵੱਲੋਂ ਕਰਵਾਈ ਗਈ ਇਸ ਦੌਰਾਨ ਡਾਕਟਰ ਸੰਜੀਵ ਚੌਧਰੀ (ਕਾਕੂ) ਨੇ ਸੰਸਥਾ ਦੇ ਵੱਲੋਂ ਕੀਤੇ ਗਏ ਕੰਮਾਂ ਦੀ ਸਰਹਾਨਾ ਕਰਦੇ ਹੋਏ ਸਾਰਿਆਂ ਨੂੰ ਵੀ ਵਿਸਾਖੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਸਕੂਲੀ ਬੱਚਿਆਂ ਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ।ਇਸ ਮੌਕੇ ਤੇ ਸਕੂਲ ਦੇ ਡਾਇਰੈਕਟਰ ਜੈ ਕਿਸ਼ਨ ਅਤੇ ਸਕੂਲ ਦੇ ਪ੍ਰਿੰਸੀਪਲ ਸ਼ਕੀਲਾ ਨੇ ਟਰਸਟ ਦਾ ਧੰਨਵਾਦ ਕੀਤਾ ਇਸ ਤੋਂ ਇਲਾਵਾ ਸੰਸਥਾ ਦੇ ਪੈਟਰਨ ਸੁਧੀਰ ਅਗਰਵਾਲ, ਜੋਇੰਟ ਸੈਕਟਰੀ ਮੋਹਨ ਸ਼ਰਮਾ, ਕਿਰਨ ਵਰਮਾ ਅਤੇ ਦੀਕਸ਼ਾ ਵਡੇਰਾ ਉਪਸਥਿਤ ਰਹੇ।

# ਮਾਰਕੀਟ ਕਮੇਟੀ ਦੇ ਚੇਅਰਮੈਨ ਦੀਪਕ ਸੂਦ ਵੱਲੋਂ ਅਨਾਜ ਮੰਡੀ ਅਤੇ ਸਬਜੀ ਮੰਡੀ ਦਾ ਕੀਤਾ ਗਿਆ ਅਚਨਚੇਤ ਦੋਰਾ

Desi Punjab YouTube www.desipunjab.in

ਰਾਜਪੁਰਾ,13 ਅਪ੍ਰੈਲ (ਹਿਮਾਂਸ਼ੂ ਹੈਰੀ):ਮਾਰਕੀਟ ਕਮੇਟੀ ਰਾਜਪੁਰਾ ਦੇ ਚੇਅਰਮੈਨ ਦੀਪਕ ਸੂਦ ਵੱਲੋਂ ਅੱਜ ਅਚਨਚੇਤ ਰਾਜਪੁਰਾ ਦੀ ਅਨਾਜ ਮੰਡੀ ਅਤੇ ਸਬਜ਼ੀ ਮੰਡੀ ਦਾ ਦੌਰਾ ਕੀਤਾ ਗਿਆ। ਇਸ ਦੌਰਾਨ ਉਹਨਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਸਬਜ਼ੀ ਮੰਡੀ ਅਤੇ ਅਨਾਜ ਮੰਡੀ ਵਿੱਚ ਪਰਬਧਾ ਦਾ ਜਾਇਜ਼ਾ ਲੈਣ ਲਈ ਉਹ ਅੱਜ ਵਿਸ਼ੇਸ਼ ਤੌਰ ਤੇ ਆਪਣੀ ਟੀਮ ਦੇ ਨਾਲ ਪਹੁੰਚੇ ਜਿੱਥੇ ਕਿ ਉਹਨਾਂ ਨੇ ਪ੍ਰਬੰਧਾਂ ਦਾ ਜਾਇਜ਼ਾ ਲੈਂਦੇ ਹੋਏ ਦਸਿਆ ਕਿ ਸਬਜ਼ੀ ਮੰਡੀ ਦੇ ਵਿੱਚ ਪਏ ਗੰਦਗੀ ਦੇ ਢੇਰ ਅਤੇ ਪੀਣ ਵਾਲੇ ਪਾਣੀ ਦਾ ਉਚਿਤ ਨਾ ਹੋਣਾ ਤੇ ਉਹਨਾਂ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਇਹ ਵੀ ਦੱਸਿਆ ਕਿ ਇਹ ਸਫਾਈ ਦਾ ਟੈਂਡਰ ਪੀਣ ਵਾਲੇ ਪਾਣੀ ਦਾ ਟੈਂਡਰ ਵੱਖ-ਵੱਖ ਕੰਪਨੀਆਂ ਨੂੰ ਦਿੱਤਾ ਗਿਆ ਹੈ। ਜਿਸਦੇ ਵਿੱਚ ਸਬਜ਼ੀ ਮੰਡੀ ਦੀ ਸਫਾਈ ਅਤੇ ਪੂਰੀ ਮੰਡੀ ਦੇ ਵਿੱਚ ਕੁੱਲ ਛੇ ਪਾਣੀ ਦੀਆਂ ਛਬੀਲਾਂ ਲਗਾਉਣਾ ਲਿਖਿਆ ਗਿਆ ਹੈ। ਲੇਕਿਨ ਇੱਥੇ ਨਾ ਤਾਂ ਇਹ ਛੇ ਛਬੀਲਾਂ ਪੂਰੀਆਂ ਨੇ ਤੇ ਨਾ ਹੀ ਮੰਡੀ ਵਿੱਚ ਸਫਾਈ ਕਰਮਚਾਰੀ ਕੋਈ ਦਿਖਿਆ ਹੈ। ਇਸ ਦੌਰਾਨ ਮਾਰਕੀਟ ਕਮੇਟੀ ਦੇ ਚੇਅਰਮੈਨ ਵਲੋਂ ਮਾਰਕੀਟ ਕਮੇਟੀ ਦੇ ਸੈਕਟਰੀ ਉੱਤੇ ਦੋਸ਼ ਲਗਾਉਂਦੇ ਹੋਏ ਕਿਹਾ ਕਿ ਇਹ ਟੈਂਡਰ ਇਹਨਾਂ ਦੀ ਮਿਲੀ ਭੁਗਤ ਦਾ ਨਤੀਜਾ ਹਨ ਜਿਸ ਕਰਕੇ ਨਾ ਤਾਂ ਮੰਡੀ ਵਿੱਚ ਸਫਾਈ ਹੋ ਰਹੀ ਹੈ ਤੇ ਨਾ ਹੀ ਪੀਣ ਦੇ ਪਾਣੀ ਅਤੇ ਪਖਾਨਿਆਂ ਦੀ ਸਮੱਸਿਆ ਹੱਲ ਹੋ ਰਹੀ ਹੈ। ਉਹਨਾਂ ਨੇ ਅੱਗੇ ਦੱਸਿਆ ਕਿ ਗਰਮੀ ਦਾ ਮੌਸਮ ਹੋਣ ਕਰਕੇ ਨਾ ਤਾਂ ਇੱਥੇ ਪੀਣ ਵਾਲੇ ਪਾਣੀ ਦੇ ਗਿਲਾਸ ਸਨ ਅਤੇ ਨਾ ਹੀ ਕੋਈ ਕੁਰਸੀ ਟੇਬਲ ਹੈ ਜਿੱਥੇ ਬੈਠ ਕੇ ਮੰਡੀ ਦੇ ਵਿੱਚ ਆਏ ਹੋਏ ਲੋਕ ਪਾਣੀ ਪੀ ਸਕਣ। ਇਸ ਦੌਰਾਨ ਚੇਅਰਮੈਨ ਸੂਦ ਨੇ ਦੱਸਿਆ ਕਿ ਮੰਡੀ ਦੇ ਪ੍ਰਬੰਧਾਂ ਨੂੰ ਲੈ ਕੇ ਹਲਕਾ ਵਿਧਾਇਕ ਮੈਡਮ ਨੀਨਾ ਮਿੱਤਲ ਵੱਲੋਂ ਵੀ ਕੁਝ ਦਿਨ ਪਹਿਲਾਂ ਇੱਥੇ ਦਾ ਦੌਰਾ ਕੀਤਾ ਗਿਆ ਸੀ ਤੇ ਉਹਨਾਂ ਨੇ ਮੰਡੀ ਦੇ ਕੀਤੇ ਗਏ ਪ੍ਰਬੰਧਾਂ ਨੂੰ ਮੁਕੰਮਲ ਦੱਸਿਆ ਪਰ ਅੱਜ ਇਹ ਪ੍ਰਬੰਧਾਂ ਵਿੱਚ ਘਾਟ ਦੇਖੀ ਗਈ। ਇਸ ਸੰਬੰਧ ਵਿੱਚ ਜਦੋਂ ਮਾਰਕੀਟ ਕਮੇਟੀ ਦੇ ਸੈਕਟਰੀ ਜਸਵਿੰਦਰ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਨੇ ਕਿਹਾ ਕਿ ਸਾਡੇ ਵੱਲੋਂ ਮੰਡੀ ਦੇ ਪ੍ਰਬੰਧ ਪੂਰੇ ਹਨ ਅਤੇ ਸਾਨੂੰ ਕਿਸੇ ਵੱਲੋਂ ਕੋਈ ਵੀ ਸ਼ਿਕਾਇਤ ਨਹੀਂ ਆਈ ਜੇਕਰ ਸਾਨੂੰ ਕੋਈ ਸ਼ਿਕਾਇਤ ਕਰੇਗਾ ਤਾਂ ਉਸ ਦੇ ਉੱਤੇ ਕਾਰਵਾਈ ਕੀਤੀ ਜਾਵੇਗੀ ਜ਼ਿਕਰਯੋਗ ਗੱਲ ਹੈ ਕਿ ਚੇਅਰਮੈਨ ਫੁਡ ਬਲੋ ਦਿਖਾਏ ਗਏ ਮਾਰਕੀਟ ਦੇ ਪ੍ਰਬੰਧਾਂ ਨੂੰ ਵੀਡੀਓ ਦੇ ਵਿੱਚ ਕੈਦ ਕਰਨ ਦੇ ਬਾਵਜੂਦ ਵੀ ਸੈਕਟਰੀ ਜਸਵਿੰਦਰ ਸਿੰਘ ਦੇ ਇਸ ਜਵਾਬ ਤੋਂ ਇਦਾਂ ਲੱਗਦਾ ਹੈ ਕਿ ਮਾਰਕੀਟ ਕਮੇਟੀ ਦੇ ਸੈਕਟਰੀ ਵੱਲੋਂ ਆਪਣੀ ਸੇਵਾਵਾਂ ਸਹੀ ਤਰੀਕੇ ਨਾਲ ਨਹੀਂ ਨਿਭਾਇਆ ਜਾ ਰਹੀਆਂ ਹਨ ਜਿਸ ਕਰਕੇ ਮਾਰਕੀਟ ਕਮੇਟੀ ਦੇ ਚੇਅਰਮੈਨ ਦੀਪਕ ਸੂਦ ਨੂੰ ਅੱਜ ਇਹ ਮੰਡੀ ਦੇ ਵਿੱਚ ਕੀਤੇ ਗਏ ਪ੍ਰਬੰਧਾਂ ਦਾ ਹਾਲ ਜੱਗ ਜਾਹਿਰ ਕਰਨਾ ਪਿਆ ਹੈ। ਹੁਣ ਦੇਖਣਾ ਹੋਵੇਗਾ ਕਿ ਚੇਅਰਮੈਨ ਵੱਲੋਂ ਕੀਤੇ ਗਏ ਇਸ ਅਚਨਚੇਤ ਦੌਰੇ ਤੋਂ ਬਾਅਦ ਪ੍ਰਬੰਧ ਇਦਾਂ ਹੀ ਰਹਿਣਗੇ ਜਾਂ ਇਹਨਾਂ ਵਿੱਚ ਹੋਰ ਸੁਧਾਰ ਹੋਵੇਗਾ।



# ਪੰਜਾਬ ਕਾਨਵੈਂਟ ਸਕੂਲ, ਝੁਨੀਰ ਵੱਲੋਂ ਵਿਸਾਖੀ ਤਿਉਹਾਰ ਧੂਮਧਾਮ ਨਾਲ ਮਨਾਇਆ

Desi Punjab YouTube www.desipunjab.in

ਸਰਦੂਲਗੜ੍ਹ, 13 ਅਪ੍ਰੈਲ:(ਕੁਲਵਿੰਦਰ ਕੜਵਲ) ਪੰਜਾਬ ਕਾਨਵੈਂਟ ਸਕੂਲ, ਝੁਨੀਰ ਵੱਲੋਂ ਵਿਸਾਖੀ ਦੇ ਪਵਿੱਤਰ ਤਿਉਹਾਰ ਨੂੰ ਬੜੇ ਉਤਸ਼ਾਹ ਅਤੇ ਰੌਣਕ ਨਾਲ ਮਨਾਇਆ ਗਿਆ। ਸਕੂਲ ਕੈਂਪਸ ਨੂੰ ਰੰਗ-ਬਿਰੰਗੀਆਂ ਸਜਾਵਟਾਂ, ਫੁੱਲਾਂ ਅਤੇ ਰਵਾਇਤੀ ਝੰਡਿਆਂ ਨਾਲ ਸੁਸ਼ੋਭਿਤ ਕੀਤਾ ਗਿਆ ਸੀ, ਜਿਸ ਨਾਲ ਪੂਰਾ ਮਾਹੌਲ ਤਿਉਹਾਰੀ ਰੰਗ ਵਿੱਚ ਰੰਗਿਆ ਹੋਇਆ ਨਜ਼ਰ ਆਇਆ।

ਕਾਰਜਕ੍ਰਮ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਏ ਸੁਰੀਲੇ ਸ਼ਬਦ ਕੀਰਤਨ ਨਾਲ ਹੋਈ, ਜਿਸ ਨਾਲ ਮਾਹੌਲ ਆਧਿਆਤਮਿਕ ਰੰਗ ਵਿੱਚ ਰੰਗ ਗਿਆ। ਇਸ ਤੋਂ ਬਾਅਦ ਵਿਦਿਆਰਥੀਆਂ ਨੇ ਜੋਸ਼ੀਲੀ ਕਵੀਸ਼ਰੀ ਪੇਸ਼ ਕਰਦੇ ਹੋਏ ਬਹਾਦਰੀ, ਧਰਮ ਅਤੇ ਇਤਿਹਾਸ ਨਾਲ ਸੰਬੰਧਿਤ ਵਿਸ਼ਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ।ਕਾਰਜਕ੍ਰਮ ਦਾ ਮੁੱਖ ਆਕਰਸ਼ਣ ਵਿਦਿਆਰਥੀਆਂ ਵੱਲੋਂ ਪੇਸ਼ ਕੀਤਾ ਗਿਆ ਰਵਾਇਤੀ ਭੰਗੜਾ ਰਿਹਾ। ਰੰਗ-ਬਿਰੰਗੇ ਪੰਜਾਬੀ ਪਹਿਰਾਵਿਆਂ ਵਿੱਚ ਸਜੇ ਵਿਦਿਆਰਥੀਆਂ ਨੇ ਆਪਣੇ ਮਨਮੋਹਕ ਪ੍ਰਦਰਸ਼ਨਾਂ ਨਾਲ ਦਰਸ਼ਕਾਂ ਦਾ ਮਨ ਮੋਹ ਲਿਆ। ਇਸ ਤੋਂ ਇਲਾਵਾ ਗਿੱਧਾ ਅਤੇ ਲੋਕ ਗੀਤਾਂ ਸਮੇਤ ਹੋਰ ਸੱਭਿਆਚਾਰਕ ਪ੍ਰਸਤੁਤੀਆਂ ਨੇ ਵੀ ਹਾਜ਼ਰ ਦਰਸ਼ਕਾਂ ਨੂੰ ਮੰਤਰਮੁਗਧ ਕੀਤਾ। ਮੌਜੂਦ ਮਾਪਿਆਂ ਅਤੇ ਅਧਿਆਪਕਾਂ ਨੇ ਤਾੜੀਆਂ ਦੀ ਗੂੰਜ ਨਾਲ ਵਿਦਿਆਰਥੀਆਂ ਦਾ ਹੌਂਸਲਾ ਵਧਾਇਆ।ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਟੀਸ਼ਾ ਅਰੋੜਾ ਨੇ ਆਪਣੇ ਸੰਬੋਧਨ ਵਿੱਚ ਵਿਸਾਖੀ ਦੇ ਇਤਿਹਾਸਕ ਅਤੇ ਸੱਭਿਆਚਾਰਕ ਮਹੱਤਵ 'ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਵਿਸਾਖੀ ਫਸਲ ਦੀ ਕਟਾਈ ਦੀ ਖੁਸ਼ੀ ਦਾ ਪ੍ਰਤੀਕ ਹੋਣ ਦੇ ਨਾਲ-ਨਾਲ ਦੇਸ਼ ਦੇ ਇਤਿਹਾਸ ਵਿੱਚ ਵੀ ਵਿਸ਼ੇਸ਼ ਸਥਾਨ ਰੱਖਦੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੀ ਸੰਸਕ੍ਰਿਤੀ ਅਤੇ ਪਰੰਪਰਾਵਾਂ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ।

ਕਾਰਜਕ੍ਰਮ ਦੌਰਾਨ ਅਧਿਆਪਕਾਂ ਵੱਲੋਂ ਵੀ ਵਿਦਿਆਰਥੀਆਂ ਨੂੰ ਮਾਰਗਦਰਸ਼ਨ ਦਿੱਤਾ ਗਿਆ ਅਤੇ ਉਨ੍ਹਾਂ ਦੀਆਂ ਪੇਸ਼ਕਾਰੀਆਂ ਦੀ ਸਰਾਹਨਾ ਕੀਤੀ ਗਈ। ਅੰਤ ਵਿੱਚ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਭਾਗੀਦਾਰੀ ਲਈ ਸਨਮਾਨਿਤ ਕੀਤਾ ਗਿਆ।



# ਬਲਾਚੌਰ ਬਾਈਪਾਸ ਵਿਖੇ ਸਵਿਫਟ ਕਾਰ ਹੋਈ ਹਾਦਸਾ ਗ੍ਰਸਤ ਇੱਕ ਵਿਅਕਤੀ ਦੀ ਹੋਈ ਮੌਤ, ਦੋ ਗੰਭੀਰ ਜ਼ਖਮੀ

Desi Punjab YouTube www.desipunjab.in

ਬਲਾਚੌਰ, 13 ਅਪ੍ਰੈਲ (ਜਤਿੰਦਰ ਪਾਲ ਸਿੰਘ ਕਲੇਰ )- ਬਲਾਚੌਰ ਬਾਈਪਾਸ ਰੋਪੜ ਜਲੰਧਰ ਨੈਸ਼ਨਲ ਹਾਈਵੇ ਤੇ ਸੁੱਜੋਵਾਲ ਪੁਲ ਦੇ ਸਾਹਮਣੇ ਪੈਟਰੋਲ ਪੰਪ ਦੇ ਨਜ਼ਦੀਕ ਇੱਕ ਸਵਿਫਟ ਕਾਰ ਹਾਦਸਾ ਗ੍ਰਸਤ ਹੋਣ ਦੀ ਖਬਰ ਹੈ। ਜਿਸ ਵਿੱਚ ਇੱਕ ਵਿਅਕਤੀ ਦੀ ਮੌਤ ਅਤੇ ਦੋ ਗੰਭੀਰ ਫੱਟੜ ਹੋਣ ਦੀ ਸੂਚਨਾ ਪ੍ਰਾਪਤ ਹੋਈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐਸ ਐਸ ਐਫ ਟੀਮ ਦੇ ਇੰਚਾਰਜ ਏ ਐਸ ਆਈ ਕੁਲਦੀਪ ਕੁਮਾਰ ਨੇ ਦੱਸਿਆ ਕਿ ਇੱਕ ਸਵਿਫਟ ਡਿਜਾਇਰ ਕਾਰ ਨੰਬਰ ਪੀ ਬੀ 35 ਵੀ 5679 ਜਿਸ ਨੂੰ ਸ਼ੰਕਰ ਦਾਸ ਪੁੱਤਰ ਦਰਸ਼ਨ ਲਾਲ ਵਾਸੀ ਪਿੰਡ ਭੱਟੀਆਂ ਤਹਿਸੀਲ ਫਿਲੋਰ ਜਿਲ੍ਹਾ ਜਲੰਧਰ ਚਲਾ ਰਿਹਾ ਸੀ ਜੀ ਰੋਪੜ੍ਹ ਸਾਇਡ ਤੋਂ ਬਲਾਚੌਰ ਸਾਈਡ ਜਾ ਰਹੀ ਸੀ। ਜਦੋਂ ਇਹ ਕਾਰ ਸੁੱਜੋਵਾਲ ਪੈਟਰੋਲ ਪੰਪ ਦੇ ਸਾਹਮਣੇ ਪਹੁੰਚੀ ਤਾਂ ਅੱਗੇ ਜਾ ਰਹੇ ਅਣਪਛਾਤੇ ਵਾਹਨ ਨਾਲ ਪਿੱਛੋਂ ਟਕਰਾ ਗਈ। ਜਿਸ ਨਾਲ ਕਾਰ ਡਰਾਈਵਰ ਸਣੇ ਤਿੰਨ ਜਾਣੇ ਸਵਾਰ ਸਨ ਉਹ ਜ਼ਖ਼ਮੀ ਹੋ ਗਏ ਜਿਨ੍ਹਾਂ ਨੂੰ ਐਸ ਐਸ ਐਫ ਦੀ ਟੀਮ ਦੇ ਪਹੁੰਚਣ ਤੋਂ ਪਹਿਲਾਂ ਹੀ ਰਾਹਗੀਰਾਂ ਵੱਲੋਂ ਐਂਬੂਲੈਂਸ ਮੰਗਵਾ ਕੇ ਨਵਾਂਸ਼ਹਿਰ ਦੇ ਸਿਵਲ ਹਸਪਤਾਲ ਵਿਖੇ ਦਾਖਲ ਕਰਵਾਉਣ ਭੇਜ ਦਿੱਤਾ ਗਿਆ। ਬਾਅਦ ਵਿੱਚ ਸੂਚਨਾ ਪ੍ਰਾਪਤ ਹੋਈ ਕਿ ਇੱਕ ਵਿਅਕਤੀ ਦੀ ਮੌਤ ਹੋ ਗਈ। ਐਸ ਐਸ ਐਫ ਦੀ ਟੀਮ ਵਲੋਂ ਨੈਸ਼ਨਲ ਹਾਈਵੇ ਅਥਾਰਟੀ ਦੀ ਰਿਕਵਰੀ ਵੈਨ ਨਾਲ ਨਾਲ ਕਾਰ ਨੂੰ ਸਾਇਡ ਤੇ ਕਰਵਾ ਕੇ ਆਵਾਜਾਈ ਨੂੰ ਸੁਚਾਰੂ ਢੰਗ ਨਾਲ ਬਹਾਲ ਕਰਵਾਇਆ ਗਿਆ। ਇਸ ਘਟਨਾ ਸਬੰਧੀ ਐਸ ਐਸ ਐਫ ਦੀ ਟੀਮ ਵਲੋਂ ਥਾਣਾ ਸਿਟੀ ਬਲਾਚੌਰ ਅਤੇ ਕੰਟ੍ਰੋਲਰ ਰੂਮ ਨਵਾਂਸ਼ਹਿਰ ਨੂੰ ਸੂਚਿਤ ਕਰ ਦਿੱਤਾ ਗਿਆ।



# AI ਅਤੇ ਭਵਿੱਖ- ਮਾਨਵ ਬੇਰੁਜ਼ਗਾਰ ਹੋ ਜਾਵੇਗਾ ?

Desi Punjab YouTube www.desipunjab.in

ਅੱਜ ਦਾ ਯੁੱਗ ਟੈਕਨੋਲੋਜੀ ਦਾ ਯੁੱਗ ਹੈ। ਮਨੁੱਖ ਨੇ ਆਪਣੇ ਸੋਚਣ-ਵਿਚਾਰਨ ਵਾਲੇ ਦਿਮਾਗ ਨਾਲ ਵਿਗਿਆਨ ਦੀਆਂ ਉਚਾਈਆਂ ਨੂੰ ਛੂਹ ਲਿਆ, ਜਿਨਾਂ ਦੀ ਕਦੇ ਕਲਪਨਾ ਵੀ ਨਹੀਂ ਕੀਤੀ ਗਈ । ਆਰਟੀਫਿਸ਼ੀਅਲ ਇੰਟੈਲੀਜੈਂਸ- ਏ ਆਈ,ਇਸ ਵਿਗਿਆਨਿਕ ਵਿਕਾਸ ਦੀ ਸਭ ਤੋਂ ਵੱਡੀ ਉਪਲਬਧੀ ਮੰਨੀ ਜਾਂਦੀ ਹੈ।AI ਦਾ ਅਰਥ ਹੈ- ਮਸ਼ੀਨਾਂ ਨੂੰ ਮਨੁੱਖੀ ਦਿਮਾਗ ਵਾਂਗ ਸੋਚਣ, ਸਿੱਖਣ, ਫੈਸਲਾ ਕਰਨ ਅਤੇ ਕੰਮ ਕਰਨ ਦੀ ਸਮਰੱਥਾ ਦੇਣਾ। ਇਹ ਸਿਰਫ ਇੱਕ ਯੰਤਰ ਨਹੀਂ ਸਗੋਂ ਇੱਕ ਸਮਰੱਥ ਸਿਸਟਮ ਹੈ, ਜੋ ਆਪਣੇ ਆਪ ਵੀ ਡਾਟਾ ਤੋਂ ਸਿੱਖ ਕੇ ਸੁਧਾਰ ਕਰ ਸਕਦਾ ਹੈ। ਪਰੰਤੂ, ਜਿੱਥੇ ਇਹ ਟੈਕਨੋਲੋਜੀ ਸਾਡੇ ਜੀਵਨ ਨੂੰ ਆਸਾਨ ਬਣਾ ਰਹੀ ਹੈ, ਉਥੇ ਹੀ ਇੱਕ ਵੱਡਾ ਪ੍ਰਸ਼ਨ ਵੀ ਖੜਾ ਕਰ ਰਹੀ ਹੈ - ਕਿ ਏ ਆਈ ਕਾਰਨ ਭਵਿੱਖ ਵਿੱਚ ਮਨੁੱਖ ਬੇਰੁਜ਼ਗਾਰ ਹੋ ਜਾਵੇਗਾ ? ਇਹ ਪ੍ਰਸ਼ਨ ਸਿਰਫ ਇੱਕ ਡਰ ਨਹੀਂ, ਸਗੋਂ ਇੱਕ ਗੰਭੀਰ ਚਿੰਤਾ ਦਾ ਵਿਸ਼ਾ ਹੈ।AI ਦੀ ਕਹਾਣੀ 1950 ਦੇ ਦਿਹਾਕੇ ਤੋਂ ਸ਼ੁਰੂ ਹੁੰਦੀ ਹੈ। ਜਦੋਂ ਵਿਗਿਆਨੀਆਂ ਨੇ ਪਹਿਲੀ ਵਾਰ ਸੋਚਿਆ ਕਿ ਮਸ਼ੀਨ ਮਨੁੱਖੀ ਦਿਮਾਗ ਦੀਆਂ ਕੁਝ ਪ੍ਰਕਿਰਿਆਵਾਂ ਦੀ ਨਕਲ ਕਰ ਸਕਦੀ ਹੈ। ਪਰੰਤੂ ਅੱਜ ਸਿੱਖਿਆ, ਮੈਡੀਕਲ, ਸਵੈ-ਚਲਤ ਕਾਰਾਂ, ਖੇਤੀਬਾੜੀ ਆਦਿ ਹਰ ਖੇਤਰ ਵਿੱਚ ਏ ਆਈ ਦਾਖਲ ਹੋ ਚੁੱਕੀ ਹੈ। ਇਸ ਦਾ ਤੇਜ਼ੀ ਨਾਲ ਹੋ ਰਿਹਾ ਵਿਕਾਸ ਸਿਰਫ ਮਨੁੱਖੀ ਸਹਾਇਤਾ ਤੱਕ ਸੀਮਤ ਨਹੀਂ ਰਹਿ ਗਿਆ, ਸਗੋਂ ਇਹ ਮਨੁੱਖੀ ਰੁਜਗਾਰ ਲਈ ਚੁਨੌਤੀ ਵੀ ਬਣ ਰਿਹਾ ਹੈ।AI ਦੀ ਤਰੱਕੀ ਨਾਲ ਸਭ ਤੋਂ ਵੱਡਾ ਪ੍ਰਭਾਵ ਰੁਜ਼ਗਾਰ ਦੇ ਖੇਤਰ ਵਿੱਚ ਪਿਆ ਹੈ। ਜਿੱਥੇ ਪਹਿਲਾਂ ਹਜ਼ਾਰਾਂ ਮਨੁੱਖੀ ਹੱਥਾਂ ਦੀ ਲੋੜ ਹੁੰਦੀ ਸੀ, ਉਥੇ ਹੁਣ ਕੁਝ ਹੀ ਮਸ਼ੀਨਾਂ ਤੇ ਸੋਫਟਵੇਅਰ ਸਾਰਾ ਕੰਮ ਕਰ ਲੈਂਦੇ ਹਨ। ਕਾਰਾਂ ਬਣਾਉਣਾ,ਪੈਕੇਜਿੰਗ, ਕੱਪੜੇ ਬੁਣਨ ਤੋਂ ਲੈ ਕੇ ਇਲੈਕਟਰੋਨਿਕ ਸਮਾਨ ਤਿਆਰ ਕਰਨ ਤੱਕ -ਰੋਬੋਟ ਮਨੁੱਖਾਂ ਨਾਲੋਂ ਤੇਜ਼ ਤੇ ਬਿਨਾਂ ਥੱਕੇ ਕੰਮ ਕਰਦੇ ਹਨ।ਡਾਕਟਰਾਂ ਦੇ ਸਹਾਇਕ ਕੰਮ ਜਿਵੇਂ- ਐਕਸਰੇ ਜਾਂ MRI ਦੀ ਰਿਪੋਰਟ ਪੜ੍ਹਨਾ ਹੁਣ ਏਆਈ ਐਲਗੋਰਿਦਮ ਕਰ ਰਹੇ ਹਨ। ਦਵਾਈ ਬਣਾਉਣ ਤੇ ਸਰਜਰੀ ਕਰਨ ਵਿੱਚ ਵੀ ਰੋਬੋਟ ਵਰਤੇ ਜਾ ਰਹੇ ਹਨ। ਲੇਖ ਲਿਖਣ, ਅਖਬਾਰਾਂ ਬਣਾਉਣ, ਵੀਡੀਓ ਐਡਿਟ ਕਰਨ ਤੇ ਸਮਗਰੀ ਤਿਆਰ ਕਰਨ ਦਾ ਕੰਮ ਵੀ ਏਆਈ ਪ੍ਰਣਾਲੀਆਂ ਕਰ ਰਹੀਆਂ ਹਨ । ਕੰਟੈਂਟ ਜਨਰੇਟਰ ਲੇਖਕਾਂ ਲਈ ਮੁਕਾਬਲੇ ਦਾ ਕਾਰਨ ਬਣ ਰਹੇ ਹਨ। ਇਸ ਤਰਾਂ ਏ ਆਈ ਨੇ ਮਨੁੱਖੀ ਮਿਹਨਤ ਨੂੰ ਆਸਾਨ ਵੀ ਕੀਤਾ ਹੈ ਅਤੇ ਕਈ ਰੁਜ਼ਗਾਰ ਖੇਤਰਾਂ ਲਈ ਖਤਰਾ ਵੀ ਬਣਾਇਆ ਹੈ।ਜਿੱਥੇ ਇੱਕ ਪਾਸੇ ਏ ਆਈ ਬੇਰੁਜ਼ਗਾਰੀ ਦਾ ਡਰ ਪੈਦਾ ਕਰਦੀ ਹੈ, ਉੱਥੇ ਹੀ ਦੂਜੇ ਪਾਸੇ ਰੁਜ਼ਗਾਰ ਦੇ ਨਵੇਂ ਮੌਕੇ ਵੀ ਖੋਲਦੀ ਹੈ। ਹਰ ਵੱਡੀ ਤਕਨੀਕੀ ਕ੍ਰਾਂਤੀ ਨਾਲ ਕੁਝ ਕੰਮ ਖਤਮ ਹੁੰਦੇ ਹਨ ਪਰ ਨਵੇਂ ਕੰਮ ਪੈਦਾ ਵੀ ਹੁੰਦੇ ਹਨ- ਜਿਵੇਂ ਪਹਿਲਾਂ ਮਸ਼ੀਨਰੀ ਲਈ ਮਕੈਨਿਕ ਦੀ ਲੋੜ ਸੀ, ਅੱਜ ਏਆਈ ਪ੍ਰਣਾਲੀਆਂ ਲਈ ਡਾਟਾ ਸਾਇੰਟਿਸਟ,ਮਸ਼ੀਨ ਲਰਨਿੰਗ ਇੰਜੀਨੀਅਰ ਅਤੇ ਏਆਈ ਡਿਵੈਲਪਰ ਦੀ ਲੋੜ ਹੈ । ਏਆਈ ਨਾਲ ਜੁੜੇ ਸਿਸਟਮਾਂ ਨੂੰ ਹੈਕਿੰਗ ਤੋਂ ਬਚਾਉਣਾ ਵੱਡੀ ਚੁਣੌਤੀ ਹੈ। ਇਸ ਲਈ ਸਾਈਬਰ ਸੁਰੱਖਿਆ ਦੀ ਮੰਗ ਤੇਜ਼ੀ ਨਾਲ ਵੱਧ ਰਹੀ ਹੈ। ਮਨੁੱਖੀ ਕਲਪਨਾ ਨੂੰ ਏਆਈ ਨਾਲ ਜੋੜ ਕੇ ਫਿਲਮਾਂ, ਗੇਮਿੰਗ ਡਿਜ਼ਾਇਨ, ਡਿਜੀਟਲ ਕਲਾ ਵਿੱਚ ਵੀ ਨਵੇਂ ਮੌਕੇ ਬਣ ਰਹੇ ਹਨ।AI ਦਾ ਵਿਕਾਸ ਰੁਕਣਾ ਅਸੰਭਵ ਹੈ ।ਇਸ ਲਈ ਮਨੁੱਖਾਂ ਨੂੰ ਆਪਣੀ ਸੋਚ ਵਿੱਚ 4/5 ਲਿਆਉਣੇ ਪੈਣਗੇ ਤਾਂ ਜੋ ਉਹ ਨਵੀਂ ਦੁਨੀਆ ਵਿੱਚ ਟਿਕ ਸਕਣ । ਸਿਰਫ ਰੱਟਣ- ਪਾਠ ਵਾਲੀ ਸਿੱਖਿਆ ਨਹੀਂ,ਸਗੋਂ ਕ੍ਰੇਟੀਵਿਟੀ ਸਮੱਸਿਆ ਹੱਲ ਕਰਨ ਦੀ ਯੋਗਤਾ ਤੇ ਨਵੀਂ ਸੋਚ ਨੂੰ ਤਰਜੀਹ ਦੇਣੀ ਚਾਹੀਦੀ ਹੈ। ਭਵਿੱਖ ਵਿੱਚ ਕੋਈ ਵੀ ਇੱਕ ਡਿਗਰੀ ਜਾਂ ਇੱਕ ਹੁਨਰ ਕਾਫੀ ਨਹੀਂ ਹੋਵੇਗਾ। ਮਨੁੱਖ ਨੂੰ ਜ਼ਿੰਦਗੀ ਭਰ ਸਿੱਖਣ ਦੀ ਆਦਤ ਪੈਦਾ ਕਰਨੀ ਪਵੇਗੀ ਤਾਂ ਜੋ ਨਵੀਂ ਤਕਨੀਕ ਨਾਲ ਖੁਦ ਨੂੰ ਅਪਡੇਟ ਕਰ ਸਕੇ ।ਜਿਹੜੀਆਂ ਗੁਣਵੱਤਾਵਾਂ ਏਆਈ ਕਦੇ ਨਹੀਂ ਸਿੱਖ ਸਕਦੀ,ਜਿਵੇਂ- ਸਹਿਭਾਵਨਾ, ਨੈਤਿਕਤਾ, ਕਲਾਤਮਕਤਾ ਮਨੁੱਖ ਨੂੰ ਇਹ ਗੁਣ ਹੋਰ ਮਜਬੂਤ ਕਰਨੇ ਪੈਣਗੇ। ਜਿਥੇ ਤਕਨੀਕ ਵਧੇਗੀ ਉਥੇ ਮਨੁੱਖੀ ਮੁੱਲਾਂ ਦੀ ਲੋੜ ਹੋਰ ਵਧ ਜਾਵੇਗੀ । ਮਨੁੱਖ ਨੂੰ ਯਾਦ ਰੱਖਣਾ ਪਵੇਗਾ ਕਿ ਏਆਈ ਮਨੁੱਖ ਦੀ ਸੇਵਾ ਲਈ ਹੈ । ਮਨੁੱਖ AI ਦਾ ਗੁਲਾਮ ਨਹੀਂ । Al ਦੇ ਕਾਰਨ ਬੇਰੁਜ਼ਗਾਰੀ ਦਾ ਡਰ ਸੱਚ ਹੈ, ਪਰ ਇਹ ਸਮੱਸਿਆ ਅਟੱਲ ਨਹੀਂ ਹੈ । ਜੇ ਮਨੁੱਖੀ ਸਮਾਜ ਸਹੀ ਦਿਸ਼ਾ ਵਿੱਚ ਸੋਚੇ ਤਾਂ ਏਆਈ ਮੌਕਿਆਂ ਦੇ ਨਵੇਂ ਦਰਵਾਜੇ ਵੀ ਖੋਲ ਸਕਦੀ ਹੈ । ਜਿਵੇਂ ਬੱਚਿਆਂ ਨੂੰ ਸਿਰਫ ਪਰੰਪਰਾਗਤ ਨੌਕਰੀਆਂ ਲਈ ਨਹੀਂ, ਸਗੋਂ ਟੈਕਨੋਲੋਜੀ, ਡਾਟਾ ਸਾਇੰਸ ਵਰਗੇ ਵਿਸ਼ਿਆਂ ਲਈ ਤਿਆਰ ਕਰਨਾ ਚਾਹੀਦਾ ਹੈ । ਡਾਕਟਰ ਏਆਈ ਦੀ ਮਦਦ ਨਾਲ ਬਿਮਾਰੀ ਦੀ ਜਾਂਚ ਤੇਜ਼ ਕਰ ਸਕਦੇ ਹਨ, ਪਰ ਅੰਤਿਮ ਫੈਸਲਾ ਡਾਕਟਰ ਦਾ ਹੋਣਾ ਚਾਹੀਦਾ ਹੈ।Al ਨੇ ਮਨੁੱਖਤਾ ਨੂੰ ਇੱਕ ਨਵੀਂ ਦਿਸ਼ਾ ਦਿੱਤੀ ਹੈ। ਇਸ ਨੇ ਵਿਗਿਆਨ, ਉਦਯੋਗ, ਸਿੱਖਿਆ ਤੇ ਰੋਜ਼ਾਨਾ ਜ਼ਿੰਦਗੀ ਨੂੰ ਬੇਹੱਦ ਆਸਾਨ ਬਣਾ ਦਿੱਤਾ ਹੈ। ਪਰ ਨਾਲ ਹੀ ਇਹ



ਸੱਚ ਹੈ ਕਿ AI ਬੇਰੁਜ਼ਗਾਰੀ ਦਾ ਖਤਰਾ ਵਧਾ ਰਿਹਾ ਹੈ। ਜਦ ਮਸ਼ੀਨਾ ਮਨੁੱਖ ਦੀ ਥਾਂ ਕੰਮ ਕਰਨ ਲੱਗਦੀਆਂ ਹਨ ਤਾਂ ਆਮ ਮਜ਼ਦੂਰ, ਕਰਮਚਾਰੀ ਅਤੇ ਛੋਟੇ ਧੰਦੇ ਸਭ ਤੋਂ ਪਹਿਲਾਂ ਪ੍ਰਭਾਵਿਤ ਹੁੰਦੇ ਹਨ।ਪਰ ਇਹ ਸਿਰਫ ਨਕਾਰਾਤਮਕ ਪੱਖ ਨਹੀਂ, AI ਉਹਨਾਂ ਲਈ ਵੱਡੇ ਮੌਕੇ ਲਿਆ ਰਹੀ ਹੈ ਜੋ ਆਪਣੇ ਆਪ ਨੂੰ ਨਵੀਂ ਟੈਕਨੋਲੋਜੀ ਨਾਲ ਅਪਡੇਟ ਕਰਦੇ ਹਨ। ਇਸ ਲਈ ਸਭ ਤੋਂ ਵੱਡਾ ਚੈਲੇਂਜ ਇਹ ਹੈ ਕਿ ਮਨੁੱਖ ਡਰਨ ਦੀ ਬਜਾਏ ਤਿਆਰੀ ਕਰੇ। ਬੇਰੁਜ਼ਗਾਰੀ ਦਾ ਖਤਰਾ ਉਸ ਵੇਲੇ ਹੀ ਹੈ, ਜੇ ਅਸੀਂ

# ਏਡੀਸੀ ਸਿਮਰਪ੍ਰੀਤ ਕੌਰ ਵੱਲੋਂ ਆਜ਼ਾਦੀ ਘੁਲਾਟੀਆਂ ਦੀ ਗੈਲਰੀ ਵਿੱਚ ਸ਼ਰਧਾ ਦੇ ਫੁੱਲ ਭੇਟ ,ਫਰੀਡਮ ਫਾਈਟਰ ਉਤਰਾਧਿਕਾਰੀ ਐਸੋਸੀਏਸ਼ਨ ਨੇ ਕਰਵਾਇਆ ਸ਼ਰਧਾਂਜਲੀ ਸਮਾਗਮ

Desi Punjab YouTube www.desipunjab.in

ਪਟਿਆਲਾ 13 ਅਪ੍ਰੈਲ:ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵਿਖੇ ਸੁਤੰਤਰਤਾ ਸੰਗਰਾਮੀ ਉਤਰਾਧਿਕਾਰੀ ਐਸੋਸੀਏਸ਼ਨ ਪੰਜਾਬ ਰਜਿ 234 ਦੀ ਜ਼ਿਲ੍ਹਾ ਇਕਾਈ ਨੇ 13 ਅਪ੍ਰੈਲ 1919 ਨੂੰ ਜਲਿਆਂਵਾਲਾ ਬਾਗ਼ ਦੇ ਖ਼ੂਨੀ ਸਾਕੇ ਦੇ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਵਿਸ਼ੇਸ਼ ਸਮਾਗਮ ਕਰਵਾਇਆ। ਸੁਤੰਤਰਤਾ ਸੰਗਰਾਮੀ ਗੈਲਰੀ ਵਿੱਚ ਕਰਵਾਏ ਸਮਾਗਮ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜ) ਸਿਮਰਪ੍ਰੀਤ ਕੌਰ ਨੇ ਸ਼ਿਰਕਤ ਕਰਦਿਆਂ ਦੇਸ਼ ਭਗਤ ਆਜ਼ਾਦੀ ਘੁਲਾਟੀਆਂ ਦੀਆਂ ਤਸਵੀਰਾਂ ਨੂੰ ਸ਼ਰਧਾ ਦੇ ਸਨਮੁਖ ਸ਼ਰਧਾ ਦੇ ਫੁੱਲ ਭੇਂਟ ਕੀਤੇ ਅਤੇ ਜਲਿਆਂਵਾਲਾ ਬਾਗ਼ ਦੇ ਅਮਰ ਸ਼ਹੀਦਾਂ ਨੂੰ ਯਾਦ ਕੀਤਾ। ਏਡੀਸੀ ਨੇ ਕਿਹਾ ਕਿ ਅਸੀਂ ਆਜ਼ਾਦੀ ਘੁਲਾਟੀਆਂ ਦੀਆਂ ਕੁਰਬਾਨੀਆਂ ਸਦਕਾ ਹੀ ਅਸੀਂ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ। ਉਨ੍ਹਾਂ ਸੁਤੰਤਰਤਾ ਸੰਗਰਾਮੀ ਗੈਲਰੀ ਦੀ ਸਾਂਭ ਸੰਭਾਲ ਲਈ ਵਿਸ਼ੇਸ਼ ਯਤਨ ਕੀਤੇ ਜਾਣ ਦੀ ਮੰਗ ਨੂੰ ਪੂਰਾ ਕਰਨ ਦਾ ਭਰੋਸਾ ਦਿੱਤਾ। ਸੁਤੰਤਰਤਾ ਸੰਗਰਾਮੀ ਉਤਰਾਧਿਕਾਰੀ ਐਸੋਸੀਏਸ਼ਨ ਪੰਜਾਬ ਦੇ ਸੂਬਾ ਜਨਰਲ ਸਕੱਤਰ ਇੰਦਰਪਾਲ ਸਿੰਘ ਧਾਲੀਵਾਲ ਸੋਨੀ ਨੇ ਕਿਹਾ ਕਿ ਜਲਿਆਂਵਾਲਾ ਬਾਗ਼ ਦੇ ਖ਼ੂਨੀ ਸਾਕੇ ਵਿੱਚ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਮਹਾਨ ਅਮਰ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕਰਦਿਆਂ ਦੇਸ਼ ਭਗਤਾਂ ਦੇ ਦਰਸਾਏ ਹੋਏ ਮਾਰਗ ਤੇ ਚੱਲਣ ਦਾ ਪ੍ਰਣ ਕਰਦੇ ਹਾਂ। ਸੂਬਾ ਕਨਵੀਨਰ ਪ੍ਰਕਾਸ਼ ਸਿੰਘ ਧਾਲੀਵਾਲ ਅਤੇ ਜ਼ਿਲ੍ਹਾ ਪ੍ਰਧਾਨ ਅਮਰਪ੍ਰੀਤ ਸਿੰਘ ਬੌਬੀ ਨੇ ਆਜ਼ਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀਆਂ ਸਨਮਾਨ ਸਹੂਲਤਾਂ ਨੂੰ ਲਾਗੂ ਕਰਵਾਉਣ ਲਈ ਆਵਾਜ਼ ਬੁਲੰਦ ਕੀਤੀ। ਵਧੀਕ ਡਿਪਟੀ ਕਮਿਸ਼ਨਰ ਨੇ ਜਲਦ ਆਜ਼ਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀਆਂ ਸਮੱਸਿਆਂਵਾਂ ਨੂੰ ਹੱਲ ਕਰਨ ਦਾ ਭਰੋਸਾ ਦਿੱਤਾ।ਜ਼ਿਲ੍ਹਾ ਜਥੇਬੰਦੀ ਦੇ ਦਫ਼ਤਰ ਇੰਚਾਰਜ ਕਮਲਦੀਪ ਸਿੰਘ ਗਿੱਲ ਨੇ ਆਜ਼ਾਦੀ ਘੁਲਾਟੀਆਂ ਦੇ ਨਾਮ ‘ਤੇ ਸਕੂਲਾਂ ਦੇ ਨਾਮ ਰੱਖਣ ਬਾਰੇ ਜਾਣੂ ਕਰਵਾਇਆ ਅਤੇ ਸੁਤੰਤਰਤਾ ਸੰਗਰਾਮੀ ਪਰਿਵਾਰਾਂ ਨੇ ਸਰਕਾਰੀ ਮਾਡਲ ਟਾਊਨ ਸਕੂਲ ਦਾ ਨਾਮ ਸੁਤੰਤਰਤਾ ਸੰਗਰਾਮੀ ਤੇਜਾ ਸਿੰਘ ਗਿੱਲ ਦੇ ਨਾਮ ‘ਤੇ ਰੱਖਣ ਸਬੰਧੀ ਪ੍ਰਕਿਰਿਆ ਨੂੰ ਪੂਰਾ ਕਰਨ ਦੀ ਅਪੀਲ ਕੀਤੀ।ਆਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ ਵਲੋਂ 13 ਅਪ੍ਰੈਲ 1919 ਨੂੰ ਜਲਿਆਂਵਾਲਾ ਬਾਗ਼ ਵਿਖੇ ਸ਼ਹੀਦ ਹੋਏ ਅਮਰ ਸ਼ਹੀਦਾਂ ਦੀ ਯਾਦ ਵਿੱਚ ਦੋ ਮਿੰਟ ਦਾ ਮੌਨ ਰੱਖਿਆ।

ਸਮਾਗਮ ਵਿੱਚ, ਬਾਬਾ ਭੁਪਿੰਦਰ ਸਿੰਘ, ਪ੍ਰਕਾਸ਼ ਸਿੰਘ ਧਾਲੀਵਾਲ ਸੂਬਾ ਕਨਵੀਨਰ, ਜ਼ਿਲ੍ਹਾ ਪ੍ਰਧਾਨ ਅਮਰਪ੍ਰੀਤ ਸਿੰਘ ਬੌਬੀ, ਸੂਬਾ ਜਨਰਲ ਸਕੱਤਰ ਇੰਦਰਪਾਲ ਸਿੰਘ ਧਾਲੀਵਾਲ ਸੋਨੀ, ਸਤਪਾਲ ਕੌਰ ਸੋਹੀ ਪੁਤਰੀ ਸੁਤੰਤਰਤਾ ਸੰਗਰਾਮੀ ਹਰਭਜਨ ਸਿੰਘ ਘੱਗਾ, ਪ੍ਰੀਤਮ ਸਿੰਘ ਮਾਨ, ਗੁਰਇਕਬਾਲ ਸਿੰਘ ਸੰਧੂ, ਰਾਜ ਕੁਮਾਰ ਡਕਾਲਾ, ਕਮਲਦੀਪ ਸਿੰਘ ਗਿੱਲ ਦਫ਼ਤਰ ਇੰਚਾਰਜ, ਪਰਮ ਗੁਰਤੇਜ ਸਿੰਘ, ਅਮਰੀਕ ਸਿੰਘ ਗਿੱਲ, ਇੰਦਰਪਾਲ ਸਿੰਘ ਵਿਰਕ, ਸੁਰੇਸ਼ ਕੁਮਾਰ ਘਨੌਰ, ਹਰਦੀਪ ਸਿੰਘ, ਪ੍ਰਭਜੀਤ ਸਿੰਘ ਨਾਭਾ, ਜਸਵੰਤ ਸਿੰਘ, ਬਲਦੇਵ ਸਿੰਘ, ਗੁਰਚਰਨ ਸਿੰਘ ਮਕਬੂਲਪੁਰ, ਰਘਵੀਰ ਸਿੰਘ ਸੁਤੰਤਰਤਾ ਸੰਗਰਾਮੀ ਉਤਰਾਧਿਕਾਰੀ ਸ਼ਾਮਲ ਹੋਏ।





# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਕੁੜੀਆਂ) ਭਵਾਨੀਗੜ੍ਹ ਵਿਖੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਨੂੰ ਸਮਰਪਿਤ ਇੱਕ ਵਿਸ਼ੇਸ਼ ਸਾਹਿਤਿਕ ਸਮਾਗਮ ਕਰਵਾਇਆ ਗਿਆ

Desi Punjab YouTube www.desipunjab.in

ਭਵਾਨੀਗੜ੍ਹ 13 ਅਪ੍ਰੈਲ (ਮਨਦੀਪ ਕੌਰ ਮਾਝੀ)ਸਥਾਨਕ ਸਾਹਿਤ ਸਿਰਜਣਾ ਮੰਚ ਭਵਾਨੀਗੜ੍ਹ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਕੁੜੀਆਂ) ਭਵਾਨੀਗੜ੍ਹ ਵਿਖੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਨੂੰ ਸਮਰਪਿਤ ਇੱਕ ਵਿਸ਼ੇਸ਼ ਸਾਹਿਤਿਕ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਦੀ ਪ੍ਰਧਾਨਗੀ ਉੱਘੇ ਗਲਪਕਾਰ ਅਨੋਖ ਸਿੰਘ ਵਿਰਕ ਨੇ ਕੀਤੀ।ਇਸ ਮੌਕੇ ਬਾਬਾ ਸਾਹਿਬ ਵੱਲੋਂ ਲਿਖੇ ਭਾਰਤੀ ਸੰਵਿਧਾਨ ਅਤੇ ਉਨ੍ਹਾਂ ਦੀ ਸਮਾਜਿਕ ਵਿਚਾਰਧਾਰਾ 'ਤੇ ਖੁੱਲ੍ਹ ਕੇ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਵੱਖ-ਵੱਖ ਸਾਹਿਤਕਾਰਾਂ ਵੱ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ ਗਈਆਂ। ਆਪਣੇ ਪ੍ਰਧਾਨਗੀ ਭਾਸ਼ਣ ਦੌਰਾਨ ਅਨੋਖ ਸਿੰਘ ਵਿਰਕ ਨੇ ਕਿਹਾ ਕਿ ਬਾਬਾ ਸਾਹਿਬ ਦੇ ਵਿਚਾਰ ਅੱਜ ਦੇ ਸਮੇਂ ਵਿੱਚ ਵੀ ਬਹੁਤ ਹੀ ਸਾਰਥਕ ਹਨ ਅ ਸਾਨੂੰ ਉਨ੍ਹਾਂ ਦੀ ਸੋਚ ਨੂੰ ਅਪਣਾਉਂਦਿਆਂ ਛੂਤ-ਛਾਤ, ਜਾਤ-ਪਾਤ, ਊਚ-ਨੀਚ ਅਤੇ ਆਰਥਿਕ ਅਸਮਾਨਤਾ ਤੋਂ ਰਹਿਤ ਸਮਾਜ ਦੀ ਰਚਨਾ ਲਈ ਯਤਨ ਕਰਨੇ ਚਾਹੀਦੇ ਹਨ।ਸਮਾਗਮ ਦੌਰਾਨ ਇੱਕ ਵਿਸ਼ਾਲ ਕਵੀ ਦਰਬਾਰ ਦਾ ਵੀ ਆਯੋਜਨ ਕੀਤਾ ਗਿਆ। ਇਸ ਵਿੱਚ ਗੁਰਮੁਖ ਸਿੰਘ ਦਿਲਬਰ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਰਚਨਾ ਪੇਸ਼ ਕਰਦਿਆਂ ਸਿੱਖ ਇਤਿਹਾਸ ਅਤੇ ਵਿਰਸੇ ਦੀ ਮਹੱਤਤਾ ਨੂੰ ਰੋਸ਼ਨ ਕੀਤਾ। ਪਵਨ ਹੋਸ਼ੀ ਨੇ 13 ਅਪ੍ਰੈਲ 1919 ਦੇ ਜਲ੍ਹਿਆਂਵਾਲਾ ਬਾਗ ਸਾਕੇ ਦਾ ਯਾਦ ਤਾਜ਼ਾ ਕਰਵਾਈ ਅਤੇ ਕਿਹਾ ਕਿ ਜਿਹੜੀਆਂ ਕੌਮਾਂ ਆਪਣਾ ਇਤਿਹਾਸ ਭੁੱਲ ਜਾਂਦੀਆਂ ਹਨ, ਉ ਆਪਣੀ ਪਛਾਣ ਗੁਆ ਬੈਠਦੀਆਂ ਹਨ।ਬਾਲ ਕਲਾਕਾਰ ਖੁਸ਼ਲੀਨ ਸ਼ਰਮਾ ਨੇ ਵਿਸਾਖੀ ਨੂੰ ਸਮਰਪਿਤ ਆਪਣੀ ਇਤਿਹਾਸਕ ਰਚਨਾ ਨਾਲ ਦਰਸ਼ਕਾਂ ਨੂੰ ਮੰਤਰਮੁਗਧ ਕਰ ਦਿੱਤਾ। ਇਸ ਮੌਕੇ ਸ਼ਸ਼ੀ ਬਾਲਾ ਜਗਤਾਰ ਸਿੰਘ ਸਕਰੌਦੀ, ਸੁਖਵਿੰਦਰ ਸਿੰਘ ਬਲਿਆਲ, ਹਰਵੀਰ ਸਿੰਘ ਬਾਗੀ, ਗਿਆਨ ਸਿੰਘ (ਰਿਟਾਇਰਡ ਬੀ.ਪੀ.ਈ.ਓ.), ਪਰਮਿੰਦਰ ਸਿੰਘ ਸੰਗਰੂਰ, ਬਹਾਦਰ ਸਿੰਘ ਧੋਲਾ, ਸਰਬਜੀਤ ਸੰਗਰੂਰਵੀ, ਰਾਜੀਵ ਜਿੰਦਲ, ਗੁਰਜੰਟ ਬੰਬੜ, ਕਾਕਾ ਅਵਤਾਰ ਸਿੰਘ ਬਾਲਦ ਕਲਾਂ, ਗੋਪਾਲ ਕ੍ਰਿਸ਼ਣ ਸ਼ਰਮਾ, ਗੁਰੀ ਚੰਦੜ, ਰਣਜੀਤ ਆਜ਼ਾਦ ਕਾਂਝਲਾ, ਬਲਜੀਤ ਸਿੰਘ ਬਾਂਸਲ ਧੂਰੀ, ਚਰਨਜੀਤ ਪਟਵਾਰੀ, ਰਜਿੰਦਰ ਚੋਪੜਾ, ਗੁਰਤੇਜ ਸਿੰਘ ਅਤੇ ਗੁਰਜੰਟ ਸਿੰਘ ਨੇ ਵੀ ਆਪਣੀਆਂ ਰਚਨਾਵਾਂ ਰਾਹੀਂ ਹਾਜ਼ਰੀ ਲਗਵਾਈ। ਮੰਚ ਦਾ ਸੰਚਾਲਨ ਕੁਲਵੰਤ ਖਨੌਰੀ ਵੱਲੋਂ ਬੜੇ ਸੁਚੱਜੇ ਢੰਗ ਨਾਲ ਕੀਤਾ ਗਿਆ



# ਮੋਟਰਸਾਈਕਲ ਸਵਾਰ ਲੁਟੇਰੇ ਨੇ ਵਿਅਕਤੀ ਦਾ ਗੀਝਾ (ਜੇਬ) ਝਪਟਿਆ

Desi Punjab YouTube www.desipunjab.in

ਤਪਾ ਮੰਡੀ, 13 ਅਪ੍ਰੈਲ(ਅਮਨ ਧੀਮਾਨ)- ਇਲਾਕੇ ਅੰਦਰ ਗੀਝਾ ਝਪਟਣ ਦੀਆਂ ਘਟਨਾਵਾਂ ਰੁਕਣ ਦਾ ਨਾਂਅ ਹੀ ਨਹੀਂ ਲੈ ਰਹੀਆਂ, ਬਲਕਿ ਦਿਨ ਬ ਦਿਨ ਇਨ੍ਹਾਂ ਘਟਨਾਵਾਂ 'ਚ ਵਾਧਾ ਹੁੰਦਾ ਜਾ ਰਿਹਾ ਹੈ। ਜਿਸ ਕਾਰਨ ਸ਼ਹਿਰ ਵਾਸੀਆਂ 'ਚ ਸਹਿਮ ਦਾ ਮਾਹੌਲ 'ਚ ਹਨ। ਉਧਰ ਦੂਜੇ ਪਾਸੇ ਪੁਲਿਸ ਵੀ ਇਹਨਾਂ ਲੁਟੇਰਿਆਂ ਅੱਗੇ ਬਿਲਕੁਲ ਬੇਵੱਸ ਦਿਖਾਈ ਦੇ ਰਹੀ ਹੈ। ਦੱਸ ਦੇਈਏ ਕਿ ਇਸ ਤੋਂ ਪਹਿਲਾਂ ਵੀ ਇਲਾਕੇ ਅੰਦਰ ਗੀਝਾ ਝਪਟਣ ਦੀਆਂ ਅਨੇਕਾਂ ਘਟਨਾਵਾਂ ਵਾਪਰ ਚੁੱਕੀਆਂ ਹਨ।ਜਿਨ੍ਹਾਂ ਨੂੰ ਲੱਭਣ 'ਚ ਅਜੇ ਤੱਕ ਪੁਲਿਸ ਨਾਕਾਮ ਸਾਬਿਤ ਹੋਈ ਹੈ।ਜਾਣਕਾਰੀ ਅਨੁਸਾਰ ਗੁਰਤੇਜ ਸਿੰਘ ਵਾਸੀ ਘੜੈਲਾ ਆਪਣੀ ਪਤਨੀ ਅਤੇ ਪੋਤੇ ਨਾਲ ਸਕੂਟੀ ‘ਤੇ ਸਵਾਰ ਹੋ ਕੇ ਤਪਾ ਤੋਂ ਆਪਣੇ ਪਿੰਡ ਜਾ ਰਹੇ ਸਨ। ਜਦੋਂ ਉਹ ਨਾਮਦੇਵ ਮਾਰਗ ‘ਤੇ ਐਫ.ਸੀ.ਆਈ. ਦੇ ਗੋਦਾਮਾਂ ਨਜ਼ਦੀਕ ਪੁੱਜੇ ਤਾਂ ਪਿੱਛੋਂ ਆ ਰਹੇ ਇੱਕ ਮੋਟਰਸਾਈਕਲ ਲੁਟੇਰੇ ਨੇ ਉਨ੍ਹਾਂ ਦਾ ਗੀਝੇ ਵਿਚ ਪਾਇਆ ਹੋਇਆ ਬਟੂਆ ਝਪਟ ਲਿਆ। ਜਿਸ ਵਿਚ ਲਗਭਗ 5 ਹਜ਼ਾਰ ਰੁਪਏ ਅਤੇ ਜ਼ਰੂਰੀ ਕਾਗਜ਼ਾਤ ਸਨ।

ਵਾਰਦਾਤ ਤੋਂ ਬਾਅਦ ਲੁਟੇਰਾ ਮੋਟਰਸਾਈਕਲ ‘ਤੇ ਰਾਮਪੁਰਾ ਵੱਲ ਭੱਜਣ ਵਿੱਚ ਕਾਮਯਾਬ ਹੋ ਗਿਆ। ਇਹ ਘਟਨਾ ਇਲਾਕੇ ਦੇ ਕਈ ਸੀ ਸੀ ਟੀ ਵੀ ਕੈਮਰਿਆਂ 'ਚ ਕੈਦ ਹੋ ਚੁੱਕੀ ਹੈ।

ਫਿਲਹਾਲ ਉਹਨਾਂ ਇਸ ਘਟਨਾ ਸਬੰਧੀ ਤਪਾ ਸਿਟੀ ਪੁਲਿਸ ਨੂੰ ਸੂਚਿਤ ਕਰ ਦਿੱਤਾ ਹੈ।



# ਆਉਣ ਵਾਲੀ ਬੀਐੱਸਐੱਫ ਦੁਆਰਾ ਆਯੋਜਿਤ ਮੈਰਾਥਨ ਵਿੱਚ ਵੀ ਪੂਰਾ ਸਹਿਯੋਗ ਰਹੇਗਾ- ਰੀਨਾ ਜੈਤਲੀ

Desi Punjab YouTube www.desipunjab.in

ਅੰਮ੍ਰਿਤਸਰ, 13 ਅਪ੍ਰੈਲ (ਰਣਜੀਤ ਸਿੰਘ ਮਸੌਣ/ ਅਮਿਤਾ/ ਸੁਰਿੰਦਰ ਸਿੰਘ)- ਕੇਂਦਰੀ ਪੈਟਰੋਲੀਅਮ ਮੰਤਰਾਲੇ, ONGC ਵਿਭਾਗ ਦੀ ਨਿਰਦੇਸ਼ਕ ਰੀਨਾ ਜੈਤਲੀ ਨੇ ਅੱਜ ਇੱਕ ਵਿਸ਼ੇਸ਼ ਮੀਟਿੰਗ ਦੌਰਾਨ, ਜੇ.ਸੀ.ਪੀ. ਅਟਾਰੀ, ਬੀ ਐੱਸ ਐੱਫ ਦੇ ਡੀ.ਆਈ.ਜੀ. ਸ਼੍ਰੀ ਐਸ.ਐਸ. ਚੰਦੇਲ ਨਾਲ ਇੱਕ ਵਿਸ਼ੇਸ਼ ਮੁਲਾਕਾਤ ਦੌਰਾਨ ਕਿਹਾ ਕਿ ਆਉਣ ਵਾਲੀ ਬੀ.ਐੱਸ.ਐੱਫ ਦੁਆਰਾ ਆਯੋਜਿਤ ਮੈਰਾਥਨ ਵਿੱਚ ਵੀ ਪੂਰਾ ਸਹਿਯੋਗ ਰਹੇਗਾ।

ਇਹ ਧਿਆਨ ਦੇਣ ਯੋਗ ਹੈ ਕਿ 22 ਫ਼ਰਵਰੀ 2026 ਨੂੰ ਬੀ.ਐੱਸ.ਐੱਫ ਦੁਆਰਾ ਆਯੋਜਿਤ ਪੰਜਵੀਂ ਮੈਰਾਥਨ ਵਿੱਚ, ਸ਼੍ਰੀਮਤੀ ਰੀਨਾ ਜੈਤਲੀ ਜੀ ਨੇ ਆਪਣੇ ਵਿਸ਼ੇਸ਼ CSR ਫੰਡ ਵਿੱਚੋਂ 10 ਲੱਖ ਰੁਪਏ ਦੇਣ ਦਾ ਐਲਾਨ ਕੀਤਾ ਸੀ, ਜਿਸ ਨਾਲ ਇਸ ਮੈਰਾਥਨ ਨੂੰ ਸਹਿਯੋਗ ਮਿਲਿਆ। ਕੁੱਝ ਦਿਨਾਂ ਵਿੱਚ, ਉਨ੍ਹਾਂ ਨੇ ਬੀ.ਐੱਸ.ਐੱਫ ਨੂੰ ਇਹ ਫੰਡ ਦਿਵਾਉਣ ਵਿੱਚ ਆਪਣਾ ਅਨਮੋਲ ਸਹਿਯੋਗ ਦਿੱਤਾ, ਜਿਸ ਕਾਰਨ ਮੈਰਾਥਨ ਦੇ ਸੰਚਾਲਨ ਵਿੱਚ ਕਾਫ਼ੀ ਸੁਵਿਧਾ ਹੋਈ। ਰੀਨਾ ਜੈਤਲੀ ਨੇ ਕਿਹਾ ਕਿ ਇਸ ਵਾਰ ਆਯੋਜਿਤ ਪੰਜਵੀਂ ਮੈਰਾਥਨ ਵਿੱਚ 14,000 ਭਾਗੀਦਾਰ ਸਨ।ਇਸ ਮੈਰਾਥਨ ਦਾ ਆਯੋਜਨ ਭਾਰਤ ਦੇ ਸਫ਼ਲ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਦੇ ਵਿਸ਼ੇਸ਼ ਆਗ੍ਰਹਿ 'ਤੇ ਹੋਇਆ ਹੈ, ਜਿਸ ਵਿੱਚ ਪ੍ਰਧਾਨ ਮੰਤਰੀ ਜੀ ਵਿਸ਼ੇਸ਼ ਰੁਚੀ ਲੈ ਰਹੇ ਹਨ। ਇਸ ਆਯੋਜਨ ਦਾ ਉਦੇਸ਼ ਸੀਮਾਂਤ ਜ਼ਿਲ੍ਹਿਆਂ ਦੇ ਨੌਜ਼ਵਾਨਾਂ ਨੂੰ ਖੇਡ ਮੁਕਾਬਲਿਆਂ ਨਾਲ ਜੋੜਨਾ ਹੈ, ਅਤੇ ਇਸ ਮੈਰਾਥਨ ਰਾਹੀਂ ਉਨ੍ਹਾਂ ਨੂੰ ਨਸ਼ੇ ਦੀ ਦਲਦਲ ਤੋਂ ਦੂਰ ਕਰਨਾ ਹੈ। ਇਸ ਮੈਰਾਥਨ ਵਿੱਚ ਜੇਤੂਆਂ ਨੂੰ 25 ਲੱਖ ਰੁਪਏ ਦੇ ਇਨਾਮ ਵੰਡੇ ਗਏ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਇਨਾਮ ਨਗਦ ਅਤੇ ਹੋਰ ਕੀਮਤੀ ਤੋਹਫ਼ਿਆਂ ਦੇ ਰੂਪ ਵਿੱਚ ਦਿੱਤੇ ਗਏ। ਇਸ ਲਈ ਬੀ.ਐੱਸ.ਐੱਫ ਅਟਾਰੀ ਬਾਰਡਰ ਦੇ ਸਮੂਹ ਅਧਿਕਾਰੀ ਅਤੇ ਜਵਾਨ ਵਧਾਈ ਦੇ ਪਾਤਰ ਹਨ।

ਇਸ ਮੌਕੇ 'ਤੇ ਸਨਾਤਨ ਧਰਮ ਸੁਰੱਖਿਆ ਪਰਿਸ਼ਦ ਦੇ ਕੌਮੀ ਪ੍ਰਧਾਨ, ਗਓਭਗਤ ਸ਼ਿਰੋਮਣੀ, ਧਰਮਧਵਜ ਵਾਹਕ, ਪ੍ਰਸਿੱਧ ਗੌਕਥਾ ਵਾਚਕ, ਭਗਵਾਨ ਸ਼੍ਰੀ ਕ੍ਰਿਸ਼ਨ ਜੀ ਰਾਧਾ ਰਾਣੀ ਜੀ ਦੇ ਪਰਮ ਭਗਤ, ਗੌਸੇਵਕ ਪੰਡਿਤ ਅਵਨ ਪਰਾਸ਼ਰ ਜੀ ਮਹਾਰਾਜ ਮੌਜੂਦ ਸਨ। ਮਹਾਰਾਜ ਜੀ ਨੇ ਕਿਹਾ ਜਿੱਥੇ ਪੈਟਰੋਲੀਅਮ ਮੰਤਰਾਲੇ, ONGC ਵਿਭਾਗ ਦੀ ਨਿਰਦੇਸ਼ਕ ਰੀਨਾ ਜੈਤਲੀ ਅਤੇ ਡੀ.ਆਈ.ਜੀ. ਚੰਦੇਲ ਜੀ ਨੂੰ ਮੈਰਾਥਨ ਦੇ ਆਯੋਜਨ ਦੀ ਸਫ਼ਲਤਾ 'ਤੇ ਵਧਾਈ ਦਿੱਤੀ, ਉੱਥੇ ਹੀ ਸਮੂਹ ਨਗਰ ਨਿਵਾਸੀਆਂ ਨੂੰ ਆਉਣ ਵਾਲੀ ਫ਼ਰਵਰੀ 2027 ਵਿੱਚ ਆਯੋਜਿਤ ਹੋਣ ਵਾਲੀ ਛੇਵੀਂ ਮੈਰਾਥਨ ਨੂੰ ਵਿਸ਼ਵ ਪੱਧਰੀ ਮੈਰਾਥਨ ਬਣਾਉਣ ਵਿੱਚ ਬੀ.ਐੱਸ.ਐਫ ਅਧਿਕਾਰੀਆਂ ਨੂੰ ਪੂਰਾ ਸਹਿਯੋਗ ਦੇਣ ਦੀ ਅਪੀਲ ਕੀਤੀ। ਇਸ ਮੌਕੇ ਕਮਾਂਡੈਂਟ ਕਮਲ ਯਾਦਵ ਅਤੇ ਡਿਪਟੀ ਕਮਾਂਡੈਂਟ ਸ. ਅਮਰਦੀਪ ਸਿੰਘ ਸੰਧੂ ਸਮੇਤ ਬੀ.ਐੱਸ.ਐਫ ਦੇ ਅਧਿਕਾਰੀ ਅਤੇ ਜਵਾਨ ਮੌਜੂਦ ਸਨ।



# ਸ਼ਿਵ ਸੇਨਾ ਹਿੰਦ ਦੇ ਪ੍ਰਧਾਨ ਨਿਸ਼ਾਨ ਸ਼ਰਮਾ ਵੱਲੋਂ ਗਊ ਰੱਖਿਆ ਕਰਨ ਵਾਲੇ ਯੋਧਿਆ ਨੂੰ ਕੀਤਾ ਗਿਆ ਸਨਮਾਨਿਤ, ਸ਼ਿਵ ਸੇਨਾ ਹਿੰਦ ਦੇ ਪ੍ਰਧਾਨ ਨਿਸ਼ਾਂਤ ਸ਼ਰਮਾ ਨੇ ਕੀਤਾ ਖੁੱਲਾ ਐਲਾਨ



Desi Punjab YouTube www.desipunjab.in

ਰਾਜਪੁਰਾ,13 ਅਪ੍ਰੈਲ (ਹਿਮਾਂਸ਼ੂ ਹੈਰੀ):ਸ਼ਿਵ ਸੇਨਾ ਹਿੰਦ ਅਤੇ ਰਾਸ਼ਟਰੀ ਗਊ ਰਕਸ਼ਾ ਦਲ ਵੱਲੋਂ ਅੱਜ ਸਾਂਝੇ ਤੌਰ ਤੇ ਰਾਜਪੁਰਾ ਤੋਂ ਰਾਜੀਵ ਕੁਕਰੇਜਾ ਦੀ ਅਗਵਾਈ ਵਿੱਚ ਸੈਂਕੜੇ ਨੌਜਵਾਨਾਂ ਨੂੰ ਸ਼ਿਵ ਸੇਨਾ ਹਿੰਦ ਦੇ ਨਾਲ ਜੋੜਿਆ ਗਿਆ। ਇਸ ਸੰਬੰਧ ਵਿੱਚ ਜਾਣਕਾਰੀ ਦਿੰਦੇ ਹੋਏ ਸ਼ਿਵ ਸੇਨਾ ਹਿੰਦ ਦੇ ਪ੍ਰਧਾਨ ਨਿਸ਼ਾਤ੍ ਸ਼ਰਮਾ ਨੇ ਕਿਹਾ ਕਿ ਅੱਜ ਦੇ ਇਸ ਸਮੇਂ ਵਿੱਚ ਸਾਨੂੰ ਹਿੰਦੂਆਂ ਨੂੰ ਇਕੱਠੇ ਹੋਣ ਦੀ ਬਹੁਤ ਜਰੂਰਤ ਹੈ।

ਜੋਕਿ ਅਸੀਂ ਇੱਕ ਜੁਠ ਹੋ ਕੇ ਗਊ ਮਾਤਾ ਦੀ ਰਕਸ਼ਾ ਕਰ ਸਕੀਏ। ਉਹਨਾਂ ਨੇ ਗਊ ਤਸਕਰਾਂ ਨੂੰ ਸਿੱਧੇ ਤੌਰ ਤੇ ਚੇਤਾਵਨੀ ਦਿੱਤੀ ਕੀ ਤੁਹਾਨੂੰ ਜਲਦ ਹੀ ਸਲਾਖਾਂ ਦੇ ਪਿੱਛੇ ਪਹੁੰਚਾਇਆ ਜਾਵੇਗਾ। ਉਹਨਾਂ ਨੇ ਸਰਕਾਰ ਨੂੰ ਵੀ ਚੇਤਾਵਨੀ ਦਿੱਤੀ ਕਿ ਅਗਰ ਗਊ ਧਨ ਵਾਸਤੇ ਜੇ ਉਚਿਤ ਕਦਮ ਨਹੀਂ ਚੁੱਕੇ ਗਏ ਤਾਂ ਉਹ ਜਲਦ ਹੀ ਦਿੱਲੀ ਵਿੱਚ ਜਾ ਕੇ ਧਰਨਾ ਦੇਣਗੇ। ਅੱਜ ਦੇ ਇਸ ਵਿਸ਼ੇਸ਼ ਪ੍ਰੋਗਰਾਮ ਵਿੱਚ ਨਿਸ਼ਾਨਤ ਸ਼ਰਮਾ ਵੱਲੋਂ ਗਊ ਰੱਖਿਆ ਕਰਨ ਵਾਲੇ ਯੋਧਿਆ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਵੀ ਕੀਤਾ ਗਿਆ।

# ਕੇਂਦਰੀ ਟੀਮ ਵੱਲੋਂ ਬੱਸੀ ਪਠਾਣਾਂ ਮੰਡੀ ਦਾ ਦੌਰਾ, ਪ੍ਰਭਾਵਿਤ ਕਣਕ ਦੇ ਨਮੂਨੇ ਇਕੱਠੇ ਖਰੀਦ ਸਬੰਧੀ ਫੈਸਲਾ ਜਲਦ ਹੋਣ ਦੀ ਉਮੀਦ



ਬੱਸੀ ਪਠਾਣਾਂ, 13 ਅਪ੍ਰੈਲ (ਚੰਨਪ੍ਰੀਤ ਪਨੇਸਰ):- ਪ੍ਰਭਾਵਿਤ ਕਣਕ ਦੀ ਫਸਲ ਦਾ ਮੁਲਾਂਕਣ ਕਰਨ ਲਈ ਕੇਂਦਰੀ ਖੁਰਾਕ ਮੰਤਰਾਲੇ ਦੀ ਟੀਮ ਵੱਲੋਂ ਅੱਜ ਸਥਾਨਕ ਅਨਾਜ ਮੰਡੀ ਦਾ ਦੌਰਾ ਕੀਤਾ ਗਿਆ। ਟੀਮ ਨੇ ਮੰਡੀ ਵਿੱਚ ਕਿਸਾਨਾਂ ਦੇ ਢੇਰਾਂ ਤੋਂ ਕਣਕ ਦੇ ਨਮੂਨੇ ਇਕੱਠੇ ਕਰਕੇ ਜਾਂਚ ਲਈ ਭੇਜੇ।ਟੀਮ ਦੇ ਸੀਨੀਅਰ ਅਧਿਕਾਰੀਆਂ ਨੇ ਦੱਸਿਆ ਕਿ ਇਕੱਠੇ ਕੀਤੇ ਸੈਂਪਲਾਂ ਦੀ ਜਾਂਚ ਤੋਂ ਬਾਅਦ ਕਣਕ ਦੀ ਖਰੀਦ ਸਬੰਧੀ ਜਲਦੀ ਹੀ ਫੈਸਲਾ ਲਿਆ ਜਾਵੇਗਾ। ਇਸ ਮੌਕੇ ਫੈਡਰੇਸ਼ਨ ਆਫ ਆੜ੍ਹਤੀਆ ਐਸੋਸੀਏਸ਼ਨ ਦੇ ਸਟੇਟ ਪ੍ਰੈਸ ਸਕੱਤਰ ਰਾਜੇਸ਼ ਸਿੰਗਲਾ ਨੇ ਕੇਂਦਰੀ ਟੀਮ, ਐਫਸੀਆਈ ਅਤੇ ਡੀਐਫਐਸਸੀ ਅਧਿਕਾਰੀ ਮੈਡਮ ਮੀਨਾਕਸ਼ੀ ਨੂੰ ਜਾਣਕਾਰੀ ਦਿੱਤੀ ਕਿ ਇਸ ਸਾਲ ਬੇਮੌਸਮੀ ਮੀਂਹ ਕਾਰਨ ਕਣਕ ਦੀ ਫਸਲ ਕਾਫ਼ੀ ਪ੍ਰਭਾਵਿਤ ਹੋਈ ਹੈ।

ਡੀਐਫਐਸਸੀ ਮੈਡਮ ਮੀਨਾਕਸ਼ੀ ਨੇ ਉਮੀਦ ਜਤਾਈ ਕਿ ਕੇਂਦਰੀ ਟੀਮ ਵੱਲੋਂ ਜਲਦ ਹੀ ਆਪਣੀ ਰਿਪੋਰਟ ਤਿਆਰ ਕਰਕੇ ਸਰਕਾਰ ਨੂੰ ਭੇਜੀ ਜਾਵੇਗੀ, ਜਿਸ ਤੋਂ ਬਾਅਦ ਪ੍ਰਭਾਵਿਤ ਕਿਸਾਨਾਂ ਨੂੰ ਰਾਹਤ ਮਿਲਣ ਦੀ ਸੰਭਾਵਨਾ ਹੈ।ਇਸ ਮੌਕੇ ਜ਼ਿਲ੍ਹਾ ਖੁਰਾਕ ਸਪਲਾਈ ਵਿਭਾਗ ਦੇ ਕੰਟਰੋਲਰ ਮੈਡਮ ਮੀਨਾਕਸ਼ੀ, ਐਫ.ਸੀ.ਆਈ. ਇੰਸਪੈਕਟਰ ਅਜੀਤ ਪ੍ਰਭਾਕਰ, ਪਨਗ੍ਰੇਨ ਇੰਸਪੈਕਟਰ ਯਾਦਵਿੰਦਰ ਸਿੰਘ, ਗੁਰਦੀਪ ਸਿੰਘ, ਅਸ਼ਵਨੀ ਸ਼ਰਮਾ, ਵੇਅਰਹਾਊਸ ਮੈਨੇਜਰ ਵਰੁਣ ਕੁਮਾਰ, ਮਨਮੀਤ ਸਿਆਲ, ਵੇਅਰਹਾਊਸ ਇੰਸਪੈਕਟਰ ਨੇਹਾ, ਇੰਸਪੈਕਟਰ ਅਮਨ, ਸੂਬਾ ਪ੍ਰੈਸ ਸਕੱਤਰ ਰਾਜੇਸ਼ ਸਿੰਗਲਾ, ਮੰਡੀ ਪ੍ਰਧਾਨ ਹਰਜੀਤ ਸਿੰਘ ਚੀਮਾ, ਆੜ੍ਹਤੀਆ ਬਲਦੇਵ ਸਿੰਘ, ਹਰਵਿੰਦਰ ਸਿੰਘ ਧਾਲੀਵਾਲ, ਕਰਨਵੀਰ ਸਿੰਘ, ਸ਼ੁਭਾਂਸ਼ੂ ਜਿੰਦਲ, ਵਿਸ਼ਾਲ ਗੁਪਤਾ, ਹੇਮਰਾਜ ਨੰਦਾ, ਗੌਰਵ ਗੁਪਤਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ, ਆੜ੍ਹਤੀਆ, ਮਜ਼ਦੂਰ ਅਤੇ ਸਰਕਾਰੀ ਖਰੀਦ ਏਜੰਸੀਆਂ ਦੇ ਹੋਰ ਅਧਿਕਾਰੀ ਵੀ ਮੌਜੂਦ ਸਨ।

# ਪੰਜਾਬ ਨੈਸ਼ਨਲ ਬੈਂਕ 'ਚ ਸਥਾਪਨਾ ਦਿਵਸ ਮਨਾਇਆ




ਤਪਾਮੰਡੀ,13ਅਪ੍ਰੈਲ(ਧੀਮਾਨ)- ਪੰਜਾਬ ਨੈਸ਼ਨਲ ਬੈਂਕ ਤਪਾ ਸ਼ਾਖਾ 'ਚ ਬੈਂਕ ਦਾ ਸਥਾਪਨਾ ਦਿਵਸ ਬੈਂਕ ਮੈਨੇਜਰ ਮੁਕੇਸ਼ ਖਟਿਕ ਦੀ ਨਿਗਰਾਨੀ ਹੇਠ ਮਨਾਇਆ ਗਿਆ।ਸਮਾਗਮ ਦੌਰਾਨ ਮੁਖੀ ਮੈਨੇਜਰ ਮੁਕੇਸ਼ ਖੱਟਿਕ ਨੇ ਆਪਣੇ ਸੰਬੋਧਨ ਵਿਚ ਬੈਂਕ ਦੀ ਸਥਾਪਨਾ ਤੋਂ ਲੈ ਕੇ ਅੱਜ ਤੱਕ ਦੇ ਸਫਰ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਬੈਂਕ ਹਮੇਸ਼ਾਂ ਗਾਹਕਾਂ ਨੂੰ ਵਧੀਆ ਅਤੇ ਭਰੋਸੇਯੋਗ ਸੇਵਾਵਾਂ ਦੇਣ ਲਈ ਵਚਨਬੱਧ ਰਿਹਾ ਹੈ। ਉਨ੍ਹਾਂ ਸਟਾਫ਼ ਨੂੰ ਅਪੀਲ ਕੀਤੀ ਕਿ ਗਾਹਕ ਸੇਵਾ ਨੂੰ ਹੋਰ ਬਿਹਤਰ ਬਣਾਉਣ ਲਈ ਮਿਲਜੁਲ ਕੇ ਕੰਮ ਕੀਤਾ ਜਾਵੇ।ਇਸ ਮੌਕੇ ਇੱਕ ਗਾਹਕ ਨੇ ਆਪਣੇ ਬਿਆਨ ਵਿਚ ਕਿਹਾ ਕਿ ਬੈਂਕ ਵਲੋ ਦਿੱਤੀਆਂ ਜਾਂਦੀਆਂ ਸੇਵਾਵਾਂ ਦੀ ਜਿੰਨੀ ਸ਼ਲਾਘਾ ਕੀਤੀ ਜਾਵੇ, ਉਨੀ ਥੋੜ੍ਹੀ ਹੈ।ਉਨ੍ਹਾਂ ਬੈਂਕ ਪ੍ਰਬੰਧਨ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਸਮਾਗਮ ਲੋਕਾਂ ਵਿਚ ਵਿਸ਼ਵਾਸ ਵਧਾਉਂਦੇ ਹਨ। ਇਸ ਮੌਕੇ ਵਾਈਸ ਮੈਨੇਜਰ ਰੋਹਤਾਸ ਚੌਧਰੀ, ਧਰਮਪਾਲ, ਸੁਭਾਸ ਕੁਮਾਰ, ਦੀਪ ਮਾਲਾ, ਜੋਗਿੰਦਰ ਕੋਰ ਅਤੇ ਲਵਪ੍ਰੀਤ ਕੋਰ ਸਮੇਤ ਸਾਰੇ ਕਰਮਚਾਰੀ ਹਾਜ਼ਰ ਸਨ। ਸਮਾਗਮ ਮੌਕੇ ਬੈਂਕ ਦੀ ਇਮਾਰਤ ਨੂੰ ਰੰਗ-ਬਰੰਗੇ ਗੁਬਾਰਿਆਂ, ਲੜੀਆਂ ਅਤੇ ਸਜਾਵਟੀ ਸਮਾਨ ਨਾਲ ਸੁੰਦਰ ਢੰਗ ਨਾਲ ਸਜਾਇਆ ਗਿਆ ਸੀ, ਜਿਸ ਨਾਲ ਪੂਰਾ ਮਾਹੌਲ ਤਿਉਹਾਰੀ ਰੰਗ ਵਿਚ ਰੰਗਿਆ ਹੋਇਆ ਦਿਖਾਈ ਦੇ ਰਿਹਾ ਸੀ।

# ਪੈਸੇ ਨਾ ਮਿਲਨ ਕਰਕੇ ਖਾਤਾਧਾਰਕਾਂ ਵੱਲੋਂ ਰੋਸ ਪ੍ਰਦਰਸ਼ਨ



ਤਪਾ ਮੰਡੀ,13 ਅਪ੍ਰੈਲ( ਧੀਮਾਨ)- ਇਲਾਕੇ ਦੇ ਅੰਦਰਲੇ ਬੱਸ ਸਟੈਂਡ ਤੇ ਸਥਿਤ ਪੀ.ਐਨ.ਬੀ ਬੈਂਕ ਬਰਾਂਚ ਤਪਾ ਚੋਂ ਪੈਸੇ ਨਾ ਮਿਲਣ ਕਾਰਨ ਦੁਖੀ ਖਾਤਾਧਾਰਕਾਂ ਨੇ ਬੈਂਕ ਅੰਦਰ ਬੈਠ ਕੇ ਰੋਸ ਪ੍ਰਦਰਸ਼ਨ ਕੀਤਾ।ਜਾਣਕਾਰੀ ਦਿੰਦਿਆਂ ਖਾਤਾਧਾਰਕ ਗੁਰਵਿੰਦਰ ਸਿੰਘ ਪੁੱਤਰ ਦਰਸ਼ਨ ਸਿੰਘ,ਕਾਲਾ ਸਿੰਘ, ਭਜਨੋ ਦੇਵੀ ਅਤੇ ਹਰਬੰਸ ਸਿੰਘ ਆਦਿ ਨੇ ਦੱਸਿਆ ਕਿ ਉਹ ਆਪਣੇ ਖਾਤਿਆਂ ਵਿਚੋਂ ਵੱਡੀ ਰਕਮ ਕਢਵਾਉਣ ਲਈ ਬੈਂਕ ਆਏ ਸਨ, ਪਰ ਬੈਂਕ ਮੈਨੇਜਰ ਵੱਲੋਂ ਸਿਰਫ਼ 50 ਹਜ਼ਾਰ ਰੁਪਏ ਹੀ ਜਾਰੀ ਕਰਨ ਦੀ ਗੱਲ ਕਹੀ ਜਾ ਰਹੀ ਹੈ।ਜਦਕਿ ਇਸ ਸਮੇਂ ਕਣਕ ਦੀ ਕਟਾਈ ਦਾ ਸੀਜ਼ਨ ਚੱਲ ਰਿਹਾ ਹੈ ਅਤੇ ਉਨ੍ਹਾਂ ਨੂੰ ਮਜ਼ਦੂਰਾਂ ਨੂੰ ਭੁਗਤਾਨ ਕਰਨ ਅਤੇ ਹੋਰ ਜ਼ਰੂਰੀ ਖਰਚਿਆਂ ਲਈ ਤੁਰੰਤ ਰਕਮ ਦੀ ਲੋੜ ਹੈ। ਪਰ ਬੈਂਕ ਵੱਲੋਂ ਪੂਰੀ ਰਕਮ ਨਾ ਦੇਣ ਕਾਰਨ ਉਹਨਾਂ ਨੂੰ ਕਾਫ਼ੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਜਿਸ ਕਾਰਨ ਉਨ੍ਹਾਂ ਵਿਚ ਨਾਰਾਜ਼ਗੀ ਵਧ ਰਹੀ ਹੈ।ਜਦੋਂ ਇਸ ਮਾਮਲੇ ਬਾਰੇ ਬੈਂਕ ਮੈਨੇਜਰ ਮੁਕੇਸ਼ ਖਟਿਕ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਨੇ ਕਿਹਾ ਕਿ ਬੈਂਕ ਦੇ ਸਿਸਟਮ ਵਿਚ ਕਨੈਕਟਿਵਿਟੀ ਦੀ ਸਮੱਸਿਆ ਆ ਰਹੀ ਹੈ ਅਤੇ ਇਹ ਸਮੱਸਿਆ ਸਿਰਫ਼ ਇੱਕ ਬੈਂਕ ਤੱਕ ਸੀਮਿਤ ਨਹੀਂ, ਸਗੋਂ ਸੂਬੇ ਦੇ ਸਾਰੇ ਬੈਂਕਾਂ ਵਿਚ ਆ ਰਹੀ ਹੈ। ਉਨ੍ਹਾਂ ਨੇ ਦੱਸਿਆ ਕਿ ਇਸ ਕਾਰਨ ਪੇਮੈਂਟ ਪ੍ਰਕਿਰਿਆ ਪ੍ਰਭਾਵਿਤ ਹੋ ਰਹੀ ਹੈ ਅਤੇ ਇਸੇ ਲਈ ਗਾਹਕਾਂ ਨੂੰ ਥੋੜ੍ਹੀ-ਥੋੜ੍ਹੀ ਰਕਮ ਦਿੱਤੀ ਜਾ ਰਹੀ ਹੈ। ਫਿਲਹਾਲ, ਖਾਤਾ ਧਾਰਕਾਂ ਵੱਲੋਂ ਮੰਗ ਕੀਤੀ ਜਾ ਰਹੀ ਹੈ ਕਿ ਬੈਂਕ ਜਲਦ ਤੋਂ ਜਲਦ ਇਸ ਸਮੱਸਿਆ ਦਾ ਹੱਲ ਕਰੇ ਅਤੇ ਉਨ੍ਹਾਂ ਨੂੰ ਉਨ੍ਹਾਂ ਦੀ ਲੋੜ ਮੁਤਾਬਕ ਪੂਰੀ ਰਕਮ ਉਪਲਬਧ ਕਰਵਾਈ

# ਯੁਵਾ ਸ਼ਕਤੀ ਸੰਗਠਨ ਰਾਜਪੁਰਾ ਵੱਲੋਂ ਵਿਸਾਖੀ ਮੇਲੇ ਦਾ ਕੀਤਾ ਗਿਆ ਆਯੋਜਨ



ਰਾਜਪੁਰਾ,13 ਅਪ੍ਰੈਲ (ਹਿਮਾਂਸ਼ੂ ਹੈਰੀ ):ਯੁਵਾ ਸ਼ਕਤੀ ਸੰਗਠਨ ਰਾਜਪੁਰਾ ਵੱਲੋਂ ਵਿਸਾਖੀ ਦਾ ਪਾਵਨ ਤਿਉਹਾਰ ਬੜੀ ਧੂਮਧਾਮ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਹ ਮੇਲਾ ਰਾਜਪੁਰਾ ਦੇ ਇੱਕ ਨਿੱਜੀ ਪੈਲੇਸ ਦੇ ਵਿੱਚ ਆਯੋਜਿਤ ਕੀਤਾ ਗਿਆ, ਜਿੱਥੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਹਾਜ਼ਰੀ ਭਰੀ। ਇਸ ਮੇਲੇ ਦੀ ਸ਼ੁਰੂਆਤ ਮੰਚ 'ਤੇ ਬੱਚਿਆਂ ਅਤੇ ਯੁਵਾਂ ਵੱਲੋਂ ਭੰਗੜਾ, ਗਿੱਧਾ, ਬੋਲੀਆਂ, ਲੋਕ ਨਾਚ ਅਤੇ ਗਤਕਾ ਪ੍ਰਦਰਸ਼ਨ ਨਾਲ ਕੀਤੀ ਗਈ, ਜਿਸ ਨੇ ਦਰਸ਼ਕਾਂ ਨੂੰ ਖੂਬ ਮੋਹ ਲਿਆ। ਇਸ ਮੌਕੇ 'ਤੇ ਪੰਜਾਬੀ ਕਲਾਕਾਰ ਰੇਸਮ ਸਿੰਘ ਅਨਮੋਲ ਨੇ ਆਪਣੇ ਰੰਗ-ਬਿਰੰਗੇ ਗੀਤਾਂ ਨਾਲ ਮੇਲੇ ਦੀ ਰੌਣਕ ਨੂੰ ਚਾਰ ਚੰਨ ਲਾ ਦਿੱਤੇ। ਇਸ ਮੇਲੇ ਵਿੱਚ ਵੱਖ-ਵੱਖ ਸਿਆਸੀ ਅਤੇ ਸਮਾਜਿਕ ਸੰਸਥਾਵਾਂ ਦੇ ਪ੍ਰਤਿਨਿਧੀਆਂ ਨੇ ਵੀ ਸ਼ਿਰਕਤ ਕੀਤੀ। ਸਮਾਗਮ ਦੌਰਾਨ ਵਿਸਾਖੀ ਦੇ ਮਹੱਤਵ 'ਤੇ ਵੀ ਚਾਨਣ ਪਾਇਆ ਗਿਆ ਅਤੇ ਦੱਸਿਆ ਗਿਆ ਕਿ ਇਹ ਤਿਉਹਾਰ ਪੰਜਾਬ ਦੀ ਸੱਭਿਆਚਾਰਕ ਵਿਰਾਸਤ ਦਾ ਇੱਕ ਮਹੱਤਵਪੂਰਨ ਹਿੱਸਾ ਹੈ। ਇਸ ਮੇਲੇ ਨੇ ਨਾ ਸਿਰਫ਼ ਲੋਕਾਂ ਨੂੰ ਮਨੋਰੰਜਨ ਪ੍ਰਦਾਨ ਕੀਤਾ, ਸਗੋਂ ਪੰਜਾਬੀ ਸੱਭਿਆਚਾਰ ਅਤੇ ਰਿਵਾਇਤਾਂ ਨੂੰ ਵੀ ਪ੍ਰੋਤਸਾਹਿਤ ਕੀਤਾ।

# ਜਿਲ੍ਹਾ ਯੋਜਨਾ ਕਮੇਟੀ ਚੇਅਰਮੈਨ ਤੇਜਿੰਦਰ ਮਹਿਤਾ ਵੱਲੋਂ ਸ਼ਹਿਰ ਨੂੰ 100 ਬੈਂਚ ਤੇ 200 ਟ੍ਰੀ ਗਾਰਡ ਸਮਰਪਿਤ

## -ਵਿਸਾਖੀ ਅਤੇ ਬਹਾਵਲਪੁਰੀ ਦਿਵਸ ਮੌਕੇ ਮਿੰਨੀ ਟਰੱਕਾਂ ਨੂੰ ਹਰੀ ਝੰਡੀ ਦੇ ਕੇ ਕੀਤਾ ਰਵਾਨਾ




ਨਾਭਾ 13 ਅਪ੍ਰੈਲ (ਅਮਨ ਗਰਗ ) ਜਿਲ੍ਹਾ ਯੋਜਨਾ ਕਮੇਟੀ ਪਟਿਆਲਾ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਜਿਲ੍ਹਾ ਪ੍ਰਧਾਨ ਤੇਜਿੰਦਰ ਮਹਿਤਾ ਵੱਲੋਂ ਵਿਸਾਖੀ ਅਤੇ ਬਹਾਵਲਪੁਰੀ ਦਿਵਸ ਦੇ ਪਾਵਨ ਮੌਕੇ 'ਤੇ ਸ਼ਹਿਰ ਵਾਸੀਆਂ ਨੂੰ ਇੱਕ ਮਹੱਤਵਪੂਰਨ ਤੋਹਫ਼ਾ ਦਿੱਤਾ ਗਿਆ। ਉਨ੍ਹਾਂ ਵੱਲੋਂ 100 ਬੈਂਚ ਅਤੇ 200 ਟ੍ਰੀ ਗਾਰਡ ਸ਼ਹਿਰ ਨੂੰ ਸਮਰਪਿਤ ਕੀਤੇ ਗਏ, ਜੋ ਜਲਦ ਹੀ ਸ਼ਹਿਰ ਦੇ ਵੱਖ-ਵੱਖ ਜਨਤਕ ਸਥਾਨਾਂ 'ਤੇ ਲਗਾਏ ਜਾਣਗੇ। ਇਸ ਮੌਕੇ ਜਿਲ੍ਹਾ ਯੋਜਨਾ ਕਮੇਟੀ ਦੇ ਦਫ਼ਤਰ ਵਿਖੇ ਸ੍ਰੀ ਤੇਜਿੰਦਰ ਮਹਿਤਾ ਨੇ ਹਰੀ ਝੰਡੀ ਦਿਖਾ ਕੇ ਬੈਂਚਾਂ ਅਤੇ ਟ੍ਰੀ ਗਾਰਡਾਂ ਨਾਲ ਭਰੇ ਮਿੰਨੀ ਟਰੱਕਾਂ ਨੂੰ ਰਵਾਨਾ ਕੀਤਾ। ਪ੍ਰੈਸ ਨਾਲ ਗੱਲਬਾਤ ਕਰਦਿਆਂ ਸ੍ਰੀ ਮਹਿਤਾ ਨੇ ਕਿਹਾ ਕਿ ਇਹ ਉਪਰਾਲਾ ਲੋਕਾਂ ਦੀਆਂ ਬੁਨਿਆਦੀ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਅਤੇ ਵਾਤਾਵਰਣ ਦੀ ਸੁਰੱਖਿਆ ਨੂੰ ਮੱਦੇਨਜ਼ਰ ਰੱਖ ਕੇ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸ਼ਹਿਰ ਦੇ ਪਾਰਕਾਂ, ਬੱਸ ਸਟਾਪਾਂ, ਬਾਜ਼ਾਰਾਂ ਅਤੇ ਹੋਰ ਲੋੜੀਂਦੇ ਇਲਾਕਿਆਂ ਵਿੱਚ ਬੈਂਚ ਲਗਾਉਣ ਨਾਲ ਬਜ਼ੁਰਗਾਂ, ਮਹਿਲਾਵਾਂ ਅਤੇ ਆਮ ਨਾਗਰਿਕਾਂ ਨੂੰ ਵੱਡੀ ਸਹੂਲਤ ਮਿਲੇਗੀ। ਇਸਦੇ ਨਾਲ ਹੀ ਟ੍ਰੀ ਗਾਰਡ ਲਗਾਉਣ ਨਾਲ ਨਵੇਂ ਲਗਾਏ ਜਾ ਰਹੇ ਅਤੇ ਮੌਜੂਦਾ ਰੁੱਖਾਂ ਦੀ ਰੱਖਿਆ ਯਕੀਨੀ ਬਣੇਗੀ, ਜਿਸ ਨਾਲ ਸ਼ਹਿਰ ਵਿੱਚ ਹਰਿਆਵਲੀ ਵਧੇਗੀ ਅਤੇ ਵਾਤਾਵਰਣ ਸੁਧਰੇਗਾ। ਉਨ੍ਹਾਂ ਹੋਰ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗੁਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਦੇ ਹਰ ਸ਼ਹਿਰ ਅਤੇ ਪਿੰਡ ਵਿੱਚ ਵਿਕਾਸ ਦੇ ਨਵੇਂ ਮਾਪਦੰਡ ਸਥਾਪਿਤ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ "ਅਸੀਂ ਸਿਰਫ ਵਾਅਦੇ ਨਹੀਂ ਕਰਦੇ, ਸਗੋਂ ਜ਼ਮੀਨੀ ਪੱਧਰ 'ਤੇ ਕੰਮ ਕਰਕੇ ਲੋਕਾਂ ਨੂੰ ਸੁਵਿਧਾਵਾਂ ਮੁਹੱਈਆ ਕਰਵਾਉਂਦੇ ਹਾਂ,"। ਉਨ੍ਹਾਂ ਇਹ ਵੀ ਦੱਸਿਆ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਹੋਰ ਪ੍ਰੋਜੈਕਟ ਲਿਆਏ ਜਾਣਗੇ, ਤਾਂ ਜੋ ਪਟਿਆਲਾ ਨੂੰ ਇੱਕ ਸਾਫ਼-ਸੁਥਰਾ, ਸੁੰਦਰ ਅਤੇ ਆਧੁਨਿਕ ਸ਼ਹਿਰ ਬਣਾਇਆ ਜਾ ਸਕੇ। ਇਸ ਮੌਕੇ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਮੈਂਬਰ ਅੰਗਰੇਜ਼ ਸਿੰਘ ਰਾਮਗੜ੍ਹ, ਪਾਰਟੀ ਦੇ ਜਿਲ੍ਹਾ ਮੀਡੀਆ ਇੰਚਾਰਜ ਰਵਿੰਦਰ ਪਾਲ ਸਿੰਘ ਪ੍ਰਿੰਸ ਲਾਂਬਾ, ਜਿਲ੍ਹਾ ਮੀਡੀਆ ਸਕੱਤਰ ਗੱਜਣ ਸਿੰਘ, ਜਿਲ੍ਹਾ ਸੋਸ਼ਲ ਮੀਡੀਆ ਇੰਚਾਰਜ ਸੁਮਿਤ ਤਕੇਜਾ, ਟ੍ਰੇਡ ਕਮਿਸ਼ਨ ਪਟਿਆਲਾ ਦੇ ਮੈਂਬਰ ਨਿਰਮਲ ਝਨੇੜੀ, ਯੂਥ ਆਗੂ ਸੁਰਿੰਦਰ ਨਿੰਕੂ ਸਮੇਤ ਹੋਰ ਆਗੂ ਅਤੇ ਵਰਕਰ ਵੀ ਮੌਜੂਦ ਸਨ। ਸਾਰੇ ਆਗੂਆਂ ਨੇ ਇਸ ਉਪਰਾਲੇ ਦੀ ਭਰਪੂਰ ਸਰਾਹਨਾ ਕਰਦਿਆਂ ਕਿਹਾ ਕਿ ਇਹ ਕਦਮ ਨਾ ਸਿਰਫ ਲੋਕਾਂ ਦੀਆਂ ਸਹੂਲਤਾਂ ਵਿੱਚ ਵਾਧਾ ਕਰੇਗਾ, ਸਗੋਂ ਸ਼ਹਿਰ ਦੀ ਸੁੰਦਰਤਾ ਅਤੇ ਹਰਿਆਵਲੀ ਨੂੰ ਵੀ ਨਵਾਂ ਰੂਪ ਦੇਵੇਗਾ।

# ਐਸ.ਐਨ.ਆਰੀਆ ਹਾਈ ਸਕੂਲ 'ਚ ਵਿਸਾਖੀ ਦਾ ਦਿਹਾੜਾ ਧੂਮ ਧਾਮ ਨਾਲ ਮਨਾਇਆ



ਤਪਾ ਮੰਡੀ, 13 ਅਪ੍ਰੈਲ ( ਧੀਮਾਨ) ਐਸ ਐਨ ਆਰੀਆ ਹਾਈ ਸਕੂਲ ਤਪਾ ਦੇ ਵਿਹੜੇ ਵਿਸਾਖੀ ਦਾ ਦਿਹਾੜਾ ਧੂਮ ਧਾਮ ਨਾਲ ਮਨਾਇਆ ਗਿਆ। ਸਕੂਲ ਦੇ ਵਿਦਿਆਰਥੀ ਪੰਜਾਬੀ ਪਹਿਰਾਵੇ ਵਿਚ ਸੱਜ ਧੱਜ ਕੇ ਪਹੁੰਚੇ ਹੋਏ ਸਨ।ਬੱਚਿਆਂ ਵੱਲੋਂ ਇਸ ਮੌਕੇ ਰੰਗਾ ਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ। ਜਿਸ ਵਿਚ ਲੜਕੀਆਂ ਵੱਲੋਂ ਗਿੱਧਾ ਅਤੇ ਮੁੰਡਿਆਂ ਵੱਲੋਂ ਭੰਗੜਾ ਪੇਸ਼ ਕੀਤਾ ਗਿਆ। ਸਕੂਲ ਦੀ ਮੁੱਖ ਅਧਿਆਪਕਾ ਅਲਕਾ ਕੌਸ਼ਲ ਨੇ 13 ਅਪ੍ਰੈਲ 1699 ਨੂੰ ਵਿਸਾਖੀ ਵਾਲੇ ਦਿਨ ਸ਼੍ਰੀ ਗੁਰੂ ਗੋਬਿੰਦ ਸਿੰਘ ਵੱਲੋਂ ਕੀਤੀ ਖਾਲਸਾ ਪੰਥ ਦੀ ਸਿਰਜਣਾ ਅਤੇ 13 ਅਪ੍ਰੈਲ 1919 ਨੂੰ ਜਲਿਆਂ ਵਾਲੇ ਬਾਗ ਦੇ ਖੂਨੀ ਸਾਕੇ ਸੰਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ। ਉਨ੍ਹਾਂ ਇਹ ਵੀ ਦੱਸਿਆ ਕਿ ਇਹ ਤਿਉਹਾਰ ਹਾੜ੍ਹੀ ਦੀਆਂ ਫਸਲਾਂ ਨੂੰ ਵਾਢੀ ਪੈਣ ਦਾ ਵੀ ਉਤਸਵ ਵੀ ਹੈ ਜੋ ਦੇਸ਼ ਭਰ ਵਿਚ ਮਨਾਇਆ ਜਾਂਦਾ ਹੈ। ਵਿਦਿਆਰਥੀਆਂ ਵਿਚ ਲੱਡੂ ਵੰਡੇ ਗਏ ਅਤੇ ਦੁਪਹਿਰ ਦਾ ਛੋਲੇ ਪੂਰੀਆਂ ਦਾ ਲੰਗਰ ਵੀ ਵਰਤਾਇਆ ਗਿਆ। ਇਸ ਮੌਕੇ ਸਕੂਲ ਵਿਦਿਆਰਥੀ ਅਤੇ ਸੋਨੀ ਕੁਮਾਰੀ, ਪਰਮਜੀਤ ਕੌਰ, ਰਮਨ ਕੌਰ ਅਤੇ ਸਿਮਰਨਜੀਤ ਕੌਰ ਸਕੂਲ ਟੀਚਰ ਹਾਜ਼ਰ ਸਨ।

# ਮਹਾਰਾਣੀ ਪਰਨੀਤ ਕੌਰ ਨੇ ਰਾਜਪੁਰਾ ਵਿਖੇ ਬਹਾਵਲਪੁਰੀ ਸਥਾਪਨਾ ਦਿਵਸ ਪ੍ਰੋਗਰਾਮ ਵਿੱਚ ਕੀਤੀ ਸ਼ਿਰਕਤ, ਬੇਅਦਬੀ ਕਾਨੂੰਨ ਦਾ ਕੀਤਾ ਸਵਾਗਤ

## ਪਰੰਤੂ ਵੀ ਬਿੱਲ ਲਿਆਣ ਤੋਂ ਪਹਿਲਾਂ ਆਲ ਪਾਰਟੀ ਮੀਟਿੰਗ ਚਾਹੀਦੀ ਸੀ ਬੁਲਾਣੀ: ਪਰਨੀਤ ਕੌਰ



ਪਟਿਆਲਾ/ਰਾਜਪੁਰਾ,13 ਅਪ੍ਰੈਲ (ਹਿਮਾਂਸ਼ੂ ਹੈਰੀ):ਵਿਸਾਖੀ ਅਤੇ ਬਹਾਵਲਪੁਰੀ ਸਥਾਪਨਾ ਦਿਵਸ ਦੇ ਮੌਕੇ 'ਤੇ ਬਹਾਵਲਪੁਰ ਇਹ ਸਮਾਜ ਵੱਲੋਂ ਆਯੋਜਿਤ ਰਾਜਪੁਰਾ ਵਿਖੇ ਇੱਕ ਵਿਸ਼ੇਸ਼ ਸਮਾਗਮ ਵਿੱਚ ਸਾਬਕਾ ਕੇਂਦਰੀ ਮੰਤਰੀ ਮਹਾਰਾਣੀ ਪਰਨੀਤ ਕੌਰ ਨੇ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਦੇ ਨਾਲ ਹਲਕਾ ਇੰਚਾਰਜ ਜਗਦੀਸ਼ ਕੁਮਾਰ ਜੱਗਾ ਅਤੇ ਬਹੁਲਪੁਰੀ ਸਮਾਜ ਦੇ ਇੱਕ ਪ੍ਰਮੁੱਖ ਨੇਤਾ ਹਨ ਅਤੇ ਭਾਰਤੀ ਜਨਤਾ ਪਾਰਟੀ ਪਟਿਆਲਾ ਉੱਤਰੀ ਦੇ ਜ਼ਿਲ੍ਹਾ ਪ੍ਰਧਾਨ ਜਸਪਾਲ ਸਿੰਘ ਗੰਗਰੋਲੀ ਦੇ ਹੋਰ ਸੀਨੀਅਰ ਆਗੂ ਮੌਜੂਦ ਸਨ। ਸਮਾਗਮ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮਹਾਰਾਣੀ ਪਰਨੀਤ ਕੌਰ ਨੇ ਪੰਜਾਬ ਵਿਧਾਨ ਸਭਾ ਵਿੱਚ ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਬਣਾਉਣ ਲਈ ਲਿਆਂਦੇ ਜਾ ਰਹੇ ਬਿੱਲ ਦਾ ਸਵਾਗਤ ਕੀਤਾ। ਉਨ੍ਹਾ ਕਿਹਾ "ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਬਣਾਉਣਾ ਸਾਰੇ ਧਰਮਾਂ ਦੀ ਲੰਬੇ ਸਮੇਂ ਤੋਂ ਮੰਗ ਸੀ। ਭਾਵੇਂ ਇਹ ਕਦਮ ਦੇਰ ਨਾਲ ਚੁੱਕਿਆ ਗਿਆ ਹੈ, ਪਰ ਅਸੀਂ ਇਸ ਦਾ ਸਵਾਗਤ ਕਰਦੇ ਹਾਂ। ਸਾਡੇ ਧਰਮ ਦੀ ਬੇਅਦਬੀ ਰੋਕਣ ਲਈ ਸਖ਼ਤ ਕਾਨੂੰਨ ਅਤਿ ਲੋੜੀਂਦੇ ਹਨ ਤਾਂ ਜੋ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨਾ ਵਾਪਰਨ। ਇਸ ਦੇ ਨਾਲ ਹੀ ਮੇਰੀ ਇਹ ਵੀ ਮੰਗ ਹੈ ਕਿ ਇਸ ਕਾਨੂੰਨ ਵਿੱਚ ਸਿਰਫ਼ ਇੱਕ ਧਰਮ ਹੀ ਨਹੀਂ, ਬਲਕਿ ਸਾਰੇ ਧਰਮਾਂ ਦੇ ਗ੍ਰੰਥਾਂ ਦੀ ਬੇਅਦਬੀ ਨੂੰ ਸ਼ਾਮਲ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਹਰ ਧਰਮ ਦੀ ਆਸਥਾ ਸੁਰੱਖਿਅਤ ਰਹੇ।" ਦੂਜੀ ਤਰਫ ਵਿਰੋਧੀ ਧਿਰ ਵੱਲੋਂ ਚੱਕੇ ਜਾ ਰਹੇ ਸਵਾਲਾਂ ਤੇ ਵੀ ਉਹਨਾਂ ਕਿਹਾ ਕਿ ਸਰਕਾਰ ਨੂੰ ਚਾਹੀਦਾ ਸੀ ਕਿ ਵੀ ਲਿਆਣ ਤੋਂ ਪਹਿਲਾਂ ਜਿੱਥੇ ਵਿਧਾਨ ਸਭਾ ਦੇ ਮੈਂਬਰਾਂ ਨੂੰ ਬਿਲ ਸਮਝਣ ਲਈ ਦੇਣਾ ਚਾਹੀਦਾ ਸੀ ਅਤੇ ਨਾਲ ਹੀ ਸਰਬ ਪਾਰਟੀ ਮੀਟਿੰਗ ਵੀ ਬੁਲਾਉਣੀ ਚਾਹੀਦੀ ਸੀ। ਬਹਾਵਲਪੁਰ ਸਥਾਪਨਾ ਦਿਵਸ ਦੀ ਵਧਾਈ ਦਿੰਦਿਆਂ ਮਹਾਰਾਣੀ ਪਰਨੀਤ ਕੌਰ ਨੇ ਕਿਹਾ ਕਿ ਦੇਸ਼ ਦੀ ਵੰਡ ਤੋਂ ਬਾਅਦ ਰਾਜਪੁਰਾ ਨੂੰ ਆਪਣਾ ਨਿਵਾਸ ਬਣਾਉਣ ਵਾਲੇ ਬਹਾਵਲਪੁਰੀ ਭਾਈਚਾਰੇ ਨੇ ਆਪਣੀ ਸਖ਼ਤ ਮਿਹਨਤ ਨਾਲ ਇਸ ਸ਼ਹਿਰ ਨੂੰ ਇੱਕ ਵਪਾਰਕ ਕੇਂਦਰ ਵਜੋਂ ਵਿਕਸਤ ਕੀਤਾ ਹੈ। ਉਨ੍ਹਾਂ ਜਗਦੀਸ਼ ਕੁਮਾਰ ਜੱਗਾ ਵੱਲੋਂ ਕੀਤੇ ਗਏ ਸਮਾਜ ਭਲਾਈ ਦੇ ਕਾਰਜਾਂ, ਜਿਵੇਂ ਪੈਨਸ਼ਨ ਅਤੇ ਮੈਡੀਕਲ ਕੈਂਪਾਂ ਦੀ ਵੀ ਸ਼ਲਾਘਾ ਕੀਤੀ। ਇਸ ਦੌਰਾਨ ਜਗਦੀਸ਼ ਕੁਮਾਰ ਜੱਗਾ ਨੇ ਇਸ ਮੌਕੇ ਬਹਾਵਲਪੁਰੀ ਸਮਾਜ ਦੀ ਇੱਕਜੁੱਟਤਾ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਰਾਜਪੁਰਾ ਇਸ ਸਮਾਜ ਦੀ 'ਰਾਜਧਾਨੀ' ਹੈ ਅਤੇ ਉਹ ਹਮੇਸ਼ਾ ਆਪਣੇ ਲੋਕਾਂ ਦੀ ਸੇਵਾ ਲਈ ਤਤਪਰ ਰਹਿਣਗੇ। ਉਨ੍ਹਾਂ ਆਉਣ ਵਾਲੀਆਂ ਚੋਣਾਂ ਬਾਰੇ ਕਿਹਾ ਕਿ ਪਾਰਟੀ ਹਾਈਕਮਾਨ ਜੋ ਵੀ ਫੈਸਲਾ ਕਰੇਗੀ, ਉਹ ਉਸ ਅਨੁਸਾਰ ਡਟ ਕੇ ਸੇਵਾ ਕਰਨਗੇ। ਅਤੇ ਨਾਲ ਹੀ ਉਹਨਾਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲੀ ਵੀ ਆਪਣੀ ਦਾਵੇਦਾਰੀ ਜਤਾ ਦਿੱਤੀ ਹੈ। ਇਸ ਮੌਕੇ ਬਹਾਵਲਪੁਰੀ ਸਮਾਜ ਦੇ ਸੈਂਕੜੇ ਪਰਿਵਾਰਾਂ ਨੇ ਮਹਾਰਾਣੀ ਪਰਨੀਤ ਕੌਰ ਦਾ ਨਿੱਘਾ ਸਵਾਗਤ ਕੀਤਾ।

# ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਬਣਾਉਣਾ ਸਰਕਾਰ ਦਾ ਸ਼ਲਾਘਾਯੋਗ ਕਦਮ, ਦੇਰੀ ਨਾਲ ਆਇਆ ਲੋੜੀਂਦਾ ਫ਼ੈਸਲਾ : ਸੁਰਜੀਤ ਸਿੰਘ ਰੱਖੜਾ



ਪਟਿਆਲਾ, 13 ਅਪ੍ਰੈਲ 2026

ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ ਨੇ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਦੇ ਵਿਸ਼ੇਸ਼ ਸੈਸ਼ਨ ਵਿੱਚ ਪਾਸ ਕੀਤੇ 'ਜਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ ਬਿਲ-2026' ਦਾ ਸਵਾਗਤ ਕੀਤਾ ਹੈ। ਉਨ੍ਹਾਂ ਕਿਹਾ ਕਿ ਬੇਅਦਬੀ ਵਰਗੇ ਘਿਨਾਉਣੇ ਅਪਰਾਧਾਂ ਨੂੰ ਰੋਕਣ ਲਈ ਸਖ਼ਤ ਸਜ਼ਾਵਾਂ ਦਾ ਕਾਨੂੰਨ ਸਮੇਂ ਦੀ ਮੁੱਖ ਲੋੜ ਸੀ।

ਸ. ਰੱਖੜਾ ਨੇ ਕਿਹਾ ਕਿ ਭਾਵੇਂ ਇਹ ਫੈਸਲਾ ਲੋੜੀਂਦਾ ਹੈ, ਪਰ 'ਆਪ' ਸਰਕਾਰ ਨੇ ਇਸ ਨੂੰ ਲਿਆਉਣ ਵਿੱਚ ਬਹੁਤ ਦੇਰੀ ਕਰ ਦਿੱਤੀ ਹੈ। ਉਨ੍ਹਾਂ ਯਾਦ ਕਰਵਾਇਆ ਕਿ ਚੋਣਾਂ ਦੌਰਾਨ ਬੇਅਦਬੀ ਦੇ ਦੋਸ਼ੀਆਂ ਵਿਰੁੱਧ ਤੁਰੰਤ ਕਾਰਵਾਈ ਦਾ ਵਾਅਦਾ ਕਰਨ ਵਾਲੀ ਪਾਰਟੀ ਨੇ ਚਾਰ ਸਾਲਾਂ ਬਾਅਦ ਇਹ ਕਦਮ ਚੁੱਕਿਆ ਹੈ।

ਉਨ੍ਹਾਂ ਵਿਸ਼ੇਸ਼ ਤੌਰ 'ਤੇ ਸਮਾਣਾ ਵਿਖੇ 400 ਫੁੱਟ ਉੱਚੇ ਟਾਵਰ 'ਤੇ ਪਿਛਲੇ ਡੇਢ ਸਾਲ ਤੋਂ ਸੰਘਰਸ਼ ਕਰ ਰਹੇ ਭਾਈ ਗੁਰਜੀਤ ਸਿੰਘ ਖ਼ਾਲਸਾ ਦੀ ਦ੍ਰਿੜ੍ਹਤਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਕਾਨੂੰਨ ਅਸਲ ਵਿੱਚ ਭਾਈ ਖ਼ਾਲਸਾ ਜੀ ਦੇ ਅਣਥੱਕ ਸੰਘਰਸ਼ ਅਤੇ ਸਿੱਖ ਕੌਮ ਦੇ ਦਬਾਅ ਦਾ ਨਤੀਜਾ ਹੈ, ਜਿਸ ਅੱਗੇ ਸਰਕਾਰ ਨੂੰ ਝੁਕਣਾ ਪਿਆ।

ਉਨ੍ਹਾਂ ਉਮੀਦ ਜਤਾਈ ਕਿ ਇਸ ਕਾਨੂੰਨ ਦੇ ਲਾਗੂ ਹੋਣ ਨਾਲ ਸਮਾਜ ਵਿਰੋਧੀ ਅਨਸਰਾਂ ਨੂੰ ਨੱਥ ਪਵੇਗੀ ਅਤੇ ਪਾਵਨ ਗ੍ਰੰਥਾਂ ਦਾ ਸਤਿਕਾਰ

# ਬੇਅਦਬੀ ਦੇ ਦੋਸ਼ੀਆਂ ਨੂੰ ਪੰਥਕ ਰਵਾਇਤ ਅਨੁਸਾਰ ਸਜਾਵਾਂ ਦੇਣ ਵਾਲੇ ਧਰਮੀਆਂ ਦਾ ਗੁਰੂ ਕੀ ਕਾਸ਼ੀ ਤਲਵੰਡੀ ਸਾਬੋ ਵਿਖੇ ਕੀਤਾ ਗਿਆ ਸਨਮਾਨ



ਨਵੀਂ ਦਿੱਲੀ 13 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-ਗੁਰੂ ਗ੍ਰੰਥ ਸਾਹਿਬ ਜੀ ਦੇ ਬੇਅਦਬੀ ਦੇ ਦੋਸ਼ੀਆਂ ਲਈ ਸਖਤ ਕਨੂੰਨ ਬਣਾਉਣ ਦੀ ਗੱਲ ਚਰਚਾ ਵਿਚ ਹੈ। 13 ਅਪ੍ਰੈਲ ਨੂੰ ਪੰਜਾਬ ਸਰਕਾਰ ਇਸ ਸਬੰਧੀ ਕਨੂੰਨ ਵੀ ਲੈ ਕੇ ਆ ਰਹੀ ਹੈ। ਇਸ ਦੇ ਚੱਲਦਿਆਂ ਗੁਰੂ ਖਾਲਸਾ ਪੰਥ ਦੀ ਸੇਵਾ ਵਿਚ ਵਿਚਰ ਰਹੇ ਸਿੱਖ ਜਥਿਆਂ ਵੱਲੋਂ ਸਾਂਝੇ ਰੂਪ ਵਿਚ ਗੁਰੂ ਕੀ ਕਾਸ਼ੀ (ਤਲਵੰਡੀ ਸਾਬੋ) ਵਿਖੇ ਗੁਰੂ ਅਦਬ ਦੇ ਦੋਖੀਆਂ ਨੂੰ ਪੰਥਕ ਰਵਾਇਤ ਅਨੁਸਾਰ ਸਜਾ ਦੇਣ ਵਾਲੇ ਧਰਮੀਆਂ ਦੇ ਸਨਮਾਨ ਲਈ ਸਮਾਗਮ ਕੀਤਾ ਗਿਆ। ਜਿਸ ਵਿਚ ਪੰਥਕ ਰਵਾਇਤ ਅਨੁਸਾਰ ਨਿਆਂ ਕਰਨ ਵਾਲੇ ਸੂਰਬੀਰ ਯੋਧਿਆਂ ਦਾ ਸਨਮਾਨ ਕੀਤਾ ਗਿਆ, ਜਿਨ੍ਹਾਂ ਵਿਚ ਭਾਈ ਅਮਨਦੀਪ ਸਿੰਘ, ਭਾਈ ਗੁਰਪ੍ਰੀਤ ਸਿੰਘ ਗੋਪੀ ਅਤੇ ਭਾਈ ਜਸਵੰਤ ਸਿੰਘ ਕਾਲਾ, ਭਾਈ ਗੁਰਪ੍ਰੀਤ ਸਿੰਘ ਜਾਗੋਵਾਲ, ਭਾਈ ਗੁਰਸੇਵਕ ਸਿੰਘ ਭੂਤ, ਭਾਈ ਮਨਿੰਦਰ ਸਿੰਘ ਜੁੰਮਾ, ਭਾਈ ਮਨਦੀਪ ਸਿੰਘ ਪਿੰਡ ਕੁੱਬੇ, ਭਾਈ ਗਮਦੂਰ ਸਿੰਘ ਅਤੇ ਬਾਬਾ ਬਲਬੀਰ ਸਿੰਘ ਬੀਰਾ ਸ਼ਾਮਲ ਸਨ। ਐਡਵੋਕੇਟ ਜਸਪਾਲ ਸਿੰਘ ਮੰਝਪੁਰ ਨੇ ਇਹਨਾਂ ਯੋਧਿਆਂ ਦੀ ਸੇਵਾ ਸਬੰਧੀ ਸਾਰੀ ਸੰਗਤ ਨੂੰ ਜਾਣੂ ਕਰਵਾਇਆ ਜਿਸ ਉਪਰੰਤ ਭਾਈ ਮਲਕੀਤ ਸਿੰਘ ਭਵਾਨੀਗੜ੍ਹ ਨੇ ਸੰਗਤ ਤੋਂ ਪ੍ਰਵਾਨਗੀ ਲਈ ਅਤੇ ਪੰਥਕ ਸਖਸ਼ੀਅਤਾਂ ਨੇ ਇਹਨਾਂ ਯੋਧਿਆਂ ਦਾ ਸਨਮਾਨ ਕੀਤਾ। ਭਾਈ ਮਨਧੀਰ ਸਿੰਘ ਅਤੇ ਭਾਈ ਹਰਜਿੰਦਰ ਸਿੰਘ ਮਾਝੀ ਨੇ ਸੰਗਤਾਂ ਨਾਲ ਵਿਚਾਰ ਸਾਂਝੇ ਕੀਤੇ। ਬੁਲਾਰਿਆਂ ਨੇ ਬੋਲਦਿਆਂ ਕਿਹਾ ਕਿ ਪੰਥ ਨਿਆਂ ਕਰਨ ਦੇ ਸਮਰੱਥ ਹੈ, ਬੇਅਦਬੀਆਂ ਦੇ ਮਾਮਲੇ ਵਿਚ ਵੀ ਨਿਆਂ ਪੰਥ ਨੇ ਕੀਤਾ ਹੈ, ਕਰ ਰਿਹਾ ਹੈ ਅਤੇ ਸਦਾ ਜਾਰੀ ਰਹੇਗਾ। ਓਹਨਾਂ ਅੱਗੇ ਬੋਲਦਿਆਂ ਕਿਹਾ ਕਿ ਸਾਡਾ ਕਿਸੇ ਕਨੂੰਨ ਬਣਾਉਣ ਵਾਲੇ ਨਾਲ ਵਿਰੋਧ ਨਹੀਂ ਹੈ ਪਰ ਇਤਿਹਾਸ ਗਵਾਹ ਹੈ ਕਿ ਕਿਸੇ ਦੁਨਿਆਵੀ ਤਖਤ ਨੇ ਇਨ੍ਹਾਂ ਮਸਲਿਆਂ ਵਿਚ ਇਨਸਾਫ ਨਹੀਂ ਕੀਤਾ ਅਤੇ ਨਾ ਹੀ ਸੰਤੁਸ਼ਟੀਜਨਕ ਕਰਨਾ ਹੈ। ਗੁਰੂ ਦੇ ਮਾਮਲੇ ਵਿਚ ਕਿਸੇ ਦੁਨਿਆਵੀ ਤਖਤ ਅੱਗੇ ਫਰਿਆਦ ਕਰਨਾ ਖਾਲਸਾ ਪੰਥ ਦੀ ਸ਼ਾਨ ਦੇ ਖਿਲਾਫ ਹੈ। ਭੈਣ ਸਿਮਰਨਜੀਤ ਕੌਰ ਨੇ ਕੀਰਤਨ ਦੀ ਹਾਜਰੀ ਅਤੇ ਭਾਈ ਅਜੈਬ ਸਿੰਘ ਅਣਖੀ ਦੇ ਢਾਡੀ ਜਥੇ ਨੇ ਢਾਡੀ ਵਾਰਾਂ ਨਾਲ ਸੰਗਤ ਨੂੰ ਨਿਹਾਲ ਕੀਤਾ। ਸਮਾਗਮ ਦੌਰਾਨ ਨੀਸਾਣਿ ਪ੍ਰਕਾਸ਼ਨ ਵੱਲੋਂ ਛਾਪਿਆ ਕਿਤਾਬਚਾ "ਸਿੱਖ ਸੰਘਰਸ਼ ਦਾ ਪਾਂਧੀ ਸ਼ਹੀਦ ਜਸਵੰਤ ਸਿੰਘ ਖਾਲੜਾ" (ਸੰਪਾਦਕ ਗੁਰਤੇਜ ਸਿੰਘ, ਪ੍ਰਭਜੋਤ ਸਿੰਘ) ਵੀ ਜਾਰੀ ਕੀਤਾ ਗਿਆ। ਭਾਈ ਸਵਰਨ ਸਿੰਘ ਕੋਟ ਧਰਮੂ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ। ਇਹ ਸਮਾਗਮ ਲੱਖੀ ਜੰਗਲ ਖਾਲਸਾ ਜਥਾ, ਪੰਥ ਸੇਵਕ ਜਥਾ ਦੁਆਬਾ, ਸਿੱਖ ਜਥਾ ਮਾਲਵਾ, ਪੰਥ ਸੇਵਕ ਜਥਾ ਮਾਝਾ, ਬਾਬਾ ਬੀਰ ਸਿੰਘ ਬਾਬਾ ਧੀਰ ਸਿੰਘ ਪੰਥਕ ਜਥਾ ਕੋਟ ਫੱਤਾ, ਬਾਬਾ ਬਾਜ ਸਿੰਘ ਪੰਥਕ ਜਥਾ ਝੰਡੂਕੇ ਅਤੇ ਦਰਬਾਰ ਏ ਖਾਲਸਾ ਜਥਿਆਂ ਵੱਲੋਂ ਕੀਤਾ ਗਿਆ। ਜਿਸ ਵਿਚ ਪੰਥ ਸੇਵਾ ਵਿਚ ਵਿਚਰ ਰਹੇ ਸਿੱਖ ਜਥਿਆਂ ਅਤੇ ਕਈ ਅਹਿਮ ਪੰਥਕ ਸਖਸ਼ੀਅਤਾਂ ਨੇ ਹਾਜਰੀ ਭਰੀ ਜਿਨ੍ਹਾਂ ਵਿਚ ਭਾਈ ਦਲਜੀਤ ਸਿੰਘ ਖਾਲਸਾ ਜੀ, ਜਥੇਦਾਰ ਜਰਨੈਲ ਸਿੰਘ, ਜਥੇਦਾਰ ਬਾਬਾ ਪਿੱਪਲ ਸਿੰਘ, ਬਾਬਾ ਹਰਦੀਪ ਸਿੰਘ ਮਹਿਰਾਜ, ਜਥੇਦਾਰ ਗਿਆਨੀ ਸਮਸ਼ੇਰ ਸਿੰਘ ਬੁੱਢਾ ਦਲ, ਜਥੇਦਾਰ ਸਤਨਾਮ ਸਿੰਘ ਸਮਸਾ, ਭਾਈ ਸੁਖਦੀਪ ਸਿੰਘ ਮੀਕੇ, , ਬਾਬਾ ਭਿੰਦਰ ਸਿੰਘ ਲੰਗਰ ਵਾਲੇ, ਮਾਨ ਸਿੰਘ ਦਲ ਖਾਲਸਾ, ਨਿਰਪਾਲ ਸਿੰਘ, ਪ੍ਰੋਫੈਸਰ ਅਮਨਪ੍ਰੀਤ ਸਿੰਘ, ਬਾਬਾ ਸਤਪਾਲ ਸਿੰਘ ਸੰਗਰੂਰ, ਭੁਪਿੰਦਰ ਸਿੰਘ ਗਰੇਵਾਲ, ਸੁਖਪ੍ਰੀਤ ਸਿੰਘ, ਗੁਰਪਾਲ ਸਿੰਘ ਧਿੰਗੜ, ਗੁਰਮੇਲ ਸਿੰਘ ਮਾਖਾ ਆਦਿ ਸ਼ਾਮਲ ਸਨ।

# ਬੇਅਦਬੀ ਦੇ ਦੋਸ਼ੀਆਂ ਨੂੰ ਸਜ਼ਾ ਦੇਣ ਲਈ ਸਮਾਂ-ਸੀਮਾ ਤੈਅ ਕੀਤੀ ਜਾਵੇ: ਵੜਿੰਗ ਸੋਧ ਦਾ ਸਵਾਗਤ, ਲੇਕਿਨ 'ਆਪ' ਸਰਕਾਰ ਦੀ ਨੀਅਤ 'ਤੇ ਸੰਦੇਹ

ਚੰਡੀਗੜ੍ਹ, 13 ਅਪ੍ਰੈਲ: ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਬੇਅਦਬੀ ਕਾਨੂੰਨ ਨੂੰ ਹੋਰ ਸਖ਼ਤ ਬਣਾਉਣ ਲਈ ਕੀਤੀ ਗਈ ਸੋਧ ਦਾ ਸਵਾਗਤ ਕੀਤਾ ਹੈ, ਲੇਕਿਨ ਇਸਦੇ ਨਾਲ ਹੀ ਬੇਅਦਬੀ ਦੇ ਦੋਸ਼ੀਆਂ ਨੂੰ ਸਜ਼ਾ ਦੇਣ ਲਈ ਇੱਕ ਨਿਰਧਾਰਤ ਸਮਾਂ-ਸੀਮਾ ਤੈਅ ਕਰਨ ਦੀ ਮੰਗ ਵੀ ਕੀਤੀ ਹੈ।

ਇਸ ਮੌਕੇ ਸੋਧਾਂ ਦਾ ਸਵਾਗਤ ਕਰਦਿਆਂ, ਸੂਬਾ ਕਾਂਗਰਸ ਪ੍ਰਧਾਨ ਨੇ ਕਿਹਾ ਕਿ ਕਿਸੇ ਨੂੰ ਵੀ ਇਹ ਸੰਦੇਹ ਨਹੀਂ ਸੀ ਕਿ ਬੇਅਦਬੀ ਕਾਨੂੰਨ ਵਿੱਚ ਸੋਧਾਂ ਪੰਜਾਬ ਵਿਧਾਨ ਸਭਾ ਵਲੋਂ ਪਾਸ ਹੋਣੀਆਂ ਹੀ ਸਨ। ਉਨ੍ਹਾਂ ਸਵਾਲ ਕੀਤਾ ਕਿ ਕੌਣ ਨਹੀਂ ਚਾਹੁੰਦਾ ਕਿ ਬੇਅਦਬੀ ਕਰਨ ਵਾਲਿਆਂ ਨੂੰ ਸਖ਼ਤ ਨਾ ਸਜ਼ਾ ਮਿਲੇ? ਉਨ੍ਹਾਂ ਕਿਹਾ ਕਿ ਜੇਕਰ ਕਾਨੂੰਨ ਬਣਾਉਣ ਵਾਲੀਆਂ ਸਰਕਾਰਾਂ ਦੀ ਨੀਅਤ ਸੱਚੀ ਨਾ ਹੋਵੇ, ਤਾਂ ਵਾਰ-ਵਾਰ ਕਾਨੂੰਨ ਪਾਸ ਕਰਨ ਜਾਂ ਸੋਧਾਂ ਲਿਆਉਣ ਦਾ ਕੋਈ ਲਾਭ ਨਹੀਂ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਆਪ ਸਰਕਾਰ ਦੀ ਨੀਅਤ ਵੀ ਅਸਫਲ ਰਹੀ ਹੈ।ਉਨ੍ਹਾਂ ਖੁਲਾਸਾ ਕੀਤਾ ਕਿ ਸੱਤਾਧਾਰੀ ਆਮ ਆਦਮੀ ਪਾਰਟੀ ਨੇ 2022 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਦਾਅਵਾ ਕੀਤਾ ਸੀ ਕਿ ਜੇਕਰ ਉਹ ਸੱਤਾ ਵਿੱਚ ਆਈ, ਤਾਂ ਬੇਅਦਬੀ ਦੇ ਦੋਸ਼ੀਆਂ ਨੂੰ ਤੁਰੰਤ ਸਜ਼ਾ ਦਿੱਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਹਾਲਾਤ ਮੁੜ ਓਥੇ ਹੀ ਆ ਗਏ ਹਨ। ਕਿਉਂਕਿ ਸਰਕਾਰ ਲਈ ਮੌਜੂਦਾ ਕਾਨੂੰਨਾਂ ਹੇਠ ਵੀ ਦੋਸ਼ੀਆਂ ਨੂੰ ਸਜ਼ਾ ਦੇਣ ਵਿੱਚ ਕੋਈ ਮੁਸ਼ਕਲ ਨਹੀਂ ਸੀ, ਲੇਕਿਨ ਸਿਰਫ਼ ਨੀਅਤ ਦੀ ਕਮੀ ਸੀ।ਵੜਿੰਗ ਨੇ ਪੁੱਛਿਆ ਕਿ ਰਾਜਪਾਲ ਵੱਲੋਂ ਮਨਜ਼ੂਰੀ ਦੇ ਮੱਦੇਨਜਰ, ਹੁਣ ਜਦੋਂ ਇਨ੍ਹਾਂ ਨੇ ਖੁਦ ਹੋਰ ਸਖਤ ਕਾਨੂੰਨ ਬਣਾ ਲਿਆ ਹੈ, ਤਾਂ ਕੀ ਆਪ ਸਰਕਾਰ ਇਹ ਵੀ ਦੱਸੇਗੀ ਕਿ ਇਸ ਮਾਮਲੇ ਵਿੱਚ ਨਿਆਂ ਕਦੋਂ ਤੱਕ ਕੀਤਾ ਜਾਵੇਗਾ?

ਉਨ੍ਹਾਂ ਨੇ ਮੰਗ ਕੀਤੀ ਹੈ ਕਿ ਸਰਕਾਰ ਸਮੇਂ-ਸੀਮਾ ਤੈਅ ਕਰੇ। ਉਦੋਂ ਹੀ ਲੋਕ ਇਸਦੀ ਨੀਅਤ 'ਤੇ ਭਰੋਸਾ ਕਰਨਗੇ। ਨਹੀਂ ਤਾਂ, ਇਹ ਅਜਿਹੇ ਲੋਕਾਂ ਵੱਲੋਂ ਇੱਕ ਹੋਰ ਸਿਆਸੀ ਨਾਟਕ ਸਾਬਤ ਹੋਵੇਗਾ, ਜਿਹੜੇ ਸਿਆਸੀ ਨਾਟਕਬਾਜ਼ੀ ਦੇ ਮਾਹਿਰ ਮੰਨੇ ਜਾਂਦੇ ਹਨ।

# ਪੰਜਾਬ ਸਰਕਾਰ ਵੱਲੋਂ ਮਿਡਲ ਸਕੂਲਾਂ ਵਿੱਚੋਂ ਅਧਿਆਪਕਾਂ ਨੂੰ ਡੈਪੂਟੇਸ਼ਨ 'ਤੇ ਭੇਜਣ ਦਾ ਫੈਸਲਾ ਮੰਦਭਾਗਾ ਅਤੇ ਸਿੱਖਿਆ ਵਿਰੋਧੀ: ਡੀ.ਟੀ.ਐਫ.

## ਆਰਜ਼ੀ ਪ੍ਰਬੰਧਾਂ ਦੀ ਆੜ ਹੇਠ ਮਿਡਲ ਸਕੂਲਾਂ ਵਿੱਚੋਂ ਅਧਿਆਪਕਾਂ ਨੂੰ ਕੱਢਣ ਦੀ ਡੀ ਟੀ ਐੱਫ ਵੱਲੋਂ ਨਿਖੇਧੀ



ਦਲਜੀਤ ਕੌਰ ਚੰਡੀਗੜ੍ਹ, 13 ਅਪ੍ਰੈਲ, 2026: ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਵੱਲੋਂ ਹਾਲ ਹੀ ਵਿੱਚ ਜਾਰੀ ਕੀਤੇ ਗਏ ਉਸ ਪੱਤਰ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ ਹੈ, ਜਿਸ ਰਾਹੀਂ ਘੱਟ ਵਿਦਿਆਰਥੀਆਂ ਵਾਲੇ ਮਿਡਲ ਸਕੂਲਾਂ ਵਿੱਚੋਂ ਅਧਿਆਪਕਾਂ ਨੂੰ ਆਰਜ਼ੀ ਪ੍ਰਬੰਧ ਦੇ ਨਾਂ ਹੇਠ ਵੱਧ ਗਿਣਤੀ ਵਾਲੇ ਸਕੂਲਾਂ ਵਿੱਚ ਪੱਕੇ ਤੌਰ 'ਤੇ ਭੇਜਣ ਦੇ ਪ੍ਰਬੰਧ ਕੀਤੇ ਗਏ ਹਨ। ਇਸ ਪੱਤਰ ਅਨੁਸਾਰ ਕਲਾਸਾਂ ਦੀ ਗਿਣਤੀ ਨੂੰ ਅਣਗੌਲਿਆਂ ਕਰਦਿਆਂ 1 ਤੋਂ 30 ਤੱਕ ਵਿਦਿਆਰਥੀਆਂ ਦੀ ਗਿਣਤੀ ਵਾਲੇ ਸਕੂਲਾਂ ਵਿੱਚ ਸਿਰਫ਼ 2 ਅਧਿਆਪਕ ਛੱਡੇ ਜਾਣ, 60 ਤੱਕ ਦੀ ਗਿਣਤੀ ਵਾਲੇ ਸਕੂਲਾਂ ਵਿੱਚ 3 ਅਧਿਆਪਕ ਅਤੇ 90 ਤੱਕ ਦੀ ਗਿਣਤੀ ਵਾਲੇ ਸਕੂਲਾਂ ਵਿੱਚ ਸਿਰਫ਼ 4 ਅਧਿਆਪਕ ਛੱਡੇ ਜਾਣ ਅਤੇ ਬਾਕੀਆਂ ਨੂੰ ਇੱਥੋਂ ਆਰਜ਼ੀ ਪ੍ਰਬੰਧ ਦੇ ਨਾਂ ਹੇਠ ਹੋਰ ਸਕੂਲਾਂ ਵਿੱਚ ਭੇਜਣ ਦਾ ਪ੍ਰਬੰਧ ਕੀਤਾ ਗਿਆ ਹੈ।

ਡੈਮੋਕ੍ਰੈਟਿਕ ਟੀਚਰਜ਼ ਫ਼ਰੰਟ (DTF) ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ, ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ ਵਿੱਤ ਸਕੱਤਰ ਅਸ਼ਵਨੀ ਅਵਸਥੀ ਅਤੇ ਮੀਤ ਪ੍ਰਧਾਨ ਰਘਵੀਰ ਸਿੰਘ ਭਵਾਨੀਗੜ੍ਹ ਨੇ ਇਸ ਫੈਸਲੇ ਨੂੰ ਸਰਕਾਰੀ ਸਕੂਲਾਂ ਨੂੰ ਬੰਦ ਕਰਨ ਵੱਲ ਵਧਾਇਆ ਗਿਆ ਇੱਕ ਹੋਰ ਕਦਮ ਕਰਾਰ ਦਿੰਦਿਆਂ ਵਾਪਸ ਲੈਣ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਪਹਿਲਾਂ ਹੀ ਸਾਲ 2021 ਵਿੱਚ ਮਿਡਲ ਸਕੂਲਾਂ ਵਿੱਚੋਂ ਸਰੀਰਕ ਸਿੱਖਿਆ (ਪੀ ਟੀ ਆਈ), ਆਰਟ ਐਂਡ ਕਰਾਫਟ ਅਤੇ ਹੋਰ ਅਧਿਆਪਕ ਬਾਹਰ ਕੀਤੇ ਜਾ ਚੁੱਕੇ ਹਨ ਅਤੇ ਹੁਣ ਇਸ ਫੈਸਲੇ ਨਾਲ ਇੰਨ੍ਹਾਂ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਲਈ ਵਿਸ਼ਾ-ਮਾਹਰ ਅਧਿਆਪਕਾਂ ਦੀ ਹੋਰ ਵੱਡੇ ਪੱਧਰ 'ਤੇ ਘਾਟ ਪੈਦਾ ਹੋਵੇਗੀ, ਜਿਸ ਦਾ ਵਿਦਿਆਰਥੀਆਂ ਦੀ ਪੜ੍ਹਾਈ 'ਤੇ ਮਾਰੂ ਪ੍ਰਭਾਵ ਪਵੇਗਾ ਅਤੇ "ਸਿੱਖਿਆ ਦੇ ਅਧਿਕਾਰ 2009" (RTE Act-2009) ਦੀ ਸ਼ਰੇਆਮ ਉਲੰਘਣਾ ਹੋਵੇਗੀ।

ਡੀ ਟੀ ਐੱਫ ਦੇ ਮੀਤ ਪ੍ਰਧਾਨਾਂ ਰਾਜੀਵ ਬਰਨਾਲਾ, ਜਗਪਾਲ ਬੰਗੀ, ਗੁਰਪਿਆਰ ਕੋਟਲੀ, ਬੇਅੰਤ ਫੂਲੇਵਾਲਾ, ਹਰਜਿੰਦਰ ਵਡਾਲਾ ਬਾਂਗਰ ਅਤੇ ਰਘਵੀਰ ਸਿੰਘ ਭਵਾਨੀਗੜ੍ਹ, ਸੰਯੁਕਤ ਸਕੱਤਰਾਂ ਮੁਕੇਸ਼ ਕੁਮਾਰ, ਕੁਲਵਿੰਦਰ ਜੋਸ਼ਨ ਅਤੇ ਜਸਵਿੰਦਰ ਔਜਲਾ, ਪ੍ਰੈੱਸ ਸਕੱਤਰ ਪਵਨ ਕੁਮਾਰ, ਸਹਾਇਕ ਵਿੱਤ ਸਕੱਤਰ ਤਜਿੰਦਰ ਸਿੰਘ ਅਤੇ ਪ੍ਰਚਾਰ ਸਕੱਤਰ ਸੁਖਦੇਵ ਡਾਨਸੀਵਾਲ ਨੇ ਕਿਹਾ ਕਿ ਪੰਜਾਬ ਦੇ ਸਕੂਲਾਂ ਅੰਦਰ ਲਗਾਤਾਰ ਅਧਿਆਪਕਾਂ ਦੀ ਘਾਟ ਕਾਰਨ ਅਤੇ ਅਧਿਆਪਕਾਂ ਦੀ ਗੈਰ ਵਿੱਦਿਅਕ ਕੰਮਾਂ ਵਿੱਚ ਬਹੁਤ ਜ਼ਿਆਦਾ ਸ਼ਮੂਲੀਅਤ ਕਾਰਣ ਨਵੇਂ ਦਾਖ਼ਲੇ ਘਟੇ ਹਨ, ਜਿਸਦਾ ਇੰਕਸਾਫ 17 ਜ਼ਿਲ੍ਹਿਆਂ ਦੇ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਗਿਣਤੀ ਘਟਣ ਵਾਲੀ ਰਿਪੋਰਟ ਵੀ ਕਰਦੀ ਹੈ। ਵਿਦਿਆਰਥੀਆਂ ਦੀ ਗਿਣਤੀ ਘਟਣ ਪਿੱਛੇ ਸਿੱਖਿਆ ਨੀਤੀ 2020 ਨੂੰ ਅਸਿੱਧੇ ਰੂਪ ਵਿੱਚ ਲਾਗੂ ਕਰਦਿਆਂ ਐੱਸ ਓ ਈ ਅਤੇ ਪੀ ਐੱਮ ਸ਼੍ਰੀ ਸਕੂਲਾਂ ਨੂੰ ਵੱਧ ਸਹੂਲਤਾਂ ਅਤੇ ਪੂਰੇ ਅਧਿਆਪਕ ਅਤੇ ਪੇਂਡੂ ਅਤੇ ਪੱਛੜੇ ਇਲਾਕਿਆਂ ਦੇ ਸਕੂਲਾਂ ਨੂੰ ਅਣਦੇਖਿਆ ਅਤੇ ਅਧਿਆਪਕਾਂ ਤੋਂ ਵਾਂਝਿਆਂ ਕਰਨਾ ਵੀ ਹੈ। ਕੰਪਲੈਕਸ ਸਕੂਲ ਸੰਕਲਪ ਅਧੀਨ ਐੱਸ ਓ ਈ ਅਤੇ ਪੀ ਐੱਮ ਸ਼੍ਰੀ ਸਕੂਲਾਂ ਨੂੰ ਕਾਮਯਾਬ ਕਰਨ ਲਈ ਪੱਛੜੇ ਇਲਾਕਿਆਂ ਦੇ ਸਕੂਲਾਂ ਦੀ ਬਲੀ ਚੜ੍ਹਾਉਂਦਿਆਂ ਇੰਨ੍ਹਾਂ ਨੂੰ ਹੌਲੀ-ਹੌਲੀ ਬੰਦ ਕਰਨ ਜਾਂ ਇਨ੍ਹਾਂ ਨੂੰ ਦੂਜੇ ਸਕੂਲਾਂ ਵਿੱਚ ਮਰਜ਼ (Merge) ਕਰਨ ਦੀ ਤਿਆਰੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਕੂਲਾਂ ਦੇ ਵਿੱਦਿਅਕ ਪ੍ਰਬੰਧ ਨੂੰ ਸਿਰਫ਼ ਵਿਦਿਆਰਥੀਆਂ ਦੀ ਗਿਣਤੀ-ਮਿਣਤੀ ਨਾਲ ਜੋੜ ਕੇ ਅਧਿਆਪਕ ਦੇਣਾ ਇੱਕ ਗੈਰ-ਵਿਗਿਆਨਕ ਅਤੇ ਪਿਛਾਖੜੀ ਸੋਚ ਦਾ ਪ੍ਰਗਟਾਵਾ ਹੈ। ਸਰਕਾਰ ਦਾ ਅਧਿਆਪਕਾਂ ਨੂੰ 'ਵੱਧ ਗਿਣਤੀ' ਵਾਲੇ ਸਕੂਲਾਂ ਵਿੱਚ ਭੇਜਣ ਦਾ ਇਹ ਤਰਕ ਅਸਲ ਵਿੱਚ ਆਪਣੀਆਂ ਨਾਕਾਮੀਆਂ ਨੂੰ ਛੁਪਾਉਣ ਅਤੇ ਨਵੀਂ ਭਰਤੀ ਤੋਂ ਭੱਜਣ ਦਾ ਇੱਕ ਬਹਾਨਾ ਹੈ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਇਸ ਤਰਕਹੀਣ ਪੱਤਰ ਨੂੰ ਤੁਰੰਤ ਵਾਪਸ ਲਿਆ ਜਾਵੇ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਅਧਿਆਪਕਾਂ ਨੂੰ ਜਬਰੀ ਸ਼ਿਫਟ ਕਰਨ ਅਤੇ ਸਕੂਲਾਂ ਨੂੰ ਉਜਾੜਨ ਦੀ ਨੀਤੀ ਨਾ ਤਿਆਗੀ, ਤਾਂ ਆਉਣ ਵਾਲੇ ਦਿਨਾਂ ਵਿੱਚ ਪਿੰਡਾਂ ਦੀਆਂ ਪੰਚਾਇਤਾਂ ਅਤੇ ਮਾਪਿਆਂ ਨੂੰ ਨਾਲ ਲੈ ਕੇ ਸੜਕਾਂ 'ਤੇ ਉੱਤਰ ਕੇ ਤਿੱਖਾ ਸੰਘਰਸ਼ ਵਿੱਢਿਆ

# ਪੰਜਾਬ ਦੀ ਮਾਨ ਸਰਕਾਰ ਹਰ ਪਾਸੇ ਫੇਲ ਹੋ ਰਹੀ ਹੈ ਹੁਣ ਮੰਡੀਆਂ ਵਿਚ ਸਫਾਈ ਅਤੇ ਖਰੀਦ ਪ੍ਰਬੰਧਾਂ ਦੇ ਮਾੜੇ ਹਾਲ-ਅਰਵਿੰਦ ਖੰਨਾ ਹਲਕਾ ਇੰਚਾਰਜਸ਼ਰੋਮਣੀ ਅਕਾਲੀ ਦਲ



ਵਾਨੀਗੜ੍ਹ 13 ਅਪ੍ਰੈਲ ( ਮਨਦੀਪ ਕੌਰ ਮਾਝੀ) ਅੱਜ ਸ਼ਰੋਮਣੀ ਅਕਾਲੀ ਦਲ ਦੇ ਹਲਕਾ ਸੰਗਰੂਰ ਦੇ ਇੰਚਾਰਜ ਅਰਵਿੰਦ ਖੰਨਾ ਅੱਜ ਭਵਾਨੀਗੜ੍ਹ ਅਨਾਜ ਮੰਡੀ ਵਿਚ ਅਨਾਜ ਮੰਡੀ ਦਾ ਦੌਰਾ ਅਤੇ ਕਿਸਾਨਾਂ ਨਾਲ ਗੱਲਬਾਤ ਕਰਨ ਲਈ ਉਚੇਚੇ ਤੌਰਤੇ ਪਹੁੰਚੇ ਸ਼੍ਰੀ ਅਰਵਿੰਦ ਖੰਨਾ ਨੇ ਕਿਹਾ ਸਰਕਾਰ ਦੇ ਦਾਅਵਿਆਂ ਦੀ ਪੋਲ ਸ਼ਰੇਆਮ ਖੁੱਲ ਰਹੀ ਹੈ। ਮੰਡੀਆਂ ਵਿਚ ਸਫਾਈ ਪ੍ਰਬੰਧਾਂ ਦਾ ਮਾੜਾ ਹੈ। ਬਾਰਦਾਨੇ ਦੀ ਕਿੱਲਤ ਕਾਰਨ ਕਣਕ ਦੀ ਖਰੀਦ ਨਹੀਂ ਹੋ ਰਹੀ। ਸ਼੍ਰੀ ਖੰਨਾ ਨੇ ਦੱਸਿਆ ਕਿ ਕਿਸਾਨ 3-3 ਦਿਨਾਂ ਤੋਂ ਮੰਡੀਆਂ ਵਿਚ ਬੈਠੇ ਹਨ, ਜਦਕਿ ਦੂਜੇ ਪਾਸੇ ਸਰਕਾਰ ਕਹਿ ਰਹੀ ਹੈ ਕਿ ਕਿਸਾਨਾਂ ਨੂੰ 24 ਘੰਟਿਆਂ ਦੇ ਅੰਦਰ ਕਣਕ ਤੋਲ ਕੇ ਘਰ ਭੇਜਿਆ ਜਾ ਰਿਹਾ ਹੈ। ਉਹਨਾਂ ਸਰਕਾਰ ਨੂੰ ਆਪਣੇ ਵੱਲੋਂ ਅਪੀਲ ਕੀਤੀ ਕਿ ਕਿਸਾਨਾਂ ਨੂੰ ਮੰਡੀਆਂ ਵਿਚ ਪ੍ਰੇਸ਼ਾਨ ਨਾ ਕੀਤਾ ਜਾਵੇ ਉਹਨਾਂ ਨੂੰ ਜਲਦੀ ਵਿਹਲੇ ਕਰਕੇ ਘਰ ਭੇਜਿਆ ਜਾਵੇ। ਉਹਨਾਂ ਕਿਹਾ ਕਿ ਇਕ ਪਾਸੇ ਮੰਡੀਆਂ ਵਿਚ ਅੱਜ ਵੀ ਅਵਾਰਾ ਪਸ਼ੂ ਘੁੰਮ ਰਹੇ ਹਨ ਉਧਰ ਦੂਜੇ ਪਾਸੇ ਆਪ ਦੇ ਨੁਮਾਇੰਦੇ ਸ਼ੋਸ਼ਲ ਮੀਡੀਆ ਤੇ ਝੂਠੀਆਂ ਪੋਸਟਾਂ ਸ਼ੇਅਰ ਕਰ ਰਹੇ ਹਨ। ਹਕੀਕਤ ਕੁਝ ਹੋਰ ਹੈ ਅਤੇ ਲੋਕਾਂ ਨੂੰ ਦਿਖਾਇਆ ਕੁਝ ਹੋਰ ਜਾ ਰਿਹਾ ਹੈ। ਉਹਨਾਂ ਕਿਹਾ ਕਿ ਕਈ ਪਿੰਡਾਂ ਵਿਚ ਮੰਡੀਆਂ ਦੀ ਸਫਾਈ ਨਹੀਂ ਕੀਤੀ ਗਈ, ਜਿਹੜੀਆਂ ਮੰਡੀਆਂ ਦੀ ਸਫਾਈ ਹੋਈ ਹੈ ਉਹ ਮੰਡੀਆਂ ਜਿਹੜੀਆਂ ਮੁੱਖ ਮਾਰਗਾਂ ਤੇ ਹਨ ਉਹਨਾਂ ਦੀ ਹੀ ਸਫਾਈ ਕੀਤੀ ਗਈ ਹੈ। ਖੁਦਕੁਸ਼ੀ ਕਰ ਗਏ ਡੀ ਐਮ ਦੇ ਪਰਿਵਾਰ ਨੂੰ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ ਜਿਸਦੀ ਅਰਵਿੰਦ ਖੰਨਾ ਨੇ ਜੋਰਦਾਰ ਸ਼ਬਦਾਂ ਵਿਚ ਨਿਖੇਧੀ ਕੀਤੀ। ਉਹਨਾਂ ਦਾਅਵਾ ਕੀਤਾ ਕਿ ਜਲਦੀ ਹੀ ਅਕਾਲੀ ਦਲ ਦੀ ਸਰਕਾਰ ਬਣੇਗੀ ਅਤੇ ਲੋਕਾਂ ਨੂੰ ਇਨਸਾਫ ਮਿਲੇਗਾ। 4 ਦਿਨਾਂ ਤੋਂ ਮੰਡੀ ਵਿਚ ਬੈਠੇ ਕਿਸਾਨ ਬਲਵੰਤ ਸਿੰਘ ਭੱਟੀਵਾਲ ਕਲਾਂ ਨੇ ਦੱਸਿਆ ਕਿ ਕੋਈ ਵੀ ਵਿਅਕਤੀ ਉਸਦੀ ਢੇਰੀ ਚੈੱਕ ਕਰਨ ਲਈ ਨਹੀਂ ਆਇਆ ਅਤੇ ਨਾ ਹੀ ਕਿਸੇ ਨੇ ਉਸ ਨਾਲ ਸੰਪਰਕ ਕੀਤਾ ਹੈ। ਇਸ ਮੌਕੇ ਕਪਲ ਗਰਗ, ਧਰਮਿੰਦਰ ਸਿੰਘ ਟਿੰਕੂ ਦੁੱਲਟ ਅਤੇ ਹੋਰ ਵਰਕਰ ਹਾਜ਼ਰ ਸਨ

# ਪਿੰਡ ਖੱਦਰ ਵਿੱਚ ਨਕਸਲੀ ਸ਼ਹੀਦ ਸੁਖਰਾਜ ਸਿੰਘ ਖੱਦਰ ਦਾ 40ਵਾਂ ਸ਼ਹੀਦੀ ਦਿਵਸ ਮਨਾਇਆ

ਬਟਾਲਾ 13 ਅਪ੍ਰੈਲ (ਬਲਦੇਵ ਸਿੰਘ ਖਾਲਸਾ,, ਸੁਨੀਲ ਬਟਾਲਵੀ) ਪੀਆਈ(ਐਮਐਲ) ਲਿਬਰੇਸ਼ਨ ਵੱਲੋਂ ਅੱਜ ਪਿੰਡ ਖੱਦਰ ਵਿੱਚ ਨਕਸਲੀ ਸ਼ਹੀਦ ਸੁਖਰਾਜ ਸਿੰਘ ਖੱਦਰ ਦਾ 40ਵਾਂ ਸ਼ਹੀਦੀ ਦਿਵਸ ਸ਼ਰਧਾ ਅਤੇ ਸਨਮਾਨ ਨਾਲ ਮਨਾਇਆ ਗਿਆ। ਸਮਾਗਮ ਦੀ ਸ਼ੁਰੂਆਤ ਦੋ ਮਿੰਟ ਦਾ ਮੌਨ ਧਾਰ ਕੇ ਸ਼ਹੀਦ ਨੂੰ ਸ਼ਰਧਾਂਜਲੀ ਦੇਣ ਨਾਲ ਹੋਈ। ਇਸ ਉਪਰੰਤ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਆਗੂ ਡਾ. ਅਸ਼ੋਕ ਭਾਰਤੀ ਵੱਲੋਂ ਸ਼ਹੀਦੀ ਲਾਟ 'ਤੇ ਝੰਡਾ ਚੜ੍ਹਾਉਣ ਦੀ ਰਸਮ ਅਦਾ ਕੀਤੀ ਗਈ।ਸਮਾਗਮ ਨੂੰ ਸੰਬੋਧਨ ਕਰਦੇ ਹੋਏ ਪੰਜਾਬ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਹਰਵਿੰਦਰ ਸਿੰਘ ਮੱਲੀ, ਸਕੱਤਰ ਅਸ਼ਵਨੀ ਕੁਮਾਰ ਲਖਣ ਕਲਾਂ, ਮਜ਼ਦੂਰ ਆਗੂ ਗੁਲਜ਼ਾਰ ਸਿੰਘ ਭੁਬਲੀ ਅਤੇ ਲਿਬਰੇਸ਼ਨ ਦੇ ਸੂਬਾ ਸਕੱਤਰ ਗੁਰਮੀਤ ਸਿੰਘ ਬਖ਼ਤਪੁਰਾ ਨੇ ਕਿਹਾ ਕਿ ਸੁਖਰਾਜ ਸਿੰਘ ਖੱਦਰ ਨੇ ਆਪਣੀ ਪੂਰੀ ਜ਼ਿੰਦਗੀ ਕਮਿਊਨਿਸਟ ਲਹਿਰ ਨੂੰ ਸਮਰਪਿਤ ਕੀਤੀ। ਉਹਨਾਂ ਨੂੰ 12 ਅਪ੍ਰੈਲ 1984 ਨੂੰ ਅੱਤਵਾਦੀਆਂ ਵੱਲੋਂ ਘਰ ਵਿੱਚ ਹੀ ਸ਼ਹੀਦ ਕਰ ਦਿੱਤਾ ਗਿਆ ਸੀ।ਆਗੂਆਂ ਨੇ ਕਿਹਾ ਕਿ ਸੁਖਰਾਜ ਖੱਦਰ ਫਿਰਕਾਪ੍ਰਸਤੀ ਦੇ ਵਿਰੋਧੀ ਸਨ ਅਤੇ ਹਿੰਦੂ-ਸਿੱਖ ਏਕਤਾ ਅਤੇ ਦੁਨੀਆ ਭਰ ਦੇ ਮਜ਼ਦੂਰਾਂ ਦੀ ਏਕਤਾ ਦਾ ਸੰਦੇਸ਼ ਦੇਂਦੇ ਰਹੇ, ਜਿਸ ਕਾਰਨ ਉਨ੍ਹਾਂ ਨੂੰ ਨਿਸ਼ਾਨਾ ਬਣਾਇਆ ਗਿਆ।ਅੰਤਰਰਾਸ਼ਟਰੀ ਮਸਲਿਆਂ 'ਤੇ ਗੱਲ ਕਰਦਿਆਂ ਆਗੂਆਂ ਨੇ ਅਮਰੀਕਾ-ਇਜ਼ਰਾਇਲ ਅਤੇ ਇਰਾਨ ਵਿਚਾਲੇ ਤਣਾਅ ਦਾ ਜ਼ਿਕਰ ਕਰਦੇ ਹੋਏ ਕਿਹਾ ਕਿ ਸਾਮਰਾਜੀ ਤਾਕਤਾਂ ਆਪਣੇ ਮਨਸੂਬਿਆਂ ਵਿੱਚ ਕਾਮਯਾਬ ਨਹੀਂ ਹੋਈਆਂ ਅਤੇ ਹਾਲਾਤ ਉਲਟ ਰੁਖ ਅਖ਼ਤਿਆਰ ਕਰ ਚੁੱਕੇ ਹਨ।ਪੰਜਾਬ ਦੀ ਮੌਜੂਦਾ ਸਥਿਤੀ 'ਤੇ ਚਿੰਤਾ ਜ਼ਾਹਰ ਕਰਦਿਆਂ ਉਨ੍ਹਾਂ ਕਿਹਾ ਕਿ ਸੂਬੇ ਵਿੱਚ ਕਾਨੂੰਨ-ਵਿਵਸਥਾ ਦੀ ਹਾਲਤ ਕਾਫ਼ੀ ਨਾਜ਼ੁਕ ਹੋ ਚੁੱਕੀ ਹੈ। ਪਿੰਡਾਂ ਅਤੇ ਸ਼ਹਿਰਾਂ ਵਿੱਚ ਗੈਂਗਸਟਰਾਂ ਅਤੇ ਨਸ਼ਾ ਤਸਕਰਾਂ ਦਾ ਦਬਦਬਾ ਵਧ ਰਿਹਾ ਹੈ, ਜਦਕਿ ਸਰਕਾਰੀ ਤੰਤਰ ਅਤੇ ਪੁਲਿਸ 'ਤੇ ਭ੍ਰਿਸ਼ਟਾਚਾਰ ਦੇ ਦੋਸ਼ ਲਗਾਏ ਗਏ।ਇਸ ਮੌਕੇ ਪ੍ਰੇਮ ਮਸੀਹ ਸੋਨਾ, ਰਾਜੂ ਬਟਾਲਾ, ਗੁਰਿੰਦਰ ਖੱਦਰ, ਦਰਸ਼ਨ ਖਰੋਟਾ, ਨਿਸ਼ਾਨ ਸਿੰਘ ਕਲਾਨੌਰ, ਕੁਲਵੰਤ ਸਿੰਘ ਰਾਮਦਵਾਲੀ, ਸੁਖਜਿੰਦਰ ਸਿੰਘ ਅਲਾਵਲਪੁਰ, ਸੁਰਜੀਤ

# ਗੁਰਦੁਆਰਾ ਰਕਾਬਗੰਜ ਸਾਹਿਬ ਵਿਚ ਲੱਗੇ ਵਿਸ਼ੇਸ਼ ਗੁਰਮਤਿ ਕੈਂਪ ’ਚ ਹਜ਼ਾਰਾਂ ਸੰਗਤਾਂ ਅੰਮ੍ਰਿਤ ਛੱਕ ਕੇ ਬਣੀਆਂ ਗੁਰੂ ਵਾਲੀਆਂ

ਨਵੀਂ ਦਿੱਲੀ, 13 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਸੰਗਤਾਂ ਨੂੰ ਖੰਡੇ ਬਾਟੇ ਦੀ ਪਾਹੁਲ ਛਕਾ ਕੇ ਗੁਰੂ ਵਾਲੇ ਬਣਾਉਣ ਦੀ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਮੁਹਿੰਮ ਨੂੰ ਉਸ ਵੇਲੇ ਵੱਡਾ ਹੁਲਾਰਾ ਮਿਲਿਆ ਜਦੋਂ ਗੁਰਦੁਆਰਾ ਰਕਾਬਗੰਜ ਦੇ ਮੁੱਖ ਦੀਵਾਨ ਹਾਲ ਵਿਚ ਲੱਗੇ ਵਿਸ਼ੇਸ਼ ਗੁਰਮਤਿ ਕੈਂਪ ਵਿਚ ਹਜ਼ਾਰਾਂ ਸੰਗਤਾਂ ਅੰਮ੍ਰਿਤ ਛੱਕ ਕੇ ਗੁਰੂ ਵਾਲੀਆਂ ਬਣ ਗਈਆਂ। ਇਸ ਬਾਰੇ ਜਾਣਕਾਰੀ ਦਿੰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਦਿੱਲੀ ਗੁਰਦੁਆਰਾ ਕਮੇਟੀ ਨੇ ਪਿਛਲੇ ਲੰਬੇ ਸਮੇਂ ਤੋਂ ਇਹ ਮੁਹਿੰਮ ਚਲਾਈ ਸੀ ਕਿ ਖਾਲਸਾ ਸਾਜਨਾ ਦਿਵਸ ਤੇ ਵਿਸਾਖੀ ਦੇ ਮੌਕੇ ’ਤੇ ਗੁਰਦੁਆਰਾ ਰਕਾਬਗੰਜ ਸਾਹਿਬ ਕੰਪਲੈਕਸ ਵਿਚ 13 ਅਤੇ 14 ਅਪ੍ਰੈਲ ਦੋ ਦਿਨ ਸੰਗਤਾਂ ਨੂੰ ਅੰਮ੍ਰਿਤ ਛਕਾ ਕੇ ਗੁਰੂ ਵਾਲੀਆਂ ਬਣਾਉਣ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ। ਉਹਨਾਂ ਕਿਹਾ ਕਿ ਉਹਨਾਂ ਨੂੰ ਇਹ ਦੱਸਦਿਆਂ ਖੁਸ਼ੀ ਹੋ ਰਹੀ ਹੈ ਕਿ ਅੱਜ ਵੱਡੀ ਗਿਣਤੀ ਵਿਚ



ਸੰਗਤਾਂ ਨੇ ਖੰਡੇ ਬਾਟੇ ਦੀ ਪਾਹੁਲ ਛਡ ਕੇ ਖਾਲਸਾ ਸਰੂਪ ਹਾਸਲ ਕੀਤਾ ਹੈ ਜਿਹਨਾਂ ਵਿਚ ਵੱਡੀ ਗਿਣਤੀ ਵਿਚ ਪੁਰਸ਼, ਔਰਤਾਂ ਤੇ ਬੱਚੇ ਸ਼ਾਮਲ ਹਨ। ਉਹਨਾਂ ਦੱਸਿਆ ਕਿ ਭਲਕੇ 14 ਅਪ੍ਰੈਲ ਨੂੰ ਖਾਲਸਾ ਸਾਜਨਾ ਦਿਵਸ ਤੇ ਵਿਸਾਖੀ ਦੇ ਮੌਕੇ ’ਤੇ ਇਹ ਕੈਂਪ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਚ ਲਗਾਇਆ ਜਾ ਰਿਹਾ ਹੈ ਤੇ ਆਸ ਹੈ ਕਿ ਅੱਜ ਵਾਂਗੂ ਹੀ ਵੱਡੀ ਗਿਣਤੀ ਵਿਚ ਸੰਗਤਾਂ ਖੰਡੇ ਬਾਟੇ ਦੀ ਪਾਹੁਲ ਛੱਕ ਕੇ ਖਾਲਸਈ ਰੂਪ ਧਾਰਨ ਕਰਨਗੀਆਂ। ਉਹਨਾਂ ਕਿਹਾ ਕਿ 1699 ਦੀ ਵਿਸਾਖੀ ਨੇ ਸਾਹਿਬ ਏ ਕਮਾਲ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੇ ਅੰਮ੍ਰਿਤ ਛਕਾ ਕੇ ਖਾਲਸਾ ਪੰਥ ਦੀ ਸਾਜਨਾ ਕੀਤੀ ਸੀ ਤੇ ਉਸ ਮਗਰੋਂ ਖਾਲਸਾ ਪੰਥ ਨੇ ਸਮੁੱਚੀ ਦੁਨੀਆਂ ਵਿਚ ਆਪਣੀ ਨਿਆਰੀ ਹੀ ਪਛਾਣ ਬਣਾਈ ਹੈ। ਉਹਨਾਂ ਕਿਹਾ ਕਿ ਪੰਜ ਕੱਕਾਰ ਧਾਰਨ ਕਰ ਕੇ ਮਨੁੱਖਤਾ ਦੀ ਸੇਵਾ ਕਰਨ ਵਾਲੀ ਇਹ ਦੁਨੀਆਂ ਦੀ ਪਹਿਲੀ ਕੌਮ ਹੈ ਜੋ ਸੰਕਟ ਵੇਲੇ ਹਰ ਮਨੁੱਖ ਦੀ ਮਦਦ ਵਾਸਤੇ ਬਹੁੜਦੀ ਹੈ ਤੇ ਇਹ ਨਹੀਂ ਵੇਖਦੀ ਕਿ ਵਿਅਕਤੀ ਕਿਹੜੇ ਧਰਮ ਤੇ ਕਿਹੜੀ ਜਾਤੀ ਦਾ ਹੈ ਕਿਉਂਕਿ ਗੁਰੂ ਸਾਹਿਬ ਨੇ ਸਾਨੂੰ ਧਰਮ ਤੇ ਜਾਤ-ਪਾਤ ਤੋਂ ਉਪਰ ਉਠ ਕੇ ਮਨੁੱਖਤਾ ਦੀ ਸੇਵਾ ਕਰਨ ਦਾ ਹੁਕਮ ਦਿੱਤਾ ਹੈ।ਉਹਨਾਂ ਨੇ ਸੰਗਤਾਂ ਨੂੰ ਮੁੜ ਅਪੀਲ ਕੀਤੀ ਕਿ ਉਹ ਭਲਕੇ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਚ ਲੱਗਣ ਵਾਲੇ ਕੈਂਪ ਵਿਚ ਵੱਧ ਤੋਂ ਵੱਧ ਗਿਣਤੀ ਵਿਚ ਅੰਮ੍ਰਿਤ ਛੱਕ ਕੇ ਗੁਰੂ ਵਾਲੀਆਂ ਬਣਨ ਤੇ ਖਾਸ ਤੌਰ ’ਤੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਗੁਰੂ ਸਾਹਿਬ ਦੇ ਲੜ ਲਗਾਉਣ। ਇਸ ਮੌਕੇ ਕਮੇਟੀ ਦੇ ਅਹੁਦੇਦਾਰ, ਮੈਂਬਰ ਤੇ ਹੋਰ ਸੰਗਤਾਂ ਵੱਡੀ ਗਿਣਤੀ ਵਿਚ ਹਾਜ਼ਰ ਸਨ।


## ਸ਼ਹੀਦ ਪਰਿਵਾਰਾਂ ਦੇ ਲਈ ਅੱਗੇ ਆਓ

(1) 1 ਅਪ੍ਰੈਲ 2025 ਤੋਂ ਫੋਟੋ 3100 ਰੁ. ਜਾਂ ਵੱਧ ਦੇਣ ਵਾਲੀ ਦੀ ਛਾਪੀ ਜਾਵੇਗੀ।
(2) ਨਗਦ ਅਤੇ ਡਰਾਫਟ ਦਫਤਰ ’ਚ 11 AM ਤੋਂ 8 PM ਤੱਕ ਦਿਉ।
(3) NEFT ਲਈ ਸਟੇਟ ਬੈਂਕ ਆਫ ਇੰਡੀਆ, ਤ੍ਰਿਪੜੀ ਪਟਿਆਲਾ, A/C No. 38112618259, IFSC Code : SBIN0011586.
(4) ਦਾਨੀ ਸੱਜਣ ਰਕਮ ਟ੍ਰਾਂਸਫਰ ਕਰਕੇ 98762-97268 ਜਾਂ 98557-32101 ’ਤੇ ਵ੍ਹਟਸਐਪ ਕਰਨ ਅਤੇ ਆਪਣਾ ਆਧਾਰ ਨੰਬਰ ਜਾਂ ਪੈਨ ਨੰਬਰ ਨਾਲ ਜਰੂਰ ਭੇਜਣ।

ਸ਼ਹੀਦ ਪਰਿਵਾਰਾਂ ਦੇ ਫੰਡ ਲਈ ਸਹਾਇਤਾ ਇੱਥੇ ਭੇਜੋ:
SHRI HARKRISHAN CHARITABLE SOCIETY
SCO No. 976, Street No. 7, Opp. SBI Bank, Tripuri, Patiala - 14701